PAIGAM-E-JAGAT

PAIGAM-E-JAGAT

# ਪੈਗਾਮ-ਏ-ਜਗਤ

ਕੱਲ੍ਹ ਕਦੇ ਨਹੀਂ ਆਉਂਦਾ। ਜਦੋਂ ਵੀ ਆਉਂਦਾ ਹੈ, ਅੱਜ ਹੀ ਆਉਂਦਾ ਹੈ। ਕੱਲ੍ਹ ਵੀ ਅੱਜ ਹੀ ਆਵੇਗਾ।
— Davinder Kumar

RNI No. : CHAMUL00914 | E-mail : info@paigamejagat.com | ਸ਼ੁੱਕਰਵਾਰ, 11 ਸਤੰਬਰ 2026 | ਸਾਲ-3 | ਅੰਕ-131 | Chandigarh | Davinder Kumar | 9878862733, 9872340701

## ਆਈਆਰਸੀਟੀਸੀ ਮਨੀ ਲਾਂਡਰਿੰਗ ਮਾਮਲਾ ਲਾਲੂ ਅਤੇ ਤੇਜਸਵੀ ਸਮੇਤ 9 ਵਿਅਕਤੀਆਂ ਤੇ ਦੋਸ਼ ਆਇਦ

**(ਪੈਗਾਮ-ਏ-ਜਗਤ) :** ਪਟਨਾ:- ਆਈ.ਆਰ.ਸੀ.ਟੀ.ਸੀ. ਮਨੀ ਲਾਂਡਰਿੰਗ ਮਾਮਲੇ ਵਿੱਚ ਲਾਲੂ ਪਰਿਵਾਰ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਵੀਰਵਾਰ ਨੂੰ ਦਿੱਲੀ ਦੀ ਰਾਊਸ ਐਵੇਨਿਊ ਅਦਾਲਤ ਨੇ ਲਾਲੂ, ਤੇਜਸਵੀ ਅਤੇ ਰਾਬੜੀ ਸਮੇਤ ਨੌਂ ਵਿਅਕਤੀਆਂ 'ਤੇ ਦੋਸ਼ ਆਇਦ ਕੀਤੇ। ਅਦਾਲਤ ਨੇ ਸੱਤ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਇਨਫੋਰਸਮੈਂਟ ਡਾਇਰੈਕਟੋਰੇਟ ਨੇ ਇਸ ਮਾਮਲੇ ਵਿੱਚ 16 ਲੋਕਾਂ ਵਿਰੁੱਧ ਚਾਰਜਸ਼ੀਟ ਦਾਖਲ ਕੀਤੀ ਸੀ। ਅਗਲੀ ਸੁਣਵਾਈ 3 ਅਕਤੂਬਰ ਨੂੰ ਹੋਵੇਗੀ। ਅਦਾਲਤ ਨੇ ਨੋਟਿਸ ਲਿਆ ਕਿ ਰਾਬੜੀ ਦੇਵੀ ਅਤੇ ਤੇਜਸਵੀ ਯਾਦਵ ਵਿਰੁੱਧ ਅਪਰਾਧ ਰਾਹੀਂ ਕਮਾਈ ਕਰਨ ਅਤੇ ਆਪਣੇ ਅਧਿਕਾਰਤ ਅਹੁਦਿਆਂ ਦੀ ਦੁਰਵਰਤੋਂ ਕਰਨ ਦੇ ਸਬੰਧ ਵਿੱਚ ਗੰਭੀਰ ਸ਼ੱਕ ਹੈ। ਦੋਵੇਂ ਪਟਨਾ ਵਿੱਚ ਉਸ ਜ਼ਮੀਨ ਤੋਂ ਲਾਭ ਉਠਾ ਰਹੇ ਹਨ ਜੋ ਕਥਿਤ ਤੌਰ 'ਤੇ 2005 ਅਤੇ 2014 ਦੇ ਵਿਚਕਾਰ ਲਾਲੂ ਯਾਦਵ (ਜੋ ਉਸ ਸਮੇਂ ਰੇਲ ਮੰਤਰੀ ਸਨ) ਦੇ ਕਹਿਣ 'ਤੇ ਉਨ੍ਹਾਂ ਦੇ ਨਾਂ 'ਤੇ ਤਬਦੀਲ ਕੀਤੀ ਗਈ ਸੀ।

## ਚੀਨ ਦੇ ਬੰਦਰਗਾਹ ਤੇ ਮਾਲਵਾਹਕ ਜਹਾਜ਼ ਵਿੱਚ ਅੱਗ ਲੱਗਣ ਨਾਲ 20 ਲੋਕਾਂ ਦੀ ਮੌਤ

**(ਪੈਗਾਮ-ਏ-ਜਗਤ) :** ਬੀਜਿੰਗ:- ਪੂਰਬੀ ਚੀਨ ਦੇ ਸ਼ਾਂਦੋਂਗ ਸੂਬੇ 'ਚ ਸਥਿਤ ਕਿੰਗਦਾਓ ਬੇਹਾਈ ਸ਼ਿਪਯਾਰਡ 'ਚ ਰੱਖ-ਰਖਾਅ (ਮੈਂਟੇਨੈਂਸ) ਲਈ ਖੜ੍ਹੇ ਇੱਕ ਵਿਦੇਸ਼ੀ ਝੰਡੇ ਵਾਲੇ ਮਾਲਵਾਹਕ ਜਹਾਜ਼ 'ਚ ਭਿਆਨਕ ਅੱਗ ਲੱਗ ਗਈ। ਇਸ ਹਾਦਸੇ 'ਚ ਘੱਟੋ-ਘੱਟ 20 ਲੋਕਾਂ ਦੀ ਮੌਤ ਹੋਣ ਅਤੇ ਭਾਰੀ ਜਾਨੀ-ਮਾਲੀ ਨੁਕਸਾਨ ਦੀ ਖ਼ਬਰ ਹੈ। ਸਮਾਚਾਰ ਏਜੰਸੀ ਦੀ ਖ਼ਬਰ ਅਨੁਸਾਰ ਜਹਾਜ਼ 'ਤੇ ਕੁੱਲ 42 ਲੋਕ ਸਵਾਰ ਸਨ, ਜਿਨ੍ਹਾਂ ਵਿੱਚੋਂ 12 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ।

ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਅਤੇ ਪ੍ਰਧਾਨ ਮੰਤਰੀ ਲੀ ਕਿਯਾਂਗ ਨੇ ਲਾਪਤਾ ਲੋਕਾਂ ਲਈ ਤੁਰੰਤ ਖੋਜ ਅਤੇ ਬਚਾਅ ਮੁਹਿੰਮ ਚਲਾਉਣ, ਜ਼ਖ਼ਮੀਆਂ ਦੇ ਇਲਾਜ ਅਤੇ ਘਟਨਾ ਲਈ ਜ਼ਿੰਮੇਵਾਰ ਲੋਕਾਂ ਦੀ ਸਖ਼ਤੀ ਨਾਲ ਜਵਾਬਦੇਹੀ ਤੈਅ ਕਰਨ ਦੇ ਨਿਰਦੇਸ਼ ਜਾਰੀ ਕੀਤੇ ਹਨ।

ਪੂਰਬੀ ਚੀਨ ਦੇ ਸ਼ਾਂਦੋਂਗ ਸੂਬੇ ਦੇ ਕਿੰਗਦਾਓ 'ਚ 'ਬੇਹਾਈ ਸ਼ਿਪਬਿਲਡਿੰਗ ਕੰਪਨੀ ਲਿਮਟਿਡ' ਦੇ ਬੰਦਰਗਾਹ 'ਤੇ ਰੱਖ-ਰਖਾਅ ਲਈ ਖੜ੍ਹੇ ਇੱਕ ਵਿਦੇਸ਼ੀ ਮਾਲਵਾਹਕ (ਕਾਰਗੋ) ਜਹਾਜ਼ 'ਚ ਵੀਰਵਾਰ ਸਵੇਰੇ ਕਰੀਬ 11:15 ਵਜੇ ਅਚਾਨਕ ਭਿਆਨਕ ਅੱਗ ਲੱਗ ਗਈ।

ਚੀਨ ਦੀ ਸਰਕਾਰੀ ਸਮਾਚਾਰ ਏਜੰਸੀ ਸ਼ਿਨਹੂਆ ਮੁਤਾਬਕ, ਇਸ ਹਾਦਸੇ 'ਚ ਭਾਰੀ ਜਾਨੀ-ਮਾਲੀ ਨੁਕਸਾਨ ਹੋਇਆ ਹੈ। ਹਾਲਾਂਕਿ, ਫਿਲਹਾਲ ਹਤਾਹਤਾਂ ਦੀ ਸਹੀ ਗਿਣਤੀ ਜਾਂ ਅੱਗ ਲੱਗਣ ਦੇ ਕਾਰਨਾਂ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ। ਇਹ ਵੀ ਸਪੱਸ਼ਟ ਨਹੀਂ ਹੋ ਸਕਿਆ ਕਿ ਅੱਗ 'ਤੇ ਪੂਰੀ ਤਰ੍ਹਾਂ ਕਾਬੂ ਪਾਇਆ ਜਾ ਸਕਿਆ ਹੈ ਜਾਂ ਨਹੀਂ।

## ਜਿਨਪਿੰਗ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋ ਸਕਦੇ ਹਨ

**(ਪੈਗਾਮ-ਏ-ਜਗਤ) :** ਨਵੀਂ ਦਿੱਲੀ:- ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਭਾਰਤ ਦਾ ਦੌਰਾ ਕਰ ਸਕਦੇ ਹਨ। ਇਸ ਦੌਰੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਜਿਨਪਿੰਗ ਵਿਚਕਾਰ ਦੁਵੱਲੀ ਮੀਟਿੰਗ ਹੋਣ ਦੀ ਸੰਭਾਵਨਾ ਹੈ।

ਜੇਕਰ ਇਹ ਮੀਟਿੰਗ ਹੁੰਦੀ ਹੈ, ਤਾਂ ਇਹ ਜੂਨ 2020 ਦੀ ਗਲਵਾਨ ਹਿੰਸਾ ਤੋਂ ਬਾਅਦ ਭਾਰਤ ਵਿੱਚ ਦੋਵਾਂ ਨੇਤਾਵਾਂ ਵਿਚਕਾਰ ਪਹਿਲੀ ਦੁਵੱਲੀ ਗੱਲਬਾਤ ਹੋਵੇਗੀ। ਪੂਰਬੀ ਲੱਦਾਖ ਦੀ ਗਲਵਾਨ ਘਾਟੀ ਵਿੱਚ ਹੋਈ ਝੜਪ ਦੌਰਾਨ ਭਾਰਤ ਦੇ ਵੀਹ ਸੈਨਿਕ ਸ਼ਹੀਦ ਹੋ ਗਏ ਸਨ। ਬਾਅਦ ਵਿੱਚ ਚੀਨ ਨੇ ਆਪਣੇ ਚਾਰ ਸੈਨਿਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਸੀ।

ਹਾਲਾਂਕਿ, ਕਿਸੇ ਵੀ ਦੇਸ਼ ਨੇ ਅਜੇ ਤੱਕ ਜਿਨਪਿੰਗ ਦੇ ਭਾਰਤ ਦੌਰੇ ਦੀ ਪੁਸ਼ਟੀ ਨਹੀਂ ਕੀਤੀ ਹੈ। ਚੀਨੀ ਵਿਦੇਸ਼ ਮੰਤਰਾਲੇ ਨੇ ਵੀਰਵਾਰ ਨੂੰ ਕਿਹਾ ਕਿ ਉਨ੍ਹਾਂ ਕੋਲ ਇਸ ਮਾਮਲੇ ਬਾਰੇ ਕੋਈ ਜਾਣਕਾਰੀ ਨਹੀਂ ਹੈ। ਜਿਨਪਿੰਗ ਨੇ ਆਖਰੀ ਵਾਰ 2019 ਵਿੱਚ ਭਾਰਤ ਦਾ ਦੌਰਾ ਕੀਤਾ ਸੀ।

ਭਾਰਤ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕਰ ਰਿਹਾ ਹੈ

ਇਸ ਸਾਲ ਬ੍ਰਿਕਸ ਦੀ ਪ੍ਰਧਾਨਗੀ ਭਾਰਤ ਕੋਲ ਹੈ। ਬ੍ਰਿਕਸ ਪ੍ਰਮੁੱਖ ਉੱਭਰਦੀਆਂ ਅਰਥਵਿਵਸਥਾਵਾਂ ਦਾ ਇੱਕ ਸਮੂਹ ਹੈ। ਇਸ ਦੇ ਮੈਂਬਰਾਂ ਵਿੱਚ ਭਾਰਤ, ਰੂਸ, ਚੀਨ, ਬ੍ਰਾਜ਼ੀਲ ਅਤੇ ਦੱਖਣੀ ਅਫਰੀਕਾ ਦੇ ਨਾਲ-ਨਾਲ ਮਿਸਰ, ਈਰਾਨ, ਇਥੋਪੀਆ, ਯੂਏਈ ਅਤੇ ਇੰਡੋਨੇਸ਼ੀਆ ਸ਼ਾਮਲ ਹਨ।

ਭਾਰਤ ਦੀ ਪ੍ਰਧਾਨਗੀ ਹੇਠ, ਸਾਲ ਭਰ ਵੱਖ-ਵੱਖ ਸ਼ਹਿਰਾਂ ਵਿੱਚ ਮੀਟਿੰਗਾਂ, ਮੰਤਰੀ-ਪੱਧਰੀ ਕਾਨਫਰੰਸਾਂ ਅਤੇ ਬਹੁ-ਪੱਧਰੀ ਚਰਚਾਵਾਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ।

ਭਾਰਤ ਦਾ ਧਿਆਨ 'ਗਲੋਬਲ ਸਾਊਥ' (ਵਿਕਾਸਸ਼ੀਲ ਦੇਸ਼ਾਂ) ਦੀ ਆਵਾਜ਼ ਨੂੰ ਮਜ਼ਬੂਤ ਕਰਨ, ਆਰਥਿਕ ਸਹਿਯੋਗ, ਊਰਜਾ ਸੁਰੱਖਿਆ, ਡਿਜੀਟਲ ਤਕਨਾਲੋਜੀ, ਅੱਤਵਾਦ ਦਾ ਮੁਕਾਬਲਾ ਕਰਨ ਅਤੇ ਸਪਲਾਈ ਚੇਨ ਨੂੰ ਮਜ਼ਬੂਤ ਕਰਨ 'ਤੇ ਕੇਂਦਰਿਤ ਹੈ। ਸੰਖੇਪ ਵਿੱਚ, ਉਦੇਸ਼ ਬ੍ਰਿਕਸ ਨੂੰ ਸਿਰਫ਼ ਇੱਕ ਰਾਜਨੀਤਿਕ ਮੰਚ ਵਜੋਂ ਹੀ ਨਹੀਂ, ਸਗੋਂ ਵਪਾਰ, ਨਿਵੇਸ਼ ਅਤੇ ਵਿਕਾਸ ਲਈ ਇੱਕ ਪ੍ਰਮੁੱਖ ਮੰਚ ਵਜੋਂ ਅੱਗੇ ਵਧਾਉਣਾ ਹੈ।

## ਆਜ਼ਮ ਖ਼ਾਨ ਖ਼ਿਲਾਫ਼ ਐੱਫਆਈਆਰ ਦਰਜ ਹੱਜ ਕਮੇਟੀ ਦੀ ਜ਼ਮੀਨ ਵੇਚਣ ਚ ਗੜਬੜੀ ਦਾ ਦੋਸ਼

**(ਪੈਗਾਮ-ਏ-ਜਗਤ) :** ਲਖਨਊ:- ਸਮਾਜਵਾਦੀ ਪਾਰਟੀ ਦੇ ਸੰਸਥਾਪਕਾਂ 'ਚੋਂ ਇੱਕ ਆਜ਼ਮ ਖ਼ਾਨ ਖ਼ਿਲਾਫ਼ ਵੀਰਵਾਰ ਨੂੰ ਲਖਨਊ 'ਚ ਮੁਕੱਦਮਾ ਦਰਜ ਕੀਤਾ ਗਿਆ ਹੈ। ਆਜ਼ਮ ਖ਼ਾਨ 'ਤੇ ਹੱਜ ਕਮੇਟੀ ਦੀ ਜ਼ਮੀਨ ਵੇਚਣ 'ਚ ਗੜਬੜੀ ਕਰਨ ਦਾ ਦੋਸ਼ ਸੀ। ਜਾਂਚ ਦੌਰਾਨ ਵੱਡੇ ਪੱਧਰ 'ਤੇ ਮਾਲੀ ਨੁਕਸਾਨ ਦੀ ਪੁਸ਼ਟੀ ਹੋਣ ਤੋਂ ਬਾਅਦ ਵਿਜੀਲੈਂਸ ਨੇ ਮਾਮਲਾ ਦਰਜ ਕੀਤਾ ਹੈ। ਉੱਤਰ ਪ੍ਰਦੇਸ਼ ਰਾਜ ਹੱਜ ਕਮੇਟੀ ਦੀ ਜ਼ਮੀਨ ਦੀ ਵਿਕਰੀ 'ਚ ਗੜਬੜੀ ਦੇ ਮਾਮਲੇ 'ਚ ਵਿਜੀਲੈਂਸ ਨੇ ਸਮਾਜਵਾਦੀ ਪਾਰਟੀ ਦੇ ਆਗੂ ਤੇ ਉੱਤਰ ਪ੍ਰਦੇਸ਼ ਹੱਜ ਕਮੇਟੀ ਦੇ ਸਾਬਕਾ ਚੇਅਰਮੈਨ ਆਜ਼ਮ ਖ਼ਾਨ ਸਮੇਤ ਪੰਜ ਲੋਕਾਂ ਖ਼ਿਲਾਫ਼ ਐੱਫਆਈਆਰ ਦਰਜ ਕੀਤੀ ਹੈ।

ਵਿਜੀਲੈਂਸ ਦੀ ਜਾਂਚ 'ਚ ਜ਼ਮੀਨ ਦੀ ਵਿਕਰੀ ਕਾਰਨ ਕਮੇਟੀ ਨੂੰ 2.08 ਕਰੋੜ ਰੁਪਏ ਦੇ ਮਾਲੀ ਨੁਕਸਾਨ ਦੀ ਪੁਸ਼ਟੀ ਹੋਈ ਹੈ। ਦੋਸ਼ ਹੈ ਕਿ ਇੱਕ ਨਿੱਜੀ ਫਰਮ ਨੂੰ ਫਾਇਦਾ ਪਹੁੰਚਾਉਣ ਲਈ ਜ਼ਮੀਨ ਦੀ ਵਿਕਰੀ 'ਚ ਨਿਯਮਾਂ ਦੀ ਅਣਦੇਖੀ ਕੀਤੀ ਗਈ ਤੇ ਅਹੁਦੇ ਦੀ ਦੁਰਵਰਤੋਂ ਕੀਤੀ ਗਈ। ਵਿਜੀਲੈਂਸ ਦਾ ਦੋਸ਼ ਹੈ ਕਿ ਮੁਲਜ਼ਮਾਂ ਨੇ ਆਪਣੇ ਅਹੁਦੇ ਦਾ ਗਲਤ ਇਸਤੇਮਾਲ ਕਰਦਿਆਂ ਨਿੱਜੀ ਫਰਮ ਨੂੰ ਲਾਭ ਪਹੁੰਚਾਉਣ ਲਈ ਜ਼ਮੀਨ ਦੀ ਵਿਕਰੀ 'ਚ ਨਿਰਧਾਰਤ ਨਿਯਮਾਂ ਦੀ ਪਾਲਣਾ ਨਹੀਂ ਕੀਤੀ।

ਵਿਜੀਲੈਂਸ ਨੇ ਇਸ ਮਾਮਲੇ 'ਚ ਧੋਖਾਧੜੀ ਸਮੇਤ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਐੱਫਆਈਆਰ ਦਰਜ ਹੋਣ ਤੋਂ ਬਾਅਦ ਮਾਮਲੇ ਦੀ ਜਾਂਚ ਇੰਸਪੈਕਟਰ ਸੰਜੇ ਕੁਮਾਰ ਸਿੰਘ ਨੂੰ ਸੌਂਪੀ ਗਈ ਹੈ।

ਇਸ ਮਾਮਲੇ 'ਚ ਤਤਕਾਲੀ ਹੱਜ ਕਮੇਟੀ ਦੇ ਚੇਅਰਮੈਨ ਆਜ਼ਮ ਖ਼ਾਨ ਤੋਂ ਇਲਾਵਾ ਉਸ ਸਮੇਂ ਦੇ ਸਕੱਤਰ ਲਈਕ ਅਹਿਮਦ ਤੇ ਡਾ. ਐੱਮਏਏ ਖ਼ਾਨ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ। ਇਨ੍ਹਾਂ ਦੇ ਨਾਲ ਆਮਿਸ਼ ਡਿਵੈਲਪਰਜ਼ ਦੇ ਮਾਲਕ ਮੁਹੰਮਦ ਅਯੂਬ ਤੇ ਮੁਸਤਕੀਮ ਅਹਿਮਦ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ।

## ਗੁਲਜ਼ਾਰ ਸਿੰਘ ਖ਼ੁਦਕੁਸ਼ੀ ਮਾਮਲੇ ਚ ਪਰਿਵਾਰ ਦਾ ਵੱਡਾ ਬਿਆਨ ਨਾ ਫੁੱਲ ਚੁਗਾਂਗੇ ਨਾ ਭੋਗ ਪਾਵਾਂਗੇ

**(ਪੈਗਾਮ-ਏ-ਜਗਤ) :** ਚੰਡੀਗੜ੍ਹ:- ਜ਼ਿਲ੍ਹਾ ਸੰਗਰੂਰ ਦੇ ਪਿੰਡ ਤੂਰ ਬੰਜਾਰਾ ਦੇ ਮਜ਼ਦੂਰ ਗੁਲਜ਼ਾਰ ਸਿੰਘ ਦੀ ਖ਼ੁਦਕੁਸ਼ੀ ਮਾਮਲੇ ਵਿੱਚ ਅੱਜ ਨਵਾਂ ਮੋੜ ਆ ਗਿਆ ਜਦੋਂ ਮ੍ਰਿਤਕ ਮਜ਼ਦੂਰ ਦੇ ਪਰਿਵਾਰ ਨੇ ਸਰਕਾਰੀ ਦਾਅਵੇ ਰੱਦ ਕਰ ਦਿੱਤੇ। ਅੱਜ ਜਾਰੀ ਵੀਡੀਓ 'ਚ ਮ੍ਰਿਤਕ ਗੁਲਜ਼ਾਰ ਸਿੰਘ ਦੇ ਤਿੰਨ ਲੜਕੇ ਤੇ ਮ੍ਰਿਤਕ ਦੀ ਪਤਨੀ ਨਜ਼ਰ ਆ ਰਹੀ ਹੈ ਅਤੇ ਹੁਣ ਮ੍ਰਿਤਕ ਦੇ ਪਰਿਵਾਰ ਨੇ ਪ੍ਰਸ਼ਾਸਨ 'ਤੇ ਦਬਾਅ ਪਾ ਕੇ ਸਸਕਾਰ ਕਰਨ ਦੇ ਇਲਜ਼ਾਮ ਲਗਾਏ ਹਨ। ਚੇਤੇ ਰਹੇ ਕਿ ਮਜ਼ਦੂਰ ਗੁਲਜ਼ਾਰ ਸਿੰਘ ਦਾ ਸਖ਼ਤ ਪੁਲੀਸ ਪਹਿਰੇ ਹੇਠ ਸਸਕਾਰ ਹੋਇਆ ਸੀ ਅਤੇ ਸਸਕਾਰ ਮੌਕੇ ਵਿਵਾਦ ਵੀ ਖੜ੍ਹਾ ਹੋ ਗਿਆ ਸੀ।

ਮ੍ਰਿਤਕ ਗੁਲਜ਼ਾਰ ਸਿੰਘ ਦੇ ਪਰਿਵਾਰ ਨੇ ਵੀਡੀਓ 'ਚ ਦਾਅਵਾ ਕੀਤਾ ਕਿ ਪ੍ਰਸ਼ਾਸਨ ਨੇ ਉਨ੍ਹਾਂ 'ਤੇ ਭਾਰੀ ਦਬਾਅ ਬਣਾਇਆ ਜਿਸ ਦੇ ਵਜੋਂ ਉਨ੍ਹਾਂ ਨੂੰ ਸਸਕਾਰ ਕਰਨਾ ਪਿਆ। ਅੱਜ ਪਰਿਵਾਰ ਨੇ ਐਲਾਨ ਕੀਤਾ ਕਿ ਜਿਨ੍ਹਾਂ ਸਮਾਂ ਉਨ੍ਹਾਂ ਨੂੰ ਇਨਸਾਫ਼ ਨਹੀਂ ਮਿਲਦਾ, ਉਨ੍ਹਾਂ ਸਮਾਂ ਮ੍ਰਿਤਕ ਮੈਂਬਰ ਦੇ ਨਾ ਫੁੱਲ ਚੁਗੇ ਜਾਣਗੇ ਅਤੇ ਨਾ ਹੀ ਭੋਗ ਸਮਾਗਮ ਕੀਤੇ ਜਾਣਗੇ। ਪਰਿਵਾਰ ਨੇ ਇਹ ਵੀ ਦਾਅਵਾ ਕੀਤਾ ਕਿ ਪ੍ਰਸ਼ਾਸਨ ਨੇ ਪਰਿਵਾਰ ਨੂੰ ਗੁੰਮਰਾਹ ਕਰਕੇ ਧੱਕੇ ਨਾਲ ਸਸਕਾਰ ਕਰਾਇਆ ਹੈ।

ਪਰਿਵਾਰ ਨੇ ਇਨਸਾਫ਼ ਦੀ ਮੰਗ ਕੀਤੀ ਅਤੇ ਪੰਜਾਬ ਦੇ ਲੋਕਾਂ ਤੋਂ ਸਾਥ ਮੰਗਿਆ ਹੈ। ਦੱਸਣਯੋਗ ਹੈ ਕਿ ਸਸਕਾਰ ਵਾਲੇ ਦਿਨ ਮ੍ਰਿਤਕ ਦੇ ਲੜਕੇ ਨੇ ਪੁਲੀਸ ਜਾਂਚ 'ਤੇ ਤਸੱਲੀ ਜ਼ਾਹਿਰ ਕੀਤੀ ਸੀ ਅਤੇ ਕਿਸੇ ਤਰ੍ਹਾਂ ਦਾ ਦਬਾਅ ਨਾ ਹੋਣ ਦੀ ਗੱਲ ਕਹੀ ਸੀ। ਉਸ ਸਮੇਂ ਲੜਕੇ ਨੇ ਪਰਿਵਾਰ ਦੇ ਇੱਕ ਜੀਅ ਨੂੰ ਨੌਕਰੀ ਦੇਣ 'ਤੇ ਸਹਿਮਤੀ ਬਣਨ ਦਾ ਦਾਅਵਾ ਵੀ ਕੀਤਾ ਸੀ।

ਚੇਤੇ ਰਹੇ ਕਿ ਕੁੱਝ ਦਿਨ ਪਹਿਲਾਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸਮਾਗਮ ਦੌਰਾਨ ਮਜ਼ਦੂਰ ਗੁਲਜ਼ਾਰ ਸਿੰਘ ਨੇ ਪਿੰਡ 'ਚ ਚਿੱਟਾ ਵਿਕਣ ਦੀ ਗੱਲ ਆਖੀ ਸੀ ਜਿਸ ਮਗਰੋਂ ਪੰਚਾਇਤ ਨੇ ਮਜ਼ਦੂਰ ਨੂੰ ਜਨਤਕ ਤੌਰ 'ਤੇ ਮਾਫ਼ੀ ਮੰਗਣ ਲਈ ਦਬਾਅ ਪਾਇਆ। ਇਸੇ ਦੌਰਾਨ ਗੁਲਜ਼ਾਰ ਸਿੰਘ ਜ਼ਹਿਰੀਲੀ ਚੀਜ਼ ਖਾ ਲਈ ਅਤੇ ਅਖੀਰ ਜ਼ਿੰਦਗੀ ਦੀ ਜੰਗ ਹਾਰ ਗਿਆ।

ਸੰਗਰੂਰ ਪੁਲੀਸ ਖ਼ੁਦਕੁਸ਼ੀ ਲਈ ਜ਼ਿੰਮੇਵਾਰ ਪਿੰਡ ਦੀ ਸਰਪੰਚ ਅਤੇ ਹੋਰਨਾਂ 'ਤੇ ਕੇਸ ਦਰਜ ਕਰਕੇ ਗ੍ਰਿਫ਼ਤਾਰ ਵੀ ਕਰ ਲਿਆ ਹੈ। ਅੱਜ ਹੀ ਪਿੰਡ ਤੂਰਬੰਜਾਰਾ 'ਚ ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਪਹੁੰਚ ਰਹੇ ਹਨ।

ਹਾਲਾਂਕਿ ਦੂਜੇ ਪਾਸੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋ ਰਹੀ ਹੈ ਜਿਸ ਵਿੱਚ ਕਿਹਾ ਗਿਆ ਹੈ ਕਿ ਪਰਿਵਾਰ ਵੱਲੋਂ ਪ੍ਰਸ਼ਾਸਨ ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਹਾਸਲ ਕੀਤਾ ਹੈ। ਹਾਲਾਂਕਿ ਇਸ ਸਬੰਧੀ ਪਰਿਵਾਰ ਦਾ ਕੋਈ ਬਿਆਨ ਸਾਹਮਣੇ ਨਹੀਂ ਆਇਆ ਹੈ।

## ਯੂਨੀਅਨ ਬੈਂਕ ਚ ਦਿਨਦਿਹਾੜੇ ਲੁੱਟ ਦੀ ਕੋਸ਼ਿਸ਼ ਗਾਰਡ ਦੀ ਹਿੰਮਤ ਅੱਗੇ ਹਾਰੇ ਬਦਮਾਸ਼

**(ਪੈਗਾਮ-ਏ-ਜਗਤ) :** ਜੰਡਿਆਲਾ ਗੁਰੂ:- ਸਥਾਨਕ ਘਾਹ ਮੰਡੀ ਚੌਂਕ ਨੇੜੇ ਸਥਿਤ ਯੂਨੀਅਨ ਬੈਂਕ ਵਿੱਚ ਅੱਜ ਦਿਨ ਦਿਹਾੜੇ ਪੰਜ ਨਕਾਬਪੋਸ਼ ਲੁਟੇਰਿਆਂ ਵੱਲੋਂ ਬੈਂਕ ਲੁੱਟਣ ਦੀ ਕੋਸ਼ਿਸ਼ ਕੀਤੀ ਗਈ, ਪਰ ਬੈਂਕ ਦੇ ਸਕਿਉਰਟੀ ਗਾਰਡ ਵੱਲੋਂ ਦਿਖਾਈ ਗਈ ਹਿੰਮਤ ਕਾਰਨ ਬੈਂਕ ਲੁੱਟਣ ਦੀ ਕੋਸ਼ਿਸ਼ ਨਾਕਾਮ ਹੋ ਗਈ। ਗਾਰਡ ਵੱਲੋਂ ਤੁਰੰਤ ਕੀਤੀ ਕਾਰਵਾਈ ਕਾਰਨ ਲੁਟੇਰੇ ਬਿਨਾਂ ਕੋਈ ਲੁੱਟ ਕੀਤੇ ਮੌਕੇ ਤੋਂ ਫਰਾਰ ਹੋ ਗਏ, ਜਿਸ ਨਾਲ ਬੈਂਕ ਵਿੱਚ ਵੱਡੀ ਵਾਰਦਾਤ ਹੋਣੋਂ ਟਲ ਗਈ।

ਇਸ ਸਬੰਧੀ ਬੈਂਕ ਮੈਨੇਜਰ ਮੁਕੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੈਂਕ ਵਿੱਚ ਰੋਜ਼ਾਨਾ ਦੀ ਤਰ੍ਹਾਂ ਬੈਂਕਿੰਗ ਦਾ ਕੰਮ ਚੱਲ ਰਿਹਾ ਸੀ। ਕਰੀਬ ਸਵੇਰੇ 11.15 ਵਜੇ ਚਾਰ ਨਕਾਬਪੋਸ਼ ਨੌਜਵਾਨ ਬੈਂਕ ਵਿੱਚ ਦਾਖਲ ਹੋ ਕੇ ਗਾਹਕਾਂ ਵਾਲੀ ਕਤਾਰ ਵਿੱਚ ਬੈਠ ਗਏ ਤੇ ਵਾਊਚਰ ਭਰਨ ਲੱਗ ਪਏ। ਸਕਿਉਰਟੀ ਗਾਰਡ ਵੱਲੋਂ ਜਦੋਂ ਉਨ੍ਹਾਂ ਨੂੰ ਮੂੰਹ ਤੋਂ ਮਾਸਕ ਹਟਾਉਣ ਲਈ ਕਿਹਾ ਗਿਆ ਤਾਂ ਇਸੇ ਦੌਰਾਨ ਇੱਕ ਹੋਰ ਵਿਅਕਤੀ ਬੈਂਕ ਵਿੱਚ ਦਾਖਲ ਹੋਇਆ, ਜਿਸ ਵੇਲੇ ਗਾਰਡ ਦੇ ਪਿੱਛੇ ਜਾ ਕੇ ਉਸ ਦੇ ਮੂੰਹ 'ਤੇ ਕੋਈ ਸਪਰੇਅ ਛਿੜਕ ਦਿੱਤੀ। ਸਪਰੇਅ ਕੀਤੇ ਜਾਣ ਦੇ ਬਾਵਜੂਦ ਸਕਿਉਰਟੀ ਗਾਰਡ ਨੇ ਹਿੰਮਤ ਨਹੀਂ ਹਾਰੀ ਅਤੇ ਤੁਰੰਤ ਆਪਣੀ ਰਾਈਫਲ ਚੁੱਕ ਲਈ। ਗਾਰਡ ਵੱਲੋਂ ਰਾਈਫਲ ਚੁੱਕਦਿਆਂ ਹੀ ਸਾਰੇ ਲੁਟੇਰੇ ਘਬਰਾ ਕੇ ਬੈਂਕ ਵਿੱਚੋਂ ਬਾਹਰ ਦੌੜ ਗਏ। ਇਸ ਤਰ੍ਹਾਂ ਬੈਂਕ ਦਾ ਕਿਸੇ ਵੀ ਕਿਸਮ ਦਾ ਮਾਲੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ।

ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਜੰਡਿਆਲਾ ਗੁਰੂ ਦੇ ਐੱਸਐੱਚਓ ਹਰਪਾਲ ਸਿੰਘ ਤੁਰੰਤ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਅਤੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ। ਪੁਲਿਸ ਵੱਲੋਂ ਬੈਂਕ ਅੰਦਰ ਤੇ ਆਸ-ਪਾਸ ਲੱਗੇ ਸੀਸੀ ਟੀਵੀ ਕੈਮਰਿਆਂ ਦੀ ਫੁਟੇਜ ਨੂੰ ਬਾਰੀਕੀ ਨਾਲ ਖੰਗਾਲਿਆ ਜਾ ਰਿਹਾ ਹੈ।

ਐੱਸਐੱਚਓ ਹਰਪਾਲ ਸਿੰਘ ਨੇ ਦੱਸਿਆ ਕਿ ਸੀਸੀ ਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀਆਂ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਬੈਂਕ ਦਾ ਕੋਈ ਨੁਕਸਾਨ ਨਹੀਂ ਹੋਇਆ ਤੇ ਸਕਿਉਰਟੀ ਗਾਰਡ ਵੱਲੋਂ ਦਿਖਾਈ ਗਈ ਤੁਰੰਤ ਹਿੰਮਤ ਅਤੇ ਸੂਝ-ਬੂਝ ਨਾਲ ਵੱਡੀ ਵਾਰਦਾਤ ਟਲ ਗਈ। ਐੱਸਐੱਚਓ ਨੇ ਕਿਹਾ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।

## ਬਿਹਾਰ ਦੇ 14 ਜ਼ਿਲ੍ਹਿਆਂ ਵਿੱਚ ਹੜ੍ਹ 5000 ਸਕੂਲ ਬੰਦ

**(ਪੈਗਾਮ-ਏ-ਜਗਤ) :** ਨਵੀਂ ਦਿੱਲੀ:- ਬਿਹਾਰ ਦੇ 14 ਜ਼ਿਲ੍ਹਿਆਂ ਵਿੱਚ, ਜਿਨ੍ਹਾਂ ਵਿੱਚ ਪਟਨਾ, ਮੁੰਗੇਰ ਅਤੇ ਭਾਗਲਪੁਰ ਸ਼ਾਮਲ ਹਨ, ਹੜ੍ਹ ਦੀ ਸਥਿਤੀ ਬਣੀ ਹੋਈ ਹੈ। ਇਸ ਨਾਲ 40 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ। ਹੜ੍ਹ ਦੇ ਪਾਣੀ ਵਿੱਚ ਡੁੱਬਣ ਕਾਰਨ 5,000 ਤੋਂ ਵੱਧ ਸਕੂਲ ਬੰਦ ਕਰ ਦਿੱਤੇ ਗਏ ਹਨ। ਸੂਬੇ ਭਰ ਵਿੱਚ ਗੰਗਾ, ਕੋਸੀ ਅਤੇ ਗੰਡਕ ਵਰਗੀਆਂ ਨਦੀਆਂ ਪੂਰੇ ਜੋਬਨ 'ਤੇ ਹਨ। ਇਨ੍ਹਾਂ ਨਦੀਆਂ ਦੇ ਕੰਢਿਆਂ 'ਤੇ ਬਣੇ 500 ਤੋਂ ਵੱਧ ਸ਼ਮਸ਼ਾਨਘਾਟ ਪਾਣੀ ਵਿੱਚ ਡੁੱਬ ਗਏ ਹਨ, ਜਿਸ ਕਾਰਨ ਅੰਤਿਮ ਸੰਸਕਾਰ ਕਰਨ ਵਿੱਚ ਮੁਸ਼ਕਲਾਂ ਆ ਰਹੀਆਂ ਹਨ।

ਉੱਤਰ ਪ੍ਰਦੇਸ਼ ਵਿੱਚ ਲਗਾਤਾਰ ਮੀਂਹ ਕਾਰਨ ਨਦੀਆਂ ਓਵਰਫਲੋ ਹੋ ਰਹੀਆਂ ਹਨ। ਹੜ੍ਹ ਨੇ 26 ਜ਼ਿਲ੍ਹਿਆਂ ਵਿੱਚ 4 ਲੱਖ ਲੋਕਾਂ ਨੂੰ ਪ੍ਰਭਾਵਿਤ ਕੀਤਾ ਹੈ। ਬਰੇਲੀ ਵਿੱਚ ਇੱਕ ਪ੍ਰਾਚੀਨ ਮੰਦਰ ਰਾਮਗੰਗਾ ਨਦੀ ਵਿੱਚ ਸਮਾ ਗਿਆ, ਜਦੋਂ ਕਿ ਬਾਰਾਬੰਕੀ ਵਿੱਚ ਸਰਯੂ ਨਦੀ ਦੇ ਪਾਣੀ ਕਾਰਨ ਲਗਭਗ 12 ਘਰ ਡੁੱਬ ਗਏ। ਇਸ ਦੌਰਾਨ, ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਮੀਂਹ ਦਾ ਦੌਰ ਫਿਲਹਾਲ ਰੁਕ ਗਿਆ ਹੈ। ਮੱਧ ਪ੍ਰਦੇਸ਼ ਵਿੱਚ ਅਗਲੇ ਤਿੰਨ ਦਿਨਾਂ ਤੱਕ ਭਾਰੀ ਮੀਂਹ ਦੀ ਕੋਈ ਸੰਭਾਵਨਾ ਨਹੀਂ ਹੈ। ਰਾਜਸਥਾਨ ਵਿੱਚ 11 ਸਤੰਬਰ ਤੋਂ ਮੀਂਹ ਸ਼ੁਰੂ ਹੋਣ ਦੀ ਉਮੀਦ ਹੈ; ਬੁੱਧਵਾਰ ਨੂੰ ਸੂਬੇ ਦੇ 10 ਸ਼ਹਿਰਾਂ ਵਿੱਚ ਤਾਪਮਾਨ 35 ਡਿਗਰੀ ਸੈਲਸੀਅਸ ਤੋਂ ਉੱਪਰ ਰਿਹਾ।

ਇਸ਼ਤਿਹਾਰ



## ਮਿਡਟਰਮ ਚੋਣਾਂ ਜਿੱਤੇ ਤਾਂ ਹਰ ਵੋਟਰ ਨੂੰ 5 ਲੱਖ ਟਰੰਪ

**(ਪੈਗਾਮ-ਏ-ਜਗਤ) :** ਵਾਸ਼ਿੰਗਟਨ:- ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਨਵੰਬਰ ਦੀਆਂ ਮਿਡਟਰਮ ਚੋਣਾਂ ਵਿੱਚ ਜੇਕਰ ਰਿਪਬਲਿਕਨ ਪਾਰਟੀ ਹਾਊਸ ਆਫ਼ ਰਿਪ੍ਰੈਜ਼ੈਂਟੇਟਿਵਜ਼ (ਪ੍ਰਤੀਨਿਧੀ ਸਭਾ) ਅਤੇ ਸੈਨੇਟ, ਦੋਵਾਂ ਵਿੱਚ ਬਹੁਮਤ ਬਰਕਰਾਰ ਰੱਖਦੀ ਹੈ, ਤਾਂ ਹਰ ਬਾਲਗ ਅਮਰੀਕੀ ਨੂੰ 5,000 ਡਾਲਰ (ਲਗਭਗ 4.76 ਲੱਖ ਰੁਪਏ) ਦਿੱਤੇ ਜਾਣਗੇ।

ਟਰੰਪ ਨੇ ਇਹ ਬਿਆਨ ਡਲਾਸ ਵਿੱਚ ਰਿਪਬਲਿਕਨ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਦਿੱਤਾ। ਉਨ੍ਹਾਂ ਨੇ ਇਸ ਨੂੰ ‘ਟਰੰਪ ਡਿਵੀਡੈਂਡ’ ਦਾ ਨਾਂ ਦਿੱਤਾ ਅਤੇ ਕਿਹਾ ਕਿ ਇਹ ਅਮਰੀਕਾ ਦੀ ‘ਆਰਥਿਕ ਤਾਕਤ ਅਤੇ ਸਫ਼ਲਤਾ’ ਦੇ ਕਾਰਨ ਦਿੱਤਾ ਜਾਵੇਗਾ।

ਟਰੰਪ ਨੇ ਇਹ ਵੀ ਕਿਹਾ ਕਿ ਡਿਵੀਡੈਂਡ ਦੀ ਇਹ ਰਕਮ ਅਮਰੀਕਾ ਦੇ ਅੰਦਰ ਹੀ ਖ਼ਰਚ ਕਰਨੀ ਪਵੇਗੀ। ਹਾਲਾਂਕਿ, ਉਨ੍ਹਾਂ ਨੇ ਇਹ ਨਹੀਂ ਦੱਸਿਆ ਕਿ ਇਸ ਲਈ ਪੈਸਾ ਕਿੱਥੋਂ ਆਵੇਗਾ, ਭੁਗਤਾਨ ਦਾ ਦਾਇਰਾ ਕੀ ਹੋਵੇਗਾ ਅਤੇ ਰਕਮ ਕਿਸ ਤਰ੍ਹਾਂ ਵੰਡੀ ਜਾਵੇਗੀ। ਅਮਰੀਕਾ ਵਿੱਚ ਲਗਭਗ 26.98 ਕਰੋੜ ਬਾਲਗ ਹਨ। ਜੇਕਰ ਸਾਰਿਆਂ ਨੂੰ 5,000 ਡਾਲਰ ਦਿੱਤੇ ਜਾਣ ਤਾਂ ਕੁੱਲ ਖ਼ਰਚ ਲਗਭਗ 1.35 ਟ੍ਰਿਲੀਅਨ ਡਾਲਰ ਯਾਨੀ 128.25 ਲੱਖ ਕਰੋੜ ਰੁਪਏ ਹੋਵੇਗਾ। ਇਹ ਰਕਮ ਦੁਨੀਆ ਦੇ ਲਗਭਗ 162 ਦੇਸ਼ਾਂ ਦੀ ਆਰਥਿਕਤਾ (ਇਕੋਨਮੀ) ਨਾਲੋਂ ਵੱਧ ਹੈ।

ਵਿਸ਼ਵ ਬੈਂਕ ਦੇ 2025 ਦੇ ਅੰਕੜਿਆਂ ਮੁਤਾਬਕ, ਇਸ ਤੋਂ ਵੱਧ ਜੀ.ਡੀ.ਪੀ. ਸਿਰਫ਼ 19 ਦੇਸ਼ਾਂ ਦੀ ਹੈ। ਇੱਥੋਂ ਤੱਕ ਕਿ ਇਹ ਪਾਕਿਸਤਾਨ ਦੀ ਪੂਰੀ ਅਰਥਵਿਵਸਥਾ ਨਾਲੋਂ ਲਗਭਗ 3.3 ਗੁਣਾ ਵੱਧ ਹੈ। ਪਾਕਿਸਤਾਨ ਦੀ ਜੀ.ਡੀ.ਪੀ. ਲਗਭਗ 407.3 ਅਰਬ ਡਾਲਰ ਯਾਨੀ ₹38.69 ਲੱਖ ਕਰੋੜ ਹੈ।

**ਅਮਰੀਕਾ ਦੀ GDP ਦੇ 4% ਦੇ ਬਰਾਬਰ ਖ਼ਰਚ**

2025 ਵਿੱਚ ਅਮਰੀਕਾ ਦੀ ਅਰਥਵਿਵਸਥਾ ਲਗਭਗ 30.8 ਟ੍ਰਿਲੀਅਨ ਡਾਲਰ ਦੀ ਸੀ। ਹਰ ਬਾਲਗ ਅਮਰੀਕੀ ਨੂੰ 5,000 ਡਾਲਰ ਦੇਣ ਦੀ ਯੋਜਨਾ 'ਤੇ ਲਗਭਗ 1.3 ਟ੍ਰਿਲੀਅਨ ਡਾਲਰ ਖ਼ਰਚ ਹੋਵੇਗਾ। ਇਸ ਨੂੰ ਲਾਗੂ ਕਰਨ ਲਈ ਸੰਸਦ (ਕਾਂਗਰਸ) ਦੀ ਮੰਜ਼ੂਰੀ ਜ਼ਰੂਰੀ ਹੋਵੇਗੀ।

ਇਹ ਰਕਮ ਅਮਰੀਕਾ ਦੀ 2025 ਦੀ ਜੀ.ਡੀ.ਪੀ. ਦੇ ਲਗਭਗ 4.2% ਦੇ ਬਰਾਬਰ ਹੈ। ਉੱਥੇ ਹੀ, ਅਮਰੀਕਾ ਦਾ ਸਾਲਾਨਾ ਬਜਟ ਘਾਟਾ ਲਗਭਗ 1.8 ਟ੍ਰਿਲੀਅਨ ਡਾਲਰ ਹੈ। ਯਾਨੀ ਇਸ ਯੋਜਨਾ ਨਾਲ ਸਰਕਾਰੀ ਖ਼ਰਚੇ ਅਤੇ ਘਾਟੇ 'ਤੇ ਹੋਰ ਦਬਾਅ ਵੱਧ ਸਕਦਾ ਹੈ। ਅਮਰੀਕਾ ਦਾ ਰਾਸ਼ਟਰੀ ਕਰਜ਼ਾ ਵੀ ਪਹਿਲਾਂ ਹੀ 40 ਟ੍ਰਿਲੀਅਨ ਡਾਲਰ ਤੋਂ ਪਾਰ ਪਹੁੰਚ ਚੁੱਕਾ ਹੈ। ਅਜਿਹੇ ਵਿੱਚ ਇੰਨੀ ਵੱਡੀ ਰਕਮ ਵੰਡਣ ਨਾਲ ਸਰਕਾਰੀ ਕਰਜ਼ੇ ਅਤੇ ਮਹਿੰਗਾਈ ਨੂੰ ਲੈ ਕੇ ਚਿੰਤਾਵਾਂ ਵੱਧ ਸਕਦੀਆਂ ਹਨ।

## ਤੁਹਾਨੂੰ ਡਰਾਈਵਿੰਗ ਨਹੀਂ ਆਉਂਦੀ ਮਿਸਟਰ ਸਿੰਘ ਟਰੰਪ ਪ੍ਰਸ਼ਾਸਨ ਦੇ ਇਸ ਪੋਸਟਰ ਤੇ ਭੜਕੇ ਸਿੱਖ ਅਤੇ ਪੰਜਾਬੀ ਨਸਲਵਾਦ ਦਾ ਲੱਗਿਆ ਦੋਸ਼

**(ਪੈਗਾਮ-ਏ-ਜਗਤ) :** ਚੰਡੀਗੜ੍ਹ:- ਅਮਰੀਕਾ ਦੇ ਹੋਮਲੈਂਡ ਸਿਕਿਓਰਿਟੀ ਵਿਭਾਗ ਵੱਲੋਂ ਸੋਸ਼ਲ ਮੀਡੀਆ ’ਤੇ ਸ਼ੇਅਰ ਕੀਤੇ ਗਏ ਇੱਕ ਪੋਸਟਰ ਨੇ ਵੱਡਾ ਵਿਵਾਦ ਖੜ੍ਹਾ ਕਰ ਦਿੱਤਾ ਹੈ। ਟਰੰਪ ਪ੍ਰਸ਼ਾਸਨ ਦੀ ‘ਸੈਲਫ-ਡੀਪੋਰਟੇਸ਼ਨ’ (ਖੁਦ ਦੇਸ਼ ਛੱਡਣ) ਦੀ ਮੁਹਿੰਮ ਨੂੰ ਉਤਸ਼ਾਹਿਤ ਕਰਨ ਲਈ ਬਣਾਏ ਗਏ ਇਸ ਪੋਸਟਰ ’ਤੇ ਸਿੱਖ ਜਥੇਬੰਦੀਆਂ ਅਤੇ ਪੰਜਾਬੀਆਂ ਨੇ ਨਸਲਵਾਦੀ ਅਤੇ ਭਾਰਤ-ਵਿਰੋਧੀ ਸੁਨੇਹਾ ਦੇਣ ਦੇ ਗੰਭੀਰ ਦੋਸ਼ ਲਗਾਏ ਹਨ। ਇਹ ਪੋਸਟਰ ਟਰੰਪ ਸਰਕਾਰ ਵੱਲੋਂ ਗੈਰ-ਕਾਨੂੰਨੀ ਇਮੀਗ੍ਰੇਸ਼ਨ ਵਿਰੁੱਧ ਚਲਾਈ ਜਾ ਰਹੀ ਸਖ਼ਤ ਮੁਹਿੰਮ ਦੌਰਾਨ ਜਾਰੀ ਕੀਤਾ ਗਿਆ ਹੈ।

ਵਿਭਾਗ ਵੱਲੋਂ ਜਾਰੀ ਇਸ ਪੋਸਟਰ ਵਿੱਚ ‘ਟਰਾਂਸਫਾਰਮਰਜ਼’ ਫਿਲਮ ਦੀ ਤਰਜ਼ ’ਤੇ ਇੱਕ ਚਿਤਾਵਨੀ ਲਿਖੀ ਗਈ ਹੈ - “ਸੈਲਫ-ਡੀਪੋਰਟ ਜਾਂ ਨਤੀਜੇ ਭੁਗਤੋ’। ਇਸ ਦੇ ਨਾਲ ਹੀ ਪੋਸਟਰ ਵਿੱਚ ਖਾਸ ਤੌਰ ’ਤੇ ਲਿਖਿਆ ਗਿਆ ਹੈ, “ਸਾਡੀਆਂ ਸੜਕਾਂ ਤੋਂ ਹਟ ਜਾਓ, ਤੁਹਾਨੂੰ ਡਰਾਈਵਿੰਗ ਨਹੀਂ ਆਉਂਦੀ, ਮਿਸਟਰ ਸਿੰਘ”।

‘ਸਿੰਘ’ ਸਰਨੇਮ ਦੀ ਇਸ ਵਰਤੋਂ ਨੇ ਭਾਰਤੀ-ਅਮਰੀਕੀ ਅਤੇ ਸਿੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ, ਜਿਨ੍ਹਾਂ ਦਾ ਕਹਿਣਾ ਹੈ ਕਿ ਇਹ ਦੱਖਣੀ ਏਸ਼ੀਆਈ ਮੂਲ ਦੇ ਲੋਕਾਂ ਨੂੰ ਗਲਤ ਤਰੀਕੇ ਨਾਲ ਨਿਸ਼ਾਨਾ ਬਣਾਉਂਦਾ ਹੈ।

ਇਸ ਵਿਵਾਦ ਦਾ ਮੁੱਖ ਕਾਰਨ ਪੋਸਟਰ ਵਿੱਚ ਲਿਖੀ ਲਾਈਨ “ਤੁਹਾਨੂੰ ਡਰਾਈਵਿੰਗ ਨਹੀਂ ਆਉਂਦੀ” ਨੂੰ ਮੰਨਿਆ ਜਾ ਰਿਹਾ ਹੈ, ਜੋ ਅਮਰੀਕਾ ਵਿੱਚ ਹਾਲ ਹੀ ਵਿੱਚ ਹੋਏ ਕੁਝ ਸੜਕ ਹਾਦਸਿਆਂ ਨਾਲ ਜੋੜੀ ਜਾ ਰਹੀ ਹੈ, ਜਿਨ੍ਹਾਂ ਵਿੱਚ ਬਿਨਾਂ ਦਸਤਾਵੇਜ਼ਾਂ ਵਾਲੇ ਭਾਰਤੀ ਨਾਗਰਿਕਾਂ ਦੇ ਟਰੱਕ ਡਰਾਈਵਰ ਹੋਣ ਦਾ ਦਾਅਵਾ ਕੀਤਾ ਗਿਆ ਸੀ। ਅਮਰੀਕਾ ਵਿੱਚ ਕਮਰਸ਼ੀਅਲ ਟਰੱਕ ਡਰਾਈਵਰਾਂ ਦੀ ਸਖ਼ਤ ਜਾਂਚ ਦੇ ਨਾਲ-ਨਾਲ ਟਰੰਪ ਪ੍ਰਸ਼ਾਸਨ ਨੇ ਕਮਰਸ਼ੀਅਲ ਡਰਾਈਵਿੰਗ ਲਾਇਸੈਂਸ ਅਤੇ ਵਰਕ ਪਰਮਿਟ ਦੇ ਨਿਯਮਾਂ ਨੂੰ ਹੋਰ ਸਖ਼ਤ ਕਰ ਦਿੱਤਾ ਹੈ। ਹਾਲਾਂਕਿ, ਆਲੋਚਕਾਂ ਦਾ ਤਰਕ ਹੈ ਕਿ ‘ਸਿੰਘ’ ਸਰਨੇਮ ਨੂੰ ਡਰਾਈਵਿੰਗ ਦੀਆਂ ਕਥਿਤ ਉਲੰਘਣਾਵਾਂ ਨਾਲ ਜੋੜਨਾ ਸਿੱਧੇ ਤੌਰ ’ਤੇ ਨਸਲੀ ਪ੍ਰੋਫਾਈਲਿੰਗ ਹੈ।

ਹਿੰਦੂ ਅਮਰੀਕਨ ਫਾਊਂਡੇਸ਼ਨ ਨੇ ਵੀ DHS ਦੇ ਇਸ ਪੋਸਟਰ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ ‘ਭਾਰਤ-ਵਿਰੋਧੀ ਪ੍ਰੋਫਾਈਲਿੰਗ’ ਕਰਾਰ ਦਿੱਤਾ ਹੈ। ਫਾਊਂਡੇਸ਼ਨ ਨੇ ਐਕਸ ’ਤੇ ਲਿਖਿਆ, “ਸਿੰਘ ਹਿੰਦੂ ਵੀ ਹਨ, ਸਿੱਖ ਵੀ ਹਨ, ਅਮਰੀਕੀ ਵੀ ਹਨ ਅਤੇ ਉਹ ਗੱਡੀਆਂ ਵੀ ਚਲਾਉਂਦੇ ਹਨ। DHS ਦੁਆਰਾ ਕੀਤੀ ਗਈ ਇਹ ਨਸਲਵਾਦੀ ਅਤੇ ਗੈਰ-ਅਮਰੀਕੀ ਟਿੱਪਣੀ ਸਾਡੇ ਦੇਸ਼ ਦੀ ਜ਼ਮੀਰ ਨੂੰ ਝੰਜੋੜਨ ਵਾਲੀ ਹੈ।” ਸੰਸਥਾ ਨੇ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ ਨੂੰ ਇਸ ਮਾਮਲੇ ਦਾ ਨੋਟਿਸ ਲੈ ਕੇ ਜਾਂਚ ਕਰਨ ਦੀ ਅਪੀਲ ਕੀਤੀ ਹੈ ਅਤੇ ‘ਟਰਾਂਸਫਾਰਮਰਜ਼’ ਦੀ ਫਿਲਮ ਕੰਪਨੀ ਪੈਰਾਮਾਊਂਟ ਪਿਕਚਰਜ਼ ਨੂੰ ਵੀ ਇਸ ਮਾਮਲੇ ’ਤੇ ਧਿਆਨ ਦੇਣ ਲਈ ਕਿਹਾ ਹੈ।

ਫੌਕਸ 7 ਨਿਊਜ਼ ਦੇ ਐਂਕਰ ਐਲੇਕ ਨੋਲਨ ਨੇ ਵੀ ਇਸ ਪੋਸਟਰ ਦੀ ਤਿੱਖੀ ਨਿੰਦਾ ਕੀਤੀ ਹੈ। ਉਨ੍ਹਾਂ ਐਕਸ ’ਤੇ ਆਪਣੀ ਪਰਿਵਾਰਕ ਪਿਛੋਕੜ ਦਾ ਜ਼ਿਕਰ ਕਰਦਿਆਂ ਲਿਖਿਆ, “ਮੇਰੇ ਦਾਦਾ ਜੀ ਦਾ ਨਾਮ ਡੈਨ ਸਿੰਘ ਸੀ। ਉਨ੍ਹਾਂ ਦੇ ਪਿਤਾ ਕਥਾ ਸਿੰਘ ਦਹਾਕੇ ਪਹਿਲਾਂ ਭਾਰਤ ਤੋਂ ਬਿਹਤਰ ਜ਼ਿੰਦਗੀ ਦੀ ਭਾਲ ਵਿੱਚ ਅਮਰੀਕਾ ਆਏ ਸਨ। ਉਹ ਕੈਲੀਫੋਰਨੀਆ ਵਿੱਚ ਕਿਸਾਨ ਬਣੇ ਅਤੇ ਮੇਰੇ ਦਾਦਾ ਜੀ ਨੇ ਬਾਅਦ ਵਿੱਚ ਟਰੱਕ ਡਰਾਈਵਰ ਵਜੋਂ ਵੀ ਕੰਮ ਕੀਤਾ। ਇਹ ਪੋਸਟਰ ਨਸਲਵਾਦੀ ਹੈ ਅਤੇ ‘ਸਿੰਘ’ ਨਾਮ ਵਾਲੇ ਹਰ ਵਿਅਕਤੀ ਦਾ ਅਪਮਾਨ ਕਰਦਾ ਹੈ।” ਇਹ ਵਿਵਾਦ ਅਜਿਹੇ ਸਮੇਂ ਸਾਹਮਣੇ ਆਇਆ ਹੈ ਜਦੋਂ ਟਰੰਪ ਪ੍ਰਸ਼ਾਸਨ ਗੈਰ-ਕਾਨੂੰਨੀ ਤੌਰ ’ਤੇ ਰਹਿ ਰਹੇ ਲੋਕਾਂ ਨੂੰ ਖੁਦ ਦੇਸ਼ ਛੱਡਣ ਲਈ ਲਗਾਤਾਰ ਚਿਤਾਵਨੀਆਂ ਦੇ ਰਿਹਾ ਹੈ।

## ਜਲੰਧਰ ਬੰਦ ਦੌਰਾਨ ਬਾਜ਼ਾਰ ਦੁਕਾਨਾਂ ਪੂਰੀ ਤਰ੍ਹਾਂ ਬੰਦ ਸੜਕਾਂ ਤੇ ਸੰਨਾਟਾ

**(ਪੈਗਾਮ-ਏ-ਜਗਤ) :** ਜਲੰਧਰ:- ਲੁਧਿਆਣਾ ਵਿਚ ਡਾ. ਭੀਮ ਰਾਓ. ਅੰਬੇਡਕਰ ਦੀ ਮੂਰਤੀ ਨਾਲ ਕੀਤੀ ਗਈ ਛੇੜਛਾੜ ਦੇ ਵਿਰੋਧ ਵਿਚ ਅੱਜ ਜਲੰਧਰ ਬੰਦ ਕੀਤਾ ਗਿਆ ਹੈ। ਬੀਤੇ ਦਿਨ ਵਾਲਮੀਕਿ ਭਾਈਚਾਰੇ ਵੱਲੋਂ ਸਵੇਰੇ 9 ਵਜੋਂ ਤੋਂ ਲੈ ਕੇ ਸ਼ਾਮ 5 ਵਜੇ ਤੱਕ ਜਲੰਧਰ ਬੰਦ ਦੀ ਕਾਲ ਦਿੱਤੀ ਗਈ ਸੀ। ਇਸੇ ਤਹਿਤ ਸਵੇਰ ਤੋਂ ਜਲੰਧਰ ਸ਼ਹਿਰ ਦੇ ਸਾਰੇ ਬਾਜ਼ਾਰ ਅਤੇ ਦੁਕਾਨਾਂ ਬੰਦ ਹਨ। ਬੈਂਕ ਵੀ ਬੰਦ ਹਨ, ਉਥੇ ਹੀ ਹੁਸ਼ਿਆਰਪੁਰ ਵਿਚ ਵੀ ਪ੍ਰਦਰਸ਼ਨਕਾਰੀਆਂ ਨੇ ਬਾਜ਼ਾਰ ਬੰਦ ਕਰਵਾਏ ਹਨ।

ਇਸ ਸਬੰਧ ਵਿਚ ਜਥੇਬੰਦੀਆਂ ਨੇ ਸਪੱਸ਼ਟ ਕੀਤਾ ਹੈ ਕਿ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਨੂੰ ਧਿਆਨ ਵਿਚ ਰੱਖਦਿਆਂ ਸਕੂਲ ਅਤੇ ਕਾਲਜਾਂ ਨੂੰ ਬੰਦ ਤੋਂ ਮੁਕਤ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਮੈਡੀਕਲ ਸਟੋਰ ਅਤੇ ਐਮਰਜੈਂਸੀ ਸਿਹਤ ਸੇਵਾਵਾਂ ਵੀ ਆਮ ਵਾਂਗ ਜਾਰੀ ਰਹਿਣਗੀਆਂ। ਜਲੰਧਰ ਬੰਦ ਨੂੰ ਲੈ ਕੇ ਪੁਲਸ ਅਤੇ ਪ੍ਰਸ਼ਾਸਨ ਵੱਲੋਂ ਸ਼ਹਿਰ ਵਿਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰਹੇ। ਭਗਵਾਨ ਵਾਲਮੀਕਿ ਸ਼ਕਤੀ ਕ੍ਰਾਂਤੀ ਸੈਨਾ ਪੰਜਾਬ ਦੇ ਪ੍ਰਧਾਨ ਰਾਜੀਵ ਗੋਰਾ ਨੇ ਦੱਸਿਆ ਕਿ ਮੁੱਖ ਧਰਨਾ ਜਲੰਧਰ ਦੇ ਡਾ. ਭੀਮ ਰਾਓ ਅੰਬੇਡਕਰ ਚੌਂਕ 'ਤੇ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਮੈਂਬਰਾਂ ਨੇ ਬਾਜ਼ਾਰਾਂ ਦਾ ਦੌਰਾ ਕੀਤਾ ਅਤੇ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਬੰਦ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਲੰਧਰ ਦੇ ਸਭ ਤੋਂ ਰੁਝੇਵੇਂ ਵਾਲੇ ਰੈਣਕ ਬਾਜ਼ਾਰ ਦੇ ਵਪਾਰੀਆਂ ਤੋਂ ਪਹਿਲਾਂ ਹੀ ਸਮਰਥਨ ਪ੍ਰਾਪਤ ਹੋ ਚੁੱਕਾ ਹੈ। ਹੋਰ ਬਾਜ਼ਾਰਾਂ ਦੇ ਦੁਕਾਨਦਾਰਾਂ ਨੇ ਵੀ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਸਹਿਯੋਗ ਦਿੱਤਾ।

ਦੱਸ ਦੇਈਏ ਕਿ 'ਭੀਮ ਕ੍ਰਾਂਤੀ ਸੇਨਾ' ਦੇ ਪ੍ਰਧਾਨ ਗੌਰਵ ਨੇ ਦੋਸ਼ ਲਾਇਆ ਕਿ ਕੁਝ ਸਿਆਸੀ ਪਾਰਟੀਆਂ ਆਪਣੀ ਰਾਜਨੀਤੀ ਚਮਕਾਉਣ ਲਈ ਅਜਿਹੀਆਂ ਘਟਨਾਵਾਂ ਕਰਵਾ ਰਹੀਆਂ ਹਨ ਅਤੇ ਪੁਲਸ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਨਹੀਂ ਕਰ ਰਹੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਨਾ ਹੋਣ ਦੇ ਵਿਰੋਧ 'ਚ ਹੀ ਬੰਦ ਦਾ ਫ਼ੈਸਲਾ ਲਿਆ ਗਿਆ ਹੈ ਅਤੇ ਜੇਕਰ ਪੁਲਸ ਨੇ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਨਾ ਕੀਤਾ ਤਾਂ ਇਸ ਅੰਦੋਲਨ ਨੂੰ ਸੂਬਾ ਪੱਧਰ 'ਤੇ ਹੋਰ ਤੇਜ਼ ਕੀਤਾ ਜਾਵੇਗਾ।

ਉਥੇ ਹੀ ਦੂਜੇ ਪਾਸੇ ਲੁਧਿਆਣਾ ਵਿਚ ਅੱਜ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਪੁਲਸ ਲਾਈਨਜ਼ ਵਿਖੇ ਦਲਿਤ ਭਾਈਚਾਰੇ ਨਾਲ ਮੀਟਿੰਗ ਕਰਨਗੇ। ਪੁਲਸ ਦਾ ਕਹਿਣਾ ਹੈ ਕਿ ਮਾਮਲਾ ਜਲਦੀ ਹੀ ਹੱਲ ਹੋ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਜੋ ਵੀ ਦੋਸ਼ੀ ਪਾਇਆ ਗਿਆ, ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

## ਸੁਪਰੀਮ ਕੋਰਟ ਵੱਲੋਂ ਗੈਂਗਸਟਰ ਅਬੂ ਸਲੇਮ ਦੀ ਹਿਰਾਸਤ ਤੋਂ ਰਿਹਾਈ ਦੀ ਅਰਜ਼ੀ ਖਾਰਜ

**(ਪੈਗਾਮ-ਏ-ਜਗਤ) :** ਨਵੀਂ ਦਿੱਲੀ:- ਸੁਪਰੀਮ ਕੋਰਟ ਨੇ ਵੀਰਵਾਰ ਨੂੰ ਗੈਂਗਸਟਰ ਅਬੂ ਸਲੇਮ ਵੱਲੋਂ ਦਾਇਰ ਕੀਤੀ ਗਈ ਉਸ ਅਰਜ਼ੀ ਨੂੰ ਖਾਰਜ ਕਰ ਦਿੱਤਾ, ਜਿਸ ਵਿੱਚ ਉਸ ਨੇ ਪੁਰਤਗਾਲ ਤੋਂ ਉਸ ਦੀ ਹਵਾਲਗੀ ਦੀਆਂ ਸ਼ਰਤਾਂ ਤਹਿਤ ਲਾਜ਼ਮੀ ਤੌਰ ’ਤੇ ਭਾਰਤ ਵਿੱਚ 25 ਸਾਲ ਜੇਲ੍ਹ ਪੂਰੀ ਕਰਨ ਦੇ ਆਧਾਰ 'ਤੇ ਹਿਰਾਸਤ ਤੋਂ ਰਿਹਾਈ ਦੀ ਮੰਗ ਕੀਤੀ ਸੀ।

ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਬੰਬੇ ਹਾਈ ਕੋਰਟ ਦੇ ਅਪ੍ਰੈਲ ਦੇ ਹੁਕਮਾਂ ਨੂੰ ਬਰਕਰਾਰ ਰੱਖਿਆ, ਜਿਸ ਨੇ ਉਸ ਦੀ ਫੌਰੀ ਰਿਹਾਈ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ "ਸਮੇਂ ਤੋਂ ਪਹਿਲਾਂ" (ਪ੍ਰੀਮੇਚਿਅਰ) ਅਤੇ "ਗਲਤ ਧਾਰਨਾ ਵਾਲੀ" (ਮਿਸਕੌਂਸੀਵਡ) ਕਹਿ ਕੇ ਖਾਰਜ ਕਰ ਦਿੱਤਾ ਸੀ।

ਸਿਖਰਲੀ ਅਦਾਲਤ ਨੇ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦੇਣ ਵਾਲੀ ਸਲੇਮ ਦੀ ਅਰਜ਼ੀ 'ਤੇ ਆਪਣਾ ਫ਼ੈਸਲਾ ਸੁਣਾਇਆ। ਇੱਕ ਵਿਸਤ੍ਰਿਤ ਫ਼ੈਸਲੇ ਦੀ ਉਡੀਕ ਹੈ। 1993 ਦੇ ਮੁੰਬਈ ਲੜੀਵਾਰ ਧਮਾਕਿਆਂ ਵਿੱਚ ਦੋਸ਼ੀ ਸਲੇਮ ਨੂੰ ਇੱਕ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ 11 ਨਵੰਬਰ 2005 ਨੂੰ ਪੁਰਤਗਾਲ ਤੋਂ ਹਵਾਲੇ ਕੀਤਾ ਗਿਆ ਸੀ। ਭਾਰਤ ਅਤੇ ਪੁਰਤਗਾਲ ਦੁਆਰਾ ਸਹਿਮਤ ਕੀਤੀਆਂ ਗਈਆਂ ਹਵਾਲਗੀ ਦੀਆਂ ਸ਼ਰਤਾਂ ਅਨੁਸਾਰ, ਸਲੇਮ ਨੂੰ ਮੌਤ ਦੀ ਸਜ਼ਾ ਨਹੀਂ ਦਿੱਤੀ ਜਾ ਸਕਦੀ ਅਤੇ ਉਸ ਦੀ ਜੇਲ੍ਹ ਦੀ ਸਜ਼ਾ 25 ਸਾਲ ਤੋਂ ਵੱਧ ਨਹੀਂ ਹੋ ਸਕਦੀ।

## ਜੂਨੀਅਰ ਏਸ਼ੀਆ ਕੱਪ ਵਿੱਚ ਸਭ ਤੋਂ ਵੱਡੀ ਜਿੱਤ ਭਾਰਤੀ ਮਹਿਲਾ ਹਾਕੀ ਟੀਮ ਨੇ ਪਾਕਿਸਤਾਨ ਨੂੰ 190 ਨਾਲ ਹਰਾਇਆ

**(ਪੈਗਾਮ-ਏ-ਜਗਤ) :** ਮੋਕਵੀ:- ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਨੇ ਪਾਕਿਸਤਾਨ ਵਿਰੁੱਧ 19 ਗੋਲ ਕਰਕੇ ਇਤਿਹਾਸਕ ਜਿੱਤ ਦਰਜ ਕੀਤੀ। ਪਾਕਿਸਤਾਨੀ ਟੀਮ ਇੱਕ ਵੀ ਗੋਲ ਕਰਨ ਵਿੱਚ ਨਾਕਾਮ ਰਹੀ। ਇਹ ਮਹਿਲਾ ਜੂਨੀਅਰ ਹਾਕੀ ਵਿੱਚ ਭਾਰਤ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਜਿੱਤ ਹੈ।

ਵੀਰਵਾਰ ਨੂੰ ਜੂਨੀਅਰ ਏਸ਼ੀਆ ਕੱਪ ਦੇ ਕੁਆਰਟਰ ਫਾਈਨਲ ਵਿੱਚ ਪਾਕਿਸਤਾਨ ਨੂੰ ਹਰਾ ਕੇ ਮੌਜੂਦਾ ਚੈਂਪੀਅਨ ਭਾਰਤ ਨੇ ਸੈਮੀਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ। ਭਾਰਤ ਨੇ ਪਹਿਲੇ ਹਾਫ ਵਿੱਚ 10 ਅਤੇ ਦੂਜੇ ਹਾਫ ਵਿੱਚ 9 ਗੋਲ ਕੀਤੇ। ਪੂਜਾ ਮਲਿਕ ਨੇ ਭਾਰਤ ਲਈ ਹੈਟ੍ਰਿਕ ਲਗਾਈ। ਸਾਨਿਕਾ ਚੰਦਰਕਾਂਤ ਮਾਨੇ, ਮਧੂ ਸਿਦਾਰ, ਸੁਪਰੀਆ ਅਤੇ ਰੋਸ਼ਨੀ ਆਇੰਦ ਨੇ ਦੋ-ਦੋ ਗੋਲ ਕੀਤੇ।

ਭਾਰਤ ਨੇ ਪਹਿਲੇ ਹੀ ਕੁਆਰਟਰ ਵਿੱਚ ਪੰਜ ਗੋਲ ਕੀਤੇ; ਪੂਜਾ ਸਾਹੂ ਨੇ 7ਵੇਂ ਮਿੰਟ ਵਿੱਚ ਗੋਲ ਕਰਕੇ ਖਾਤਾ ਖੋਲ੍ਹਿਆ, ਜਿਸ ਤੋਂ ਬਾਅਦ ਰੋਸ਼ਨੀ ਆਇੰਦ (9ਵੇਂ), ਤਨੁਸ਼੍ਰੀ ਦਿਨੇਸ਼ ਕਾਡੂ (11ਵੇਂ), ਸੁਖਵੀਰ ਕੌਰ (13ਵੇਂ) ਅਤੇ ਸਾਨਿਕਾ ਮਾਨੇ (13ਵੇਂ) ਨੇ ਗੋਲ ਕੀਤੇ। ਦੂਜੇ ਕੁਆਰਟਰ ਵਿੱਚ ਮਧੂ ਸਿਦਾਰ, ਗੀਤਾ ਯਾਦਵ, ਸਾਨਿਕਾ ਮਾਨੇ, ਤਨੁਜਾ ਟੋਪੋ ਅਤੇ ਪੂਜਾ ਮਲਿਕ ਨੇ ਗੋਲ ਕੀਤੇ, ਜਿਸ ਨਾਲ ਹਾਫ-ਟਾਈਮ ਤੱਕ ਭਾਰਤ ਨੂੰ 10-0 ਦੀ ਬੜ੍ਹਤ ਮਿਲ ਗਈ।

ਤੀਜੇ ਕੁਆਰਟਰ ਵਿੱਚ ਪੂਰਨਿਮਾ ਯਾਦਵ, ਮਧੂ ਸਿਦਾਰ ਅਤੇ ਸੁਪਰੀਆ ਨੇ ਗੋਲ ਕੀਤੇ। ਆਖਰੀ ਕੁਆਰਟਰ ਵਿੱਚ ਕ੍ਰਿਸ਼ਨਾ ਸ਼ਰਮਾ, ਪੂਜਾ ਮਲਿਕ, ਸੁਪਰੀਆ, ਬਿਨੀਮਾ ਧਨ ਅਤੇ ਰੋਸ਼ਨੀ ਆਇੰਦ ਨੇ ਗੋਲ ਕੀਤੇ। ਪੂਜਾ ਮਲਿਕ ਨੇ 49ਵੇਂ ਅਤੇ 51ਵੇਂ ਮਿੰਟ ਵਿੱਚ ਗੋਲ ਕਰਕੇ ਆਪਣੀ ਹੈਟ੍ਰਿਕ ਪੂਰੀ ਕੀਤੀ, ਜਦਕਿ ਰੋਸ਼ਨੀ ਨੇ 60ਵੇਂ ਮਿੰਟ ਵਿੱਚ ਭਾਰਤ ਦਾ 19ਵਾਂ ਗੋਲ ਕੀਤਾ।

## ਪੁਲਾੜ ਸੰਮੇਲਨ ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਸੰਦੇਸ਼ ਇੱਕ ਧਰਤੀ ਇੱਕ ਪਰਿਵਾਰ ਇੱਕ ਭਵਿੱਖ ਦੀ ਭਾਵਨਾ ਤੇ ਆਧਾਰਿਤ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦੀ ਮੰਗ

**(ਪੈਗਾਮ-ਏ-ਜਗਤ) :** ਨਵੀਂ ਦਿੱਲੀ:- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਕਿਹਾ ਕਿ ਭਾਰਤ ਅੰਤਰਰਾਸ਼ਟਰੀ ਕਾਨੂੰਨ 'ਤੇ ਆਧਾਰਿਤ ਇੱਕ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦਾ ਸਮਰਥਨ ਕਰਦਾ ਹੈ। ਉਨ੍ਹਾਂ ਕਿਹਾ, "ਪੁਲਾੜ ਦੀਆਂ ਸੰਭਾਵਨਾਵਾਂ ਅਸੀਮਤ ਹਨ ਅਤੇ ਸਾਡੀ ਜ਼ਿੰਮੇਵਾਰੀ ਸਮੂਹਿਕ ਹੈ।" ਪੈਰਿਸ ਵਿੱਚ ਆਯੋਜਿਤ ਅੰਤਰਰਾਸ਼ਟਰੀ ਪੁਲਾੜ ਸੰਮੇਲਨ ਨੂੰ ਵਰਚੁਅਲ ਲਿੰਕ ਰਾਹੀਂ ਸੰਬੋਧਨ ਕਰਦਿਆਂ, ਮੋਦੀ ਨੇ ਫਰਾਂਸ ਅਤੇ ਹੋਰ ਦੇਸ਼ਾਂ ਨੂੰ ਭਾਰਤ ਦੀ ਅਗਲੀ ਪੀੜ੍ਹੀ ਦੀ ਪੁਲਾੜ ਖੋਜ ਵਿੱਚ "ਸਹਿ-ਯਾਤਰੀ" ਬਣਨ ਦਾ ਸੱਦਾ ਵੀ ਦਿੱਤਾ।

ਉਨ੍ਹਾਂ ਕਿਹਾ, "ਅਸੀਂ ਅੰਤਰਰਾਸ਼ਟਰੀ ਕਾਨੂੰਨ 'ਤੇ ਆਧਾਰਿਤ ਇੱਕ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦਾ ਸਮਰਥਨ ਕਰਦੇ ਹਾਂ। ਸਾਂਝੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਵਿਗਿਆਨਕ ਅੰਕੜਿਆਂ ਦੀ ਵਰਤੋਂ ਇਮਾਨਦਾਰੀ ਨਾਲ ਕੀਤੀ ਜਾਣੀ ਚਾਹੀਦੀ ਹੈ। ਭਾਰਤ ਦੀ ਪੁਲਾੜ ਯਾਤਰਾ ਇਸੇ ਭਾਵਨਾ ਨੂੰ ਦਰਸਾਉਂਦੀ ਹੈ।" ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਪਹੁੰਚ 'ਵਸੁਧੈਵ ਕੁਟੁੰਬਕਮ'—ਜਿਸਦਾ ਅਰਥ ਹੈ 'ਇੱਕ ਧਰਤੀ, ਇੱਕ ਪਰਿਵਾਰ, ਇੱਕ ਭਵਿੱਖ'—ਦੀ ਭਾਵਨਾ 'ਤੇ ਆਧਾਰਿਤ ਹੈ ਅਤੇ ਇਹ ਭਾਵਨਾ ਧਰਤੀ ਤੋਂ ਪਾਰ ਪੁਲਾੜ ਤੱਕ ਫੈਲਣੀ ਚਾਹੀਦੀ ਹੈ।

ਮੋਦੀ ਨੇ ਕਿਹਾ ਕਿ ਪੁਲਾੜ ਨੇ ਸਦੀਆਂ ਤੋਂ ਮਨੁੱਖੀ ਕਲਪਨਾ ਨੂੰ ਪ੍ਰੇਰਿਤ ਕੀਤਾ ਹੈ ਅਤੇ ਹੁਣ ਇਹ ਧਰਤੀ 'ਤੇ ਜਾਨਾਂ ਬਚਾਉਣ ਵਿੱਚ ਮਦਦ ਕਰ ਰਿਹਾ ਹੈ। ਉਨ੍ਹਾਂ ਦੁਹਰਾਇਆ, "ਪੁਲਾੜ ਦੀਆਂ ਸੰਭਾਵਨਾਵਾਂ ਅਸੀਮਤ ਹਨ। ਸਾਡੀ ਜ਼ਿੰਮੇਵਾਰੀ ਸਮੂਹਿਕ ਹੈ।" ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤੀ ਪੁਲਾੜ ਖੋਜ ਸੰਗਠਨ ਦੀ ਤਕਨਾਲੋਜੀ ਅਤੇ ਭਾਈਵਾਲੀ ਨਾ ਸਿਰਫ਼ ਭਾਰਤ ਲਈ, ਸਗੋਂ ਪੂਰੀ ਦੁਨੀਆ ਲਈ ਲਾਹੇਵੰਦ ਹਨ। ਮੋਦੀ ਨੇ ਅੱਗੇ ਕਿਹਾ, "ਇਸ ਵਿਸ਼ਵਵਿਆਪੀ ਭਰੋਸੇ ਦੇ ਪਿੱਛੇ ਭਾਰਤੀ ਵਿਗਿਆਨੀਆਂ, ਇੰਜੀਨੀਅਰਾਂ ਅਤੇ ਤਕਨੀਸ਼ੀਅਨਾਂ ਦੀਆਂ ਕਈ ਪੀੜ੍ਹੀਆਂ ਦਾ ਸਮਰਪਣ ਅਤੇ ਸਖ਼ਤ ਮਿਹਨਤ ਹੈ। ਦਿਨ-ਰਾਤ ਕੰਮ ਕਰਕੇ ਉਨ੍ਹਾਂ ਨੇ ISRO ਦੀ ਸਾਖ ਕਾਇਮ ਕੀਤੀ ਹੈ।"

## ਸੈਂਟਰਲ ਵਾਲਮੀਕਿ ਸਭਾ ਇੰਡੀਆ ਅਤੇ ਡਾ ਭੀਮ ਰਾਓ ਅੰਬੇਡਕਰ ਵੈੱਲਫੇਅਰ ਸੁਸਾਇਟੀ ਪਟਿਆਲਾ ਵੱਲੋਂ ਲੁਧਿਆਣਾ ਵਿਖੇ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦੀ ਪ੍ਰਤਿਮਾ ਬੁੱਤ ਦੀ ਬੇਅਦਬੀ ਦੀ ਨਿੰਦਾ

**(ਪੈਗਾਮ-ਏ-ਜਗਤ) :** ਪਟਿਆਲਾ, 10 ਸਤੰਬਰ:- ਸੈਂਟਰਲ ਵਾਲਮੀਕਿ ਸਭਾ ਇੰਡੀਆ ਅਤੇ ਡਾ. ਭੀਮ ਰਾਓ ਅੰਬੇਡਕਰ ਵੈੱਲਫੇਅਰ ਸੁਸਾਇਟੀ ਪਟਿਆਲਾ ਵੱਲੋਂ ਲੁਧਿਆਣਾ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਪ੍ਰਤਿਮਾ (ਬੁੱਤ) ਤੇ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਗਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਸੀਨੀਅਰ ਦਲਿਤ ਆਗੂ ਰਾਜੇਸ਼ ਘਾਰੂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਲੁਧਿਆਣਾ ਦੇ ਪੁਲਿਸ ਪ੍ਰਸ਼ਾਸਨ ਵੱਲੋਂ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

ਇਸ ਮੌਕੇ ਡਾ. ਭੀਮ ਰਾਓ ਅੰਬੇਡਕਰ ਵੈੱਲਫੇਅਰ ਸੁਸਾਇਟੀ ਪਟਿਆਲਾ ਦੇ ਪ੍ਰਧਾਨ ਨਰੇਸ਼ ਕੁਮਾਰ ਬੋਬੀ ਤੇ ਚੇਅਰਮੈਨ ਰਾਮ ਚੰਦਰ ਟਾਂਕ ਨੇ ਇਸ ਘਟਨਾ ਦੀ ਨਿੰਦਾ ਕਰਦਿਆਂ ਕਿਹਾ ਕਿ ਦੋਸ਼ੀਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾਵੇ ਤਾਂ ਜੋ ਪੰਜਾਬ ਦੇ ਵਿੱਚ ਭਾਈਚਾਰਕ ਸਾਂਝ ਤੇ ਅਮਨ ਸ਼ਾਂਤੀ ਕਾਇਮ ਰਹਿ ਸਕੇ।

ਹੋਰਨਾਂ ਤੋਂ ਇਲਾਵਾ ਇਸ ਮੌਕੇ ਦੀਪਕ ਟਿਵਾਣਾ ਵਾਇਸ ਪ੍ਰਧਾਨ, ਚੰਦੂ ਕਲਿਆਣ ਯੂਥ ਪ੍ਰਧਾਨ, ਸਤਨਾਮ ਸਿੰਘ, ਮੋਹਨ ਲਾਲ ਅਟਵਾਲ ਆਦਿ ਹਾਜ਼ਿਰ ਹੋਏ।

ਇਸ਼ਤਿਹਾਰ

Admissions Open 2026
City Public School
Now accepting applications for the new academic year.
2 ਕਾਲਮ × 8 cm · B/W

info@paigamejagat.com · ਸਾਲ-3 · ਅੰਕ-131 · Chandigarh · 9878862733, 9872340701

## ਭਾਰਤੀ ਮੂਲ ਦੇ ਜੋੜੇ ਨੇ ਅਮਰੀਕੀ ਯੂਨੀਵਰਸਿਟੀ ਨੂੰ 2 ਕਰੋੜ ਡਾਲਰ ਦਾਨ ਕੀਤੇ

**(ਪੈਗਾਮ-ਏ-ਜਗਤ) :** ਨਿਊਯਾਰਕ:- ਭਾਰਤੀ ਮੂਲ ਦੇ ਇੱਕ ਜੋੜੇ ਨੇ ਟੈਕਸਾਸ ਵਿੱਚ ਆਪਣੀ ਪੜ੍ਹਾਈ ਕਰਨ ਵਾਲੀ ਯੂਨੀਵਰਸਿਟੀ ਨੂੰ 2 ਕਰੋੜ ਡਾਲਰ ਦਾਨ ਕੀਤੇ ਹਨ। ਇਸ ਦਾਨ ਨਾਲ ਸੰਸਥਾ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਨਕਲੀ ਬੁੱਧੀ) ਅਤੇ ਉੱਨਤ ਵਿਸ਼ਲੇਸ਼ਣ 'ਤੇ ਅਧਿਐਨ ਨੂੰ ਵੱਡਾ ਹੁਲਾਰਾ ਮਿਲਿਆ ਹੈ, ਜੋ ਕਿ ਪਰਵਾਸੀਆਂ ਦੇ "ਅਮਰੀਕੀ ਸੁਪਨੇ" ਨੂੰ ਸਕਾਰ ਕਰਨ ਵਿੱਚ ਉਨ੍ਹਾਂ ਦੇ ਅਹਿਮ ਯੋਗਦਾਨ ਨੂੰ ਬਾਖ਼ੂਬੀ ਦਰਸਾਉਂਦਾ ਹੈ।

ਇੱਕ ਪ੍ਰੈੱਸ ਬਿਆਨ ਵਿੱਚ ਕਿਹਾ ਗਿਆ ਹੈ ਕਿ ਅਨੁਰਾਧਾ ਅਤੇ ਵਿਕਾਸ ਸਿਨਹਾ ਨੇ ਵਿਦਿਆਰਥੀਆਂ ਅਤੇ ਫੈਕਲਟੀ ਲਈ ਨਵੇਂ ਮੌਕੇ ਪੈਦਾ ਕਰਦੇ ਹੋਏ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਨਤ ਵਿਸ਼ਲੇਸ਼ਣ 'ਤੇ ਧਿਆਨ ਕੇਂਦਰਤ ਕਰਦੇ ਹੋਏ ਯੂਨੀਵਰਸਿਟੀ ਆਫ਼ ਨਾਰਥ ਟੈਕਸਾਸ ਨੂੰ 20 ਮਿਲੀਅਨ(2 ਕਰੋੜ) ਡਾਲਰ ਦਾ ਤੋਹਫ਼ਾ ਦਿੱਤਾ ਹੈ।

ਇਸ ਤੋਹਫ਼ੇ ਦੀ ਮਾਨਤਾ ਵਿੱਚ ਯੂ.ਐੱਨ.ਟੀ. 'ਅਨੁਰਾਧਾ ਐਂਡ ਵਿਕਾਸ ਸਿਨਹਾ ਕਾਲਜ ਆਫ਼ ਆਰਟੀਫੀਸ਼ੀਅਲ ਇੰਟੈਲੀਜੈਂਸ ਐਂਡ ਐਡਵਾਂਸਡ ਐਨਾਲਿਟਿਕਸ' ਦੀ ਸਥਾਪਨਾ ਕਰੇਗਾ, ਜੋ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ, ਬੁੱਧੀਮਾਨ ਪ੍ਰਣਾਲੀਆਂ ਅਤੇ ਡੇਟਾ ਵਿਸ਼ਲੇਸ਼ਣ 'ਤੇ ਕੇਂਦ੍ਰਿਤ ਇੱਕ ਅਕਾਦਮਿਕ ਅਤੇ ਖੋਜ ਕੇਂਦਰ ਵਜੋਂ ਕੰਮ ਕਰੇਗਾ, ਜਿਸ ਵਿੱਚ ਏ.ਆਈ., ਸਾਈਬਰ ਸੁਰੱਖਿਆ, ਡੇਟਾ ਸਾਇੰਸ, ਉੱਨਤ ਵਿਸ਼ਲੇਸ਼ਣ, ਸਿਹਤ ਜਾਣਕਾਰੀ ਵਿਗਿਆਨ, ਲਾਇਬ੍ਰੇਰੀ ਵਿਗਿਆਨ ਅਤੇ ਸਿੱਖਣ ਦੀਆਂ ਤਕਨਾਲੋਜੀਆਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਮੁਹਾਰਤ ਨੂੰ ਇਕੱਠਾ ਕੀਤਾ ਜਾਵੇਗਾ।

ਯੂ.ਐੱਨ.ਟੀ. ਵਿੱਚ ਸਿਨਹਾ ਪਰਿਵਾਰ ਦਾ ਨਿਵੇਸ਼ ਯੂਨੀਵਰਸਿਟੀ ਨਾਲ ਉਨ੍ਹਾਂ ਦੀ ਸ਼ਮੂਲੀਅਤ ਦੇ ਨਾਲ-ਨਾਲ ਵਧਿਆ ਹੈ। 2024 ਵਿੱਚ, ਉਨ੍ਹਾਂ ਨੇ ਸਕਾਲਰਸ਼ਿਪਾਂ, ਫੈਕਲਟੀ, ਖੋਜ ਅਤੇ ਵਿਸ਼ੇਸ਼ ਪਹਿਲਕਦਮੀਆਂ ਦਾ ਸਮਰਥਨ ਕਰਨ ਵਾਲੇ ਐਂਡੋਮੈਂਟਸ ਦੇ ਨਾਲ-ਨਾਲ 'ਅਨੁਰਾਧਾ ਐਂਡ ਵਿਕਾਸ ਸਿਨਹਾ ਡਿਪਾਰਟਮੈਂਟ ਆਫ਼ ਡੇਟਾ ਸਾਇੰਸ' ਦੀ ਸਥਾਪਨਾ ਕਰਦੇ ਹੋਏ ਇੱਕ ਤੋਹਫ਼ਾ ਦਿੱਤਾ। ਇੱਕ ਸਾਲ ਬਾਅਦ, ਉਨ੍ਹਾਂ ਨੇ ਡੇਟਾ ਸਾਇੰਸ ਲਈ ਸਿਨਹਾ ਇਨੋਵੇਸ਼ਨ ਲੈਬ ਬਣਾਉਂਦੇ ਹੋਏ, ਇੱਕ ਹੋਰ ਵੱਡਾ ਤੋਹਫ਼ਾ ਦਿੱਤਾ।

ਵਿਕਾਸ ਸਿਨਹਾ ਨੇ ਕਿਹਾ, "ਸਿੱਖਿਆ ਨੇ ਸਾਡੇ ਸਾਰੀ ਉਮਰ ਦਰਵਾਜ਼ੇ ਖੋਲ੍ਹੇ ਹਨ, ਅਤੇ ਅਸੀਂ ਉਨ੍ਹਾਂ ਦਰਵਾਜ਼ਿਆਂ ਨੂੰ ਦੂਜਿਆਂ ਲਈ ਵੀ ਖੁੱਲ੍ਹਾ ਰੱਖਣਾ ਚਾਹੁੰਦੇ ਹਾਂ।" 20 ਮਿਲੀਅਨ ਡਾਲਰ ਦਾ ਇਹ ਤੋਹਫ਼ਾ ਕਾਲਜ ਦੀ ਅਗਵਾਈ, ਵਿਦਿਆਰਥੀ ਸਕਾਲਰਸ਼ਿਪ, ਐਂਡੋਡ ਪ੍ਰੋਫੈਸਰਸ਼ਿਪ, ਉੱਦਮਤਾ ਅਤੇ ਇਨਕਿਊਬੇਸ਼ਨ, ਉੱਨਤ ਖੋਜ ਅਤੇ ਉੱਭਰਦੀਆਂ ਤਕਨਾਲੋਜੀਆਂ ਦਾ ਸਮਰਥਨ ਕਰਨ ਵਾਲੇ ਛੇ ਸਥਾਈ ਐਂਡੋਮੈਂਟਾਂ ਦੀ ਸਥਾਪਨਾ ਕਰੇਗਾ।

ਯੂਨੀਵਰਸਿਟੀ ਆਫ਼ ਨਾਰਥ ਟੈਕਸਾਸ ਇੱਕ ਜਨਤਕ ਖੋਜ ਯੂਨੀਵਰਸਿਟੀ ਹੈ ਅਤੇ ਡੱਲਾਸ-ਫੋਰਟ ਵਰਥ ਵਿੱਚ ਸਭ ਤੋਂ ਵੱਡੀ ਯੂਨੀਵਰਸਿਟੀ ਹੈ। ਡੈਂਟਨ ਅਤੇ ਫ੍ਰਿਸਕੋ, ਟੈਕਸਾਸ ਵਿੱਚ ਆਪਣੇ ਕੈਂਪਸਾਂ ਰਾਹੀਂ, ਯੂ.ਐੱਨ.ਟੀ. 230 ਡਿਗਰੀ ਪ੍ਰੋਗਰਾਮਾਂ ਨਾਲ ਲਗਪਗ 44,000 ਵਿਦਿਆਰਥੀਆਂ ਦੀ ਸੇਵਾ ਕਰਦਾ ਹੈ, ਇਸਨੇ ਪਿਛਲੇ ਸਾਲ 13,000 ਤੋਂ ਵੱਧ ਡਿਗਰੀਆਂ ਪ੍ਰਦਾਨ ਕੀਤੀਆਂ ਹਨ।

## ਮੁਲਾਜ਼ਮ ਜਥੇਬੰਦੀਆਂ ਵਲੋਂ ਸਰਕਾਰ ਵਿਰੁੱਧ ਰੋਸ ਰੈਲੀ

**(ਪੈਗਾਮ-ਏ-ਜਗਤ) :** ਮੁਹਾਲੀ, 10 ਸਤੰਬਰ:- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵਲੋਂ ਸੰਚਾਲਤ ਸਾਂਝੀ ਤਾਲਮੇਲ ਸੰਘਰਸ਼ ਕਮੇਟੀ ਦੇ ਸੱਦੇ ਤੇ ਮਿਤੀ 8 ਸਤੰਬਰ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਮੁੱਖ ਦਫ਼ਤਰ ਮੁਹਾਲੀ ਅੰਦਰ ਸਮੁੱਚੇ ਮੁਲਾਜ਼ਮਾਂ ਵਲੋਂ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਫੈਸਲਿਆਂ ਵਿਰੁੱਧ ਵਿਸ਼ਾਲ ਰੋਸ ਰੈਲੀ ਕੀਤੀ ਗਈ।

ਜਿਸ ਵਿੱਚ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਸ ਸਰਕਾਰ ਵਲੋਂ ਜਿਥੇ ਸਮਾਜ ਦੇ ਵੱਖ ਵੱਖ ਵਰਗਾਂ ਨਾਲ ਵਾਅਦੇ ਕੀਤੇ ਉਥੇ ਮੁਲਾਜ਼ਮ ਵਰਗ ਨਾਲ ਵੀ ਗਰੰਟੀਆ ਕੀਤੀਆਂ ਗਈਆਂ। ਜਿਸ ਵਿੱਚ ਪ੍ਰਮੁੱਖ ਤੌਰ ਤੇ ਪੰਜਾਬ ਅੰਦਰ ਮਾਣ ਭੱਤਾ ਵਰਕਰਾਂ ਚਾਹੇ ਉਹ ਮਿੱਡ ਡੇ ਮੀਲ ਵਰਕਰਾਂ, ਆਸਾਂ ਵਰਕਰਾਂ ਅਤੇ ਆਂਗਨਵਾੜੀ ਵਰਕਰਾਂ ਨੂੰ ਹਰਿਆਣਾ ਪੈਟਰਨ ਤੇ ਵਧਾਕੇ ਮਾਣ ਭੱਤਾ ਦੇਣ ਦੀ ਗਰੰਟੀ ਦਿੱਤੀ ਜੋ ਕਿ ਅੱਜ ਤੱਕ ਪੂਰੀ ਨਹੀਂ ਕੀਤੀ ਗਈ।

ਇਸ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਵਿੱਚ ਲੰਬੇ ਸਮੇਂ ਤੋਂ ਕੱਚੇ ਤੌਰ ਤੇ ਕੰਮ ਕਰਦੇ ਕਾਮਿਆਂ ਨੂੰ ਰੈਗੂਲਰ ਨਹੀਂ ਕੀਤਾ ਗਿਆ, ਪੁਰਾਣੀ ਪੈਨਸ਼ਨ ਲਾਗੂ ਕਰਨ, ਪੈਨਸ਼ਨਰਾਂ ਨੂੰ 2.59 ਦਾ ਗੁਣਾਕ ਲਾਗੂ ਕਰਨ, ਕੇਂਦਰ ਦੇ ਸਕੇਲ ਲਾਗੂ ਕਰਨ ਦਾ ਪੱਤਰ ਰੱਦ ਕਰਨ, ਤਿੰਨ ਸਾਲ ਦਾ ਪ੍ਰੋਬੇਸਨ ਪੀਰੀਅਡ ਰੱਦ ਕਰਨ ਅਤੇ ਹੋਰ ਕਈ ਗਰੰਟੀਆ ਕੀਤੀਆਂ ਗਈਆਂ ਸਨ।

ਪ੍ਰੰਤੂ ਸੱਤਾ ਵਿੱਚ ਆਉਣ ਤੇ ਇਸ ਸਰਕਾਰ ਵਲੋਂ ਹੱਕ ਮੰਗਦੇ ਮੁਲਾਜ਼ਮਾਂ ਤੇ ਤਸ਼ੱਦਦ ਕਰਨਾ ਸ਼ੁਰੂ ਕਰ ਦਿੱਤਾ। ਚਾਹੇ ਬਿਜਲੀ ਬੋਰਡ ਦੇ ਲਾਈਨ ਮੈਨ ਹੋਣ, ਮਨਰੇਗਾ ਦੇ ਕਾਮੇ, ਬਰਨਾਲੇ ਸਫਾਈ ਸੇਵਕਾਂ ਦੇ ਉੱਤੇ ਅਤੇ ਸਤੌਂਜ ਮੁੱਖ ਮੰਤਰੀ ਦੇ ਪਿੰਡ ਪੁਰਾਣੀ ਪੈਨਸ਼ਨ ਬਹਾਲੀ ਮੋਰਚੇ ਉੱਤੇ ਪਾਣੀ ਦੀਆਂ ਬੁਛਾੜਾਂ, ਲਾਠੀ ਚਾਰਜ ਕੀਤਾ ਗਿਆ।

ਪੰਜਾਬ ਸਰਕਾਰ ਦੇ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਵਲੋਂ 7 ਅਗਸਤ ਨੂੰ ਚੰਡੀਗੜ੍ਹ ਵਿਖੇ ਲਾ ਮਿਸਾਲ ਰੈਲੀ ਕਰਕੇ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਗਿਆ ਹੈ। ਸਰਕਾਰ ਮਹਿੰਗਾਈ ਭੱਤਾ ਦੇ ਕੇਸ ਵਿੱਚ ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਵੀ ਲਾਗੂ ਕਰਨ ਤੋਂ ਇਨਕਾਰੀ ਹੋ ਗਈ ਹੈ। ਹੁਣ ਲੜਾਈ ਫੈਸਲਾ ਕੁਨ ਦੌਰ ਵਿੱਚ ਦਾਖਲ ਹੋ ਗਈ ਹੈ।

ਸਰਕਾਰ ਵਲੋਂ ਪੰਜਾਬ ਦੇ ਮੁਲਾਜ਼ਮਾਂ ਨੂੰ ਵੱਧ ਤਨਖਾਹਾਂ ਦੇਣ ਦਾ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ। ਮੁਲਾਜ਼ਮ ਆਗੂਆਂ ਸੁਖਚੈਨ ਸਿੰਘ ਖਹਿਰਾ ਅਤੇ ਸੁਸ਼ੀਲ ਕੁਮਾਰ ਫੌਜੀ ਦੀ ਬਦਲਾ ਲਊ ਭਾਵਨਾ ਨਾਲ ਬਦਲੀ ਕੀਤੀ ਗਈ ਹੈ ਜਿਸ ਕਾਰਨ ਮੁਲਾਜ਼ਮਾਂ ਅੰਦਰ ਰੋਸ ਭੜਕ ਗਿਆ ਹੈ।

ਸਰਕਾਰ ਦੇ ਵਿਰੁੱਧ ਸੱਚ ਝੂਠ ਦੀ ਲੜਾਈ ਪਿੰਡ ਪਿੰਡ, ਗਲੀ ਗਲੀ, ਮੁਹੱਲੇ ਮਹੱਲੇ ਲੜੀ ਜਾਵੇਗੀ। ਰੈਲੀ ਨੂੰ ਪ੍ਰਧਾਨ ਜਸਵੀਰ ਸਿੰਘ ਟੌਹੜਾ, ਮਨਪ੍ਰੀਤ ਕੌਰ, ਗੌਰਵ ਧੀਮਾਨ, ਨਵਤੇਜ ਸਿੰਘ, ਫਰੰਟ ਦੇ ਆਗੂ ਹਰਨੇਕ ਸਿੰਘ ਮਾਵੀ, ਗੁਰਪ੍ਰੀਤ ਸਿੰਘ ਬਾਠ ਅਤੇ ਗੁਰਬਿੰਦਰ ਸਿੰਘ ਚੰਡੀਗੜ੍ਹ ਨੇ ਵੀ ਸੰਬੋਧਨ ਕੀਤਾ।

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ 11 ਸਤੰਬਰ ਨੂੰ

**(ਪੈਗਾਮ-ਏ-ਜਗਤ) :** ਸੰਗਰੂਰ, 10 ਸਤੰਬਰ:-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦਫ਼ਤਰ, ਸੰਗਰੂਰ ਵੱਲੋਂ ਗਲੋਬਸ ਵੇਅਰਹਾਊਸਿੰਗ ਐਂਡ ਟਰੇਡਿੰਗ ਪ੍ਰਾਈਵੇਟ ਲਿਮ: ਅਤੇ ਐਮਾਜ਼ੋਨ ਕੰਪਨੀ ਨਾਲ ਤਾਲਮੇਲ ਕਰਕੇ 11.09.2026 ਦਿਨ ਸ਼ੁੱਕਰਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਸਬੰਧੀ ਜਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼੍ਰੀ ਰਵਿੰਦਰ ਸਿੰਘ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪਨੀ ਵੱਲੋਂ ਡਿਪਟੀ ਮੈਨੇਜਰ/ਅਸਿਸਟੈਂਟ ਮੈਨੇਜਰ, ਟੈਕਨੀਕਲ ਅਸਿਸਟੈਂਟ, ਆਫ਼ਿਸ ਐਗਜ਼ੀਕਿਊਟਿਵ, ਕਲਰਕ ਸਮੇਤ ਹੋਰਨਾਂ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿਅਕ ਯੋਗਤਾ 10ਵੀਂ,12ਵੀਂ, ਗਰੈਜੂਏਟ, ਬੀ.ਐਸ.ਸੀ, ਐਮ.ਐਸ.ਸੀ ਐਗਰੀਕਲਚਰ ਪਾਸ, ਉਮਰ 18 ਸਾਲ ਤੋਂ 45 ਸਾਲ ਹੋਣੀ ਚਾਹੀਦੀ ਹੈ।

ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਮਿਲਣ ਯੋਗ ਨਹੀਂ ਹੋਵੇਗਾ।

ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦਫ਼ਤਰ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

## ਅਮਰੀਕੀ ਰਿਪੋਰਟ ਦਾ ਦਾਅਵਾ ਭਾਰਤ ਕੋਲ 190 ਪ੍ਰਮਾਣੂ ਬੰਬ ਮੌਜੂਦ ਹਨ

**(ਪੈਗਾਮ-ਏ-ਜਗਤ) :** ਨਵੀਂ ਦਿੱਲੀ:- ਭਾਰਤ ਕੋਲ 190 ਪ੍ਰਮਾਣੂ ਹਥਿਆਰ ਮੌਜੂਦ ਹਨ। ਇਸ ਕੋਲ ਆਉਣ ਵਾਲੇ ਕੁਝ ਸਾਲਾਂ ਵਿੱਚ 225 ਹੋਰ ਪ੍ਰਮਾਣੂ ਹਥਿਆਰ ਤਿਆਰ ਕਰਨ ਦੀ ਸਮਰੱਥਾ ਹੈ। ਇਹ ਜਾਣਕਾਰੀ ਅਮਰੀਕਾ ਸਥਿਤ 'ਥਿੰਕ ਟੈਂਕ', ਫੈਡਰੇਸ਼ਨ ਆਫ਼ ਅਮੈਰੀਕਨ ਸਾਇੰਟਿਸਟਸ ਦੀ ਇੱਕ ਨਵੀਂ ਰਿਪੋਰਟ ਵਿੱਚ ਸਾਹਮਣੇ ਆਈ ਹੈ।

ਰਿਪੋਰਟ ਅਨੁਸਾਰ, ਭਾਰਤ ਸਮੁੰਦਰ ਤੋਂ ਪ੍ਰਮਾਣੂ ਹਮਲੇ ਕਰਨ ਦੀ ਆਪਣੀ ਸਮਰੱਥਾ ਨੂੰ ਵੀ ਲਗਾਤਾਰ ਮਜ਼ਬੂਤ ਕਰ ਰਿਹਾ ਹੈ। ਭਾਰਤ ਪ੍ਰਮਾਣੂ-ਸੰਚਾਲਿਤ ਬੈਲਿਸਟਿਕ ਮਿਜ਼ਾਈਲ ਪਣਡੁੱਬੀਆਂ ਦੇ ਬੇੜੇ ਰਾਹੀਂ ਸਮੁੰਦਰ ਵਿੱਚ ਇੱਕ 'ਪ੍ਰਮਾਣੂ ਢਾਲ' ਤਿਆਰ ਕਰ ਰਿਹਾ ਹੈ।

ਇਨ੍ਹਾਂ 190 ਪ੍ਰਮਾਣੂ ਹਥਿਆਰਾਂ ਵਿੱਚੋਂ, 160 ਤੋਂ ਵੱਧ ਮੌਜੂਦਾ ਮਿਜ਼ਾਈਲਾਂ ਲਈ ਹਨ, ਜਦੋਂ ਕਿ ਬਾਕੀ ਨਵੀਆਂ ਮਿਜ਼ਾਈਲਾਂ ਲਈ ਰੱਖੇ ਗਏ ਹਨ। ਐਫ.ਏ.ਐਸ. ਦਾ ਅਨੁਮਾਨ ਹੈ ਕਿ ਭਵਿੱਖ ਵਿੱਚ ਭਾਰਤ ਦੇ ਪ੍ਰਮਾਣੂ ਹਥਿਆਰਾਂ ਦੀ ਗਿਣਤੀ ਵਧ ਸਕਦੀ ਹੈ। ਭਾਰਤ ਲਗਾਤਾਰ ਆਪਣੇ ਪ੍ਰਮਾਣੂ ਹਥਿਆਰਾਂ ਦੇ ਭੰਡਾਰ ਨੂੰ ਆਧੁਨਿਕ ਬਣਾ ਰਿਹਾ ਹੈ; ਪਿਛਲੇ ਕੁਝ ਸਾਲਾਂ ਵਿੱਚ ਕਈ ਨਵੇਂ ਪ੍ਰਮਾਣੂ-ਸਮਰੱਥ ਹਥਿਆਰ ਹਥਿਆਰਬੰਦ ਬਲਾਂ ਵਿੱਚ ਸ਼ਾਮਲ ਕੀਤੇ ਗਏ ਹਨ, ਜਦੋਂ ਕਿ ਹੋਰ ਨਵੇਂ ਹਥਿਆਰ ਪ੍ਰਣਾਲੀਆਂ ਇਸ ਸਮੇਂ ਵਿਕਾਸ ਅਧੀਨ ਹਨ।

ਰਿਪੋਰਟ ਦਾ ਅਨੁਮਾਨ ਹੈ ਕਿ 2026 ਦੇ ਸ਼ੁਰੂ ਤੱਕ, ਭਾਰਤ ਕੋਲ ਲਗਭਗ 730 ਕਿਲੋਗ੍ਰਾਮ ਹਥਿਆਰ-ਪੱਧਰ ਦਾ ਪਲੂਟੋਨੀਅਮ ਹੋਵੇਗਾ, ਜਿਸ ਨਾਲ 225 ਤੱਕ ਵਾਰਹੈੱਡ ਤਿਆਰ ਕੀਤੇ ਜਾ ਸਕਣਗੇ। ਹਾਲਾਂਕਿ, ਰਿਪੋਰਟ ਇਹ ਸਪੱਸ਼ਟ ਕਰਦੀ ਹੈ ਕਿ ਇਹ ਸਿਰਫ਼ ਇੱਕ ਅਨੁਮਾਨ ਹੈ; ਅਸਲ ਗਿਣਤੀ ਵਾਰਹੈੱਡ ਦੇ ਡਿਜ਼ਾਈਨ ਅਤੇ ਰਾਖਵੇਂ ਰੱਖੇ ਗਏ ਪਦਾਰਥ 'ਤੇ ਨਿਰਭਰ ਕਰਦੀ ਹੈ।

## ਵਿਧਾਇਕ ਭਰਾਜ ਨੇ ਰੰਗਲਾ ਪੰਜਾਬ ਸਕੀਮ ਤਹਿਤ ਤਿੰਨ ਪਿੰਡਾਂ ਚ 55 ਲੱਖ ਰੁਪਏ ਦੇ ਵਿਕਾਸ ਕਾਰਜ ਕਰਵਾਏ ਸ਼ੁਰੂ

**(ਪੈਗਾਮ-ਏ-ਜਗਤ) :** ਸੰਗਰੂਰ, 10 ਸਤੰਬਰ:- ਵਿਧਾਨ ਸਭਾ ਹਲਕਾ ਸੰਗਰੂਰ ਦੇ ਪਿੰਡਾਂ ਨੂੰ ਆਧੁਨਿਕ ਅਤੇ ਬਿਹਤਰ ਬੁਨਿਆਦੀ ਸਹੂਲਤਾਂ ਨਾਲ ਜੋੜਨ ਦੇ ਉਦੇਸ਼ ਨਾਲ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ 'ਰੰਗਲਾ ਪੰਜਾਬ' ਸਕੀਮ ਤਹਿਤ ਤਿੰਨ ਪਿੰਡਾਂ ਵਿੱਚ ਕੁੱਲ 55 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।

ਵਿਧਾਇਕ ਭਰਾਜ ਨੇ ਪਿੰਡ ਨੰਦਗੜ੍ਹ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੇ ਨਿਰਮਾਣ, ਪਿੰਡ ਖੇੜੀ ਚੰਦਵਾ ਵਿਖੇ 4 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੇ ਵਿਕਾਸ ਅਤੇ ਪਿੰਡ ਸਾਰੋ ਵਿਖੇ 41 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਅਤੇ ਗਲੀਆਂ ਦੇ ਕੰਮਾਂ ਦੀ ਸ਼ੁਰੂਆਤ ਕਰਵਾਈ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਵਿਕਾਸ ਦੇ ਪੱਖੋਂ ਪਿੰਡਾਂ ਨੂੰ ਮਜ਼ਬੂਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵਿਕਾਸ ਕਾਰਜਾਂ ਨੂੰ ਸਿਆਸੀ ਭੇਦਭਾਵ ਤੋਂ ਉੱਪਰ ਉਠ ਕੇ ਲੋਕਾਂ ਦੀਆਂ ਲੋੜਾਂ ਅਨੁਸਾਰ ਤਰਜੀਹ ਦੇ ਰਹੀ ਹੈ।

ਉਨ੍ਹਾਂ ਕਿਹਾ ਕਿ 'ਰੰਗਲਾ ਪੰਜਾਬ' ਸਿਰਫ਼ ਇੱਕ ਯੋਜਨਾ ਨਹੀਂ, ਸਗੋਂ ਪੰਜਾਬ ਦੇ ਪਿੰਡਾਂ ਨੂੰ ਸਾਫ਼-ਸੁਥਰਾ, ਵਿਕਸਤ, ਖੁਸ਼ਹਾਲ ਅਤੇ ਬਿਹਤਰ ਜੀਵਨ ਸਹੂਲਤਾਂ ਵਾਲਾ ਬਣਾਉਣ ਦੀ ਦੂਰਅੰਦੇਸ਼ੀ ਸੋਚ ਹੈ। ਗਲੀਆਂ, ਸੀਵਰੇਜ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਿੱਧੇ ਤੌਰ 'ਤੇ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਸੁਖਾਲਾ ਬਣਾਉਂਦਾ ਹੈ।

ਵਿਧਾਇਕ ਭਰਾਜ ਨੇ ਕਿਹਾ ਕਿ ਵਿਕਾਸ ਦਾ ਅਸਲ ਮਕਸਦ ਲੋਕਾਂ ਦੀ ਜ਼ਿੰਦਗੀ ਵਿੱਚ ਠੋਸ ਅਤੇ ਸਕਾਰਾਤਮਕ ਬਦਲਾਅ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੋੜੀਂਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਦੀ ਗਤੀ ਹੋਰ ਤੇਜ਼ ਕੀਤੀ ਜਾਵੇਗੀ।

ਇਸ ਮੌਕੇ ਪੰਚਾਇਤਾਂ, ਸੰਮਤੀ ਮੈਂਬਰ ਕਰਮਜੀਤ ਕੌਰ, ਚਮਕੌਰ (ਖੇੜੀ ਚੰਦਵਾ), ਜੱਗੀ (ਨੰਦਗੜ੍ਹ), ਜੱਗੂ ਸਿੰਘ, ਹਰਿੰਦਰ ਸਿੰਘ ਅਤੇ ਤੇਜਵਿੰਦਰ ਸਿੰਘ ਸਮੇਤ ਪਿੰਡਾਂ ਦੇ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਵਸਨੀਕ ਹਾਜ਼ਰ ਸਨ। ਲੋਕਾਂ ਵੱਲੋਂ ਵਿਕਾਸ ਕਾਰਜ ਸ਼ੁਰੂ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਵਿਧਾਇਕ ਨਰਿੰਦਰ ਕੌਰ ਭਰਾਜ ਦਾ ਧੰਨਵਾਦ ਕੀਤਾ ਗਿਆ।

## ਪਿਤਾ ਜੀ ਦੀ ਬਰਸੀ ਰੋਟਰੀ ਆਈ ਬੈਂਕ ਨੂੰ ਮਾਲੀ ਸਹਾਇਤਾ ਦੇ ਕੇ ਯਾਦਗਾਰੀ ਬਣਾਈ

**(ਪੈਗਾਮ-ਏ-ਜਗਤ) :** ਗੜ੍ਹਸ਼ੰਕਰ, 10 ਸਤੰਬਰ:- ਗੜ੍ਹਸ਼ੰਕਰ ਰੋਟਰੀ ਆਈ ਬੈਂਕ ਅਤੇ ਕੋਰਨੀਆ ਟਰਾਂਸਪਲਾਂਟ ਸੁਸਾਈਟੀ ਨੇਤਰਹੀਣਾਂ ਨੂੰ ਰੋਸ਼ਨੀ ਪ੍ਰਦਾਨ ਕਰਨ ਤੋਂ ਅਤੇ ਸਰੀਰ ਦਾਨ ਕਰਨ ਲਈ ਕੰਮ ਕਰਦੀ ਹੈ। ਡਾਕਟਰ ਨਿਰਮਲ ਕੁਮਾਰ, ਸੀਨੀਅਰ ਮੈਡੀਕਲ ਅਫਸਰ, ਬਿਨੇਵਾਲ, ਗੜ੍ਹਸ਼ੰਕਰ ਵੱਲੋਂ ਆਪਣੇ ਪਿਤਾ ਜੀ ਸ਼੍ਰੀ ਮੋਹਣ ਲਾਲ ਜੀ ਦੀ ਯਾਦ ਵਿੱਚ ਉਹਨਾਂ ਦੀ ਬਰਸੀ 'ਤੇ 25 ਹਜ਼ਾਰ ਰੁਪਏ ਦੀ ਦਾਨ ਰਾਸ਼ੀ ਭੇਟ ਕੀਤੀ, ਤਾਂ ਜੋ ਉਹਨਾਂ ਦੀ ਯਾਦ ਵਿੱਚ ਕਿਸੇ ਲੋੜਵੰਦ ਨੂੰ ਰੋਸ਼ਨੀ ਮਿਲ ਸਕੇ।

ਸੰਸਥਾ ਵੱਲੋਂ ਸ੍ਰੀ ਜੇ. ਬੀ. ਬਹਿਲ, ਪ੍ਰਧਾਨ, ਡਾਕਟਰ ਤਰਸੇਮ ਸਿੰਘ, ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ, ਪ੍ਰੋਫੈਸਰ ਦਲਜੀਤ ਸਿੰਘ, ਜਨਰਲ ਸਕੱਤਰ, ਸ੍ਰੀ ਮਹਾਜਨ, ਕੈਸ਼ੀਅਰ, ਸ੍ਰੀ ਕਨਵਰ ਮੋਟੀਵੇਟਰ, ਗੜ੍ਹ ਸ਼ੰਕਰ ਯੂਨਿਟ ਦੇ ਪ੍ਰਧਾਨ ਡਾਕਟਰ ਲਖਵਿੰਦਰ ਕੁਮਾਰ, ਭੁਪਿੰਦਰ ਸਿੰਘ, ਜਨਰਲ ਸਕੱਤਰ, ਓਕਾਰ ਸਿੰਘ ਚਹਿਲਪੁਰੀ, ਸਕੱਤਰ, ਰਾਜਨ ਸਲਣ, ਕੈਸ਼ੀਅਰ, ਰਮਨਦੀਪ ਸਿੰਘ, ਦਫਤਰ, ਅਜਾਇਬ ਸਿੰਘ ਬੋਪਾ ਰਾਏ, ਸਕੱਤਰ ਮੌਜੂਦ ਸਨ।

ਸੰਸਥਾ ਵੱਲੋਂ ਸ੍ਰੀ ਜੇ. ਬੀ. ਬਹਿਲ ਤੇ ਡਾਕਟਰ ਤਰਸੇਮ ਸਿੰਘ ਨੇ ਡਾਕਟਰ ਨਿਰਮਲ ਸਿੰਘ ਜੀ ਦਾ ਇਹ ਮਹਾਨ ਪਰਉਪਕਾਰੀ ਕੰਮ ਲਈ ਧੰਨਵਾਦ ਕੀਤਾ। ਸੰਸਥਾ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਹੁਣ ਤੱਕ 4174 ਲੋਕਾਂ ਦੀ ਅੱਖਾਂ ਦੀ ਪੁਤਲੀ ਬਦਲਵਾ ਕੇ ਰੋਸ਼ਨੀ ਪ੍ਰਦਾਨ ਕਰ ਚੁੱਕੀ ਹੈ। ਇਹ ਸੇਵਾ ਨਿਰੰਤਰ ਜਾਰੀ ਹੈ।

ਜਿੱਥੇ ਵੀ ਕੋਈ ਵਿਅਕਤੀ ਅੱਖ ਦੀ ਖਰਾਬ ਪੁਤਲੀ ਤੋਂ ਪੀੜਤ ਹੈ, ਉਹ ਉਹਨਾਂ ਦੀ ਸੰਸਥਾ ਨਾਲ ਜਾਂ ਡਾਕਟਰ ਨਿਰਮਲ ਸਿੰਘ, ਸੀਨੀਅਰ ਮੈਡੀਕਲ ਅਫਸਰ ਨਾਲ ਸੰਪਰਕ ਕਰਨ। ਇਹ ਸੇਵਾ ਲੋੜਵੰਦਾਂ ਲਈ ਬਿਲਕੁਲ ਫਰੀ ਹੈ।

## ਐਸਆਈਆਰ2026 ਤਹਿਤ ਦਾਅਵੇ ਅਤੇ ਇਤਰਾਜ਼ 12 ਸਤੰਬਰ ਤੱਕ

**(ਪੈਗਾਮ-ਏ-ਜਗਤ) :** ਖਰੜ (ਸਾਹਿਬਜ਼ਾਦਾ ਅਜੀਤ ਸਿੰਘ ਨਗਰ), 11 ਸਤੰਬਰ:- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਦਾ ਤੀਜਾ ਪੜਾਅ 13 ਅਗਸਤ ਤੋਂ 12 ਸਤੰਬਰ, 2026 ਤੱਕ ਚੱਲ ਰਿਹਾ ਹੈ, ਜਿਸ ਤਹਿਤ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾ ਰਹੇ ਹਨ।

ਐਸ.ਡੀ.ਐਮ.-ਕਮ-ਈ.ਆਰ.ਓ., 052-ਖਰੜ ਸ੍ਰੀ ਗੁਰਮੀਤ ਸਿੰਘ ਨੇ ਦੱਸਿਆ ਕਿ ਇਸ ਪੜਾਅ ਦੌਰਾਨ ਪ੍ਰਾਪਤ ਹੋਣ ਵਾਲੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ, 2026 ਤੱਕ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਫਾਰਮ ਨੰਬਰ 6, 7 ਅਤੇ 8 ਨਾਲ ਸਬੰਧਤ ਹਫ਼ਤਾਵਾਰੀ ਸੂਚੀਆਂ ਫਾਰਮ ਨੰਬਰ 9, 10, 11 ਅਤੇ 11-ਏ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਹਫ਼ਤਾਵਾਰੀ ਮੀਟਿੰਗਾਂ ਕਰਕੇ ਦਾਅਵਿਆਂ ਅਤੇ ਇਤਰਾਜ਼ਾਂ ਸਬੰਧੀ ਲੋੜੀਂਦੀ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਸੁਧਾਈ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਸਬੰਧਤ ਪੱਖਾਂ ਨਾਲ ਲਗਾਤਾਰ ਤਾਲਮੇਲ ਕੀਤਾ ਜਾ ਰਿਹਾ ਹੈ।

ਇਸ਼ਤਿਹਾਰ

Paigam-E-Jagat

Your advertisement here

2 ਕਾਲਮ × 13 cm

info@paigamejagat.com · ਸਾਲ-3 · ਅੰਕ-131 · Chandigarh · 9878862733, 9872340701

## ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਸਾਹਿਤਕ ਸਮਾਗਮ 13 ਸਤੰਬਰ ਐਤਵਾਰ ਨੂੰ

**(ਪੈਗਾਮ-ਏ-ਜਗਤ)** : ਪਟਿਆਲਾ, 10 ਸਤੰਬਰ:- ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਸ਼ੇਰਾਂ ਵਾਲਾ ਗੇਟ ਵਿਖੇ ਸਥਿਤ ਭਾਸ਼ਾ ਵਿਭਾਗ, ਪੰਜਾਬ ਪਟਿਆਲਾ ਦੇ ਲੈਕਚਰ ਹਾਲ ਵਿਖੇ ਸਵੇਰੇ ਠੀਕ 9 ਵਜੇ ਸਾਹਿਤਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ ਇਸ ਸੂਚਨਾ ਦਿੰਦੇ ਹੋਏ ਸਭਾ ਦੇ ਪ੍ਰਧਾਨ ਡਾ

ਦਰਸ਼ਨ ਸਿੰਘ 'ਆਸ਼ਟ' ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀਂ ਨੂੰ ਦੱਸਿਆ ਕਿ ਮਿੰਨੀ ਕਹਾਣੀ ਨੂੰ ਸਮਰਪਿਤ ਇਸ ਸਮਾਗਮ ਦੇ ਮੁਖ ਮਹਿਮਾਨ ਭਾਸ਼ਾ ਵਿਭਾਗ, ਪੰਜਾਬ ਦੇ ਸਾਬਕਾ ਡਾਇਰੈਕਟਰ ਸ੍ਰੀਮਤੀ ਗੁਰਸ਼ਰਨ ਕੌਰ ਹੋਣਗੇ ਅਤੇ ਪ੍ਰਧਾਨਗੀ 'ਅਜੀਤ' ਦਫ਼ਤਰ ਸੰਗਰੂਰ ਦੇ ਜ਼ਿਲ੍ਹਾ ਇੰਚਾਰਜ ਅਤੇ ਉੱਘੇ ਪੱਤਰਕਾਰ ਅਤੇ ਸਾਹਿਤਕਾਰ ਸ ਸੁਖਵਿੰਦਰ ਸਿੰਘ ਫੁੱਲ ਕਰਨਗੇ

ਇਸ ਦੌਰਾਨ ਦੂਜਾ ਅੱਵਲ ਸਰਹੱਦੀ ਮਿੰਨੀ ਕਹਾਣੀ ਯਾਦਗਾਰੀ ਪੁਰਸਕਾਰ-2026 ਉੱਘੇ ਮਿੰਨੀ ਕਹਾਣੀ ਲੇਖਕ ਸ੍ਰੀ ਮੋਹਨ ਸ਼ਰਮਾ (ਸੰਗਰੂਰ) ਨੂੰ ਪ੍ਰਦਾਨ ਕੀਤਾ ਜਾਵੇਗਾ ਇਸ ਸਨਮਾਨ ਵਿਚ ਉਨ੍ਹਾਂ ਨੂੰ ਨਗਦ ਰਾਸ਼ੀ ਅਤੇ ਸ਼ਾਲ ਤੋਂ ਇਲਾਵਾ ਸਨਮਾਨ ਪੱਤਰ ਵੀ ਭੇਂਟ ਕੀਤਾ ਜਾਵੇਗਾ

ਸਮਾਗਮ ਦੇ ਵਿਸ਼ੇਸ਼ ਮਹਿਮਾਨ ਗੁਰਪ੍ਰੀਤ ਕੌਰ ਅਤੇ ਪਰਵਿੰਦਰ ਸਡਾਨਾ ਹੋਣਗੇ ਅੱਵਲ ਸਰਹੱਦੀ ਦੇ ਵਿਅਕਤਿੱਤਵ ਅਤੇ ਕਰਤਿੱਤਵ ਬਾਰੇ ਕਰਮਵੀਰ ਸਿੰਘ ਸੂਰੀ ਵੱਲੋਂ ਲਿਖਿਆ ਪੇਪਰ ਸਕੂਲ ਆਫ਼ ਐਮੀਨੈਂਸ ਫ਼ੀਲਖਾਨਾ, ਪਟਿਆਲਾ ਦੀ ਅਧਿਆਪਕਾ ਮਨਪ੍ਰੀਤ ਕੌਰ ਪੜ੍ਹਨਗੇ ਜਦੋਂ ਕਿ ਮੋਹਨ ਸ਼ਰਮਾ ਦੇ ਮਿੰਨੀ ਕਹਾਣੀ ਨੂੰ ਯੋਗਦਾਨ ਸੰਬੰਧੀ ਪੇਪਰ ਸਰਬਾਂਗੀ ਲੇਖਕ ਰਣਜੀਤ ਆਜ਼ਾਦ ਕਾਂਝਲਾ (ਧੂਰੀ) ਪੜ੍ਹਨਗੇ

ਸਨਮਾਨ ਪੱਤਰ ਪੜ੍ਹਨ ਦੀ ਰਸਮ ਫ਼ਿਲਮ-ਨਿਰਦੇਸ਼ਕ ਅੰਗਦ ਸਡਾਨਾ ਨਿਭਾਉਣਗੇ ਇਸ ਸਮਾਗਮ ਵਿਚ ਸੀਮਾ ਵਰਮਾ (ਲੁਧਿਆਣਾ) ਅਤੇ ਗੁਰਵਿੰਦਰ ਅਮਨ (ਰਾਜਪੁਰਾ) ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰ ਰਹੇ ਹਨ।

## ਪੁਲਿਸ ਵੱਲੋਂ ਚੋਰੀ ਦੇ 03 ਮੋਟਰਸਾਈਕਲ ਅਤੇ 02 ਐਕਟਿਵਾ ਦੀ ਬਰਾਮਦਗੀ ਸਮੇਤ ਇੱਕ ਮੁਲਜ਼ਮ ਗ੍ਰਿਫ਼ਤਾਰ

**(ਪੈਗਾਮ-ਏ-ਜਗਤ)** : ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਸਤੰਬਰ:- ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ੍ਰੀ ਦਿਲਪੀਤ ਸਿੰਘ, ਆਈ.ਪੀ.ਐਸ., ਕਪਤਾਨ ਪੁਲਿਸ (ਸਿਟੀ), ਐਸ.ਏ.ਐਸ. ਨਗਰ ਦੀ ਅਗਵਾਈ ਹੇਠ ਮੋਹਾਲੀ ਸ਼ਹਿਰ ਵਿੱਚ ਹੋ ਰਹੀ ਵਹੀਕਲ ਚੋਰੀ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਸ੍ਰੀ ਗੁਰਚਰਨ ਸਿੰਘ, ਉਪ ਕਪਤਾਨ ਪੁਲਿਸ, ਸਿਟੀ-1 ਮੋਹਾਲੀ ਵੱਲੋਂ ਪੁਲਿਸ ਟੀਮਾਂ ਨੂੰ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਕਰਨ ਦੇ ਨਿਰਦੇਸ਼ ਦਿੱਤੇ ਗਏ।

ਇਸ ਮੁਹਿੰਮ ਤਹਿਤ ਮੁੱਖ ਅਫਸਰ ਥਾਣਾ ਫੇਜ਼-1 ਮੋਹਾਲੀ ਦੀ ਟੀਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਮਿਤੀ 06-09-2026 ਨੂੰ ਮੁਖਬਰ ਖਾਸ ਤੋਂ ਇਤਲਾਹ ਮਿਲੀ ਕਿ ਗੁਰਜੀਤ ਸਿੰਘ ਉਰਫ਼ ਤੋਤਾ ਪੁੱਤਰ ਗੁਰਮੁੱਖ ਸਿੰਘ ਵਾਸੀ ਮਕਾਨ ਨੰਬਰ 462, ਨੇੜੇ ਖੇੜਾ ਮੁੰਡੀ ਖਰੜ, ਜੋ ਕਿ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ, ਅਤੇ ਹੁਣ ਵੀ ਇੱਕ ਮੋਟਰਸਾਈਕਲ ਨੰਬਰ PB-65A-2230 ਮਾਰਕਾ ਸਪਲੈਂਡਰ ਪਲੱਸ ਚੋਰੀ ਕੀਤਾ ਹੋਇਆ ਹੈ, ਜਿਸ ਨੂੰ ਵੇਚਣ ਦੀ ਤਾਂਘ ਵਿੱਚ ਨਵੇਂ ਪਾਣੀ ਵਾਲੀ ਟੈਂਕੀ ਪਿੱਛੇ ਮੋਹਾਲੀ ਫੇਜ਼-1 ਮੋਟਰਸਾਈਕਲ ਸਮੇਤ ਖੜ੍ਹਾ ਹੈ।

ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਗੁਰਜੀਤ ਸਿੰਘ ਉਰਫ਼ ਤੋਤਾ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ। ਇਸ ਸਬੰਧੀ ਮੁਕੱਦਮਾ ਨੰਬਰ 201 ਮਿਤੀ 06-09-2026 ਅ/ਧ 303(2) ਬੀ.ਐਨ.ਐਸ. ਥਾਣਾ ਫੇਜ਼-1 ਮੋਹਾਲੀ ਦਰਜ ਕੀਤਾ ਗਿਆ। ਮੁਲਜ਼ਮ ਵੱਲੋਂ ਕੀਤੀ ਪੁੱਛਗਿੱਛ ਦੌਰਾਨ ਉਸ ਪਾਸੋਂ ਜੁਰਮ 317(2) ਬੀ.ਐਨ.ਐਸ. ਦਾ ਵਾਧਾ ਕੀਤਾ ਗਿਆ।

ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 01 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਦੌਰਾਨੇ ਰਿਮਾਂਡ ਪੁੱਛਗਿੱਛ ਦੌਰਾਨ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਚੋਰੀ ਕੀਤੇ ਗਏ ਹੋਰ 02 ਮੋਟਰਸਾਈਕਲ ਅਤੇ 02 ਐਕਟਿਵਾ ਬਰਾਮਦ ਕੀਤੇ ਗਏ। ਇਸ ਮਾਮਲੇ ਵਿੱਚ ਪੁਲਿਸ ਵੱਲੋਂ ਅਗਲੇਰੀ ਜਾਂਚ ਜਾਰੀ ਹੈ।

ਬਰਾਮਦਗੀ

03 ਮੋਟਰਸਾਈਕਲ

02 ਐਕਟਿਵਾ

ਪਹਿਲਾ ਦਰਜ ਮੁਕੱਦਮਾ

ਮੁਕੱਦਮਾ ਨੰਬਰ 161 ਮਿਤੀ 08-08-2018 ਅ/ਧ NDPS Act, ਥਾਣਾ ਮਟੌਰ, ਜ਼ਿਲ੍ਹਾ ਐਸ.ਏ.ਐਸ. ਨਗਰ।

## ਐਸਆਈਆਰ2026 ਤਹਿਤ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਅੰਤਿਮ ਮਿਤੀ 12 ਸਤੰਬਰ

**(ਪੈਗਾਮ-ਏ-ਜਗਤ)** : ਡੇਰਾਬੱਸੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ), 11 ਸਤੰਬਰ:- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਦਾ ਤੀਜਾ ਪੜਾਅ, ਜਿਸ ਵਿੱਚ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾ ਰਹੇ ਹਨ, 13 ਅਗਸਤ ਤੋਂ 12 ਸਤੰਬਰ, 2026 ਤੱਕ ਚੱਲ ਰਿਹਾ ਹੈ।

ਐਸ.ਡੀ.ਐਮ.-ਕਮ-ਈ.ਆਰ.ਓ., 112-ਡੇਰਾਬੱਸੀ ਸ੍ਰੀ ਅਮਿਤ ਗੁਪਤਾ ਨੇ ਦੱਸਿਆ ਕਿ ਇਸ ਪੜਾਅ ਦੌਰਾਨ ਜਨਤਾ ਵੱਲੋਂ ਪ੍ਰਾਪਤ ਹੋ ਰਹੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ, 2026 ਤੱਕ ਕੀਤਾ ਜਾਣਾ ਹੈ। ਇਸ ਸਬੰਧੀ ਵਿਧਾਨ ਸਭਾ ਹਲਕੇ ਵਿੱਚ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਉਨ੍ਹਾਂ ਦੀ ਜਾਣਕਾਰੀ ਅਤੇ ਪੜਤਾਲ ਲਈ ਫਾਰਮ ਨੰਬਰ 6, 7 ਅਤੇ 8 ਨਾਲ ਸਬੰਧਤ ਹਫ਼ਤਾਵਾਰੀ ਸੂਚੀਆਂ ਫਾਰਮ ਨੰਬਰ 9, 10, 11 ਅਤੇ 11-ਏ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਹਫ਼ਤਾਵਾਰੀ ਮੀਟਿੰਗਾਂ ਕਰਕੇ ਦਾਅਵਿਆਂ ਅਤੇ ਇਤਰਾਜ਼ਾਂ ਨਾਲ ਸਬੰਧਤ ਲੋੜੀਂਦੀ ਜਾਣਕਾਰੀ ਵੀ ਸਾਂਝੀ ਕੀਤੀ ਜਾ ਰਹੀ ਹੈ, ਤਾਂ ਜੋ ਵੋਟਰ ਸੂਚੀਆਂ ਦੀ ਸੁਧਾਈ ਦੀ ਪ੍ਰਕਿਰਿਆ ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਮੁਕੰਮਲ ਕੀਤੀ ਜਾ ਸਕੇ।

## ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਨੇ ਸੀਆਰਐਮ ਪ੍ਰੋਜੈਕਟ ਅਧੀਨ ਪਿੰਡ ਬਾਲੀਆਂ ਵਿਖੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਲਗਾਇਆ

**(ਪੈਗਾਮ-ਏ-ਜਗਤ)** : ਸੰਗਰੂਰ, 10 ਸਤੰਬਰ:- ਝੋਨੇ ਦੀ ਪਰਾਲੀ ਨੂੰ ਨਾ ਸਾੜਨ ਲਈ ਵਿੱਢੀ ਮੁਹਿੰਮ ਅਧੀਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਪਿੰਡ ਬਾਲੀਆਂ, ਬਲਾਕ ਧੂਰੀ ਵਿਖੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਇੱਕ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿੱਚ 100 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ।

ਇਸ ਮੌਕੇ ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ ਵਾਤਾਵਰਣ, ਮਿੱਟੀ ਦੀ ਸਿਹਤ ਅਤੇ ਮਨੁੱਖੀ ਸਿਹਤ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਉਹਨਾਂ ਦੱਸਿਆ ਕਿ ਇੱਕ ਟਨ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ 5.5 ਕਿਲੋ ਨਾਈਟ੍ਰੋਜਨ, 2.3 ਕਿਲੋ ਫਾਸਫੋਰਸ, 25 ਕਿਲੋ ਪੋਟਾਸ਼ ਅਤੇ 1.2 ਕਿਲੋ ਸਲਫ਼ਰ ਤੱਤ ਦਾ ਨੁਕਸਾਨ ਹੁੰਦਾ ਹੈ। ਇਸ ਦੇ ਨਾਲ ਹੀ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲੀਆਂ ਹਾਨੀਕਾਰਕ ਗੈਸਾਂ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਦੀਆਂ ਹਨ ਅਤੇ ਮਨੁੱਖਾਂ ਲਈ ਬਿਮਾਰੀਆਂ ਦਾ ਕਾਰਣ ਬਣਦੀਆਂ ਹਨ।

ਉਹਨਾਂ ਕਿਸਾਨਾਂ ਨੂੰ ਪਰਾਲੀ ਨੂੰ ਸਾੜਨ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਸੰਭਾਲਣ ਦੀਆਂ ਤਕਨੀਕਾਂ ਅਪਣਾਉਣ ਦੀ ਪੁਰਜ਼ੋਰ ਅਪੀਲ ਕੀਤੀ। ਉਹਨਾਂ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਹੋਣ ਵਾਲੇ ਫ਼ਾਇਦਿਆਂ ਅਤੇ ਮਿੱਟੀ ਦੀ ਸਿਹਤ ਵਿੱਚ ਹੋਣ ਵਾਲੇ ਸੁਧਾਰ ਸੰਬੰਧੀ ਵੀ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਵਾਹੁਣ ਨਾਲ ਮਿੱਟੀ ਵਿੱਚ ਜੈਵਿਕ ਕਾਰਬਨ ਦੀ ਮਾਤਰਾ ਵਧਦੀ ਹੈ। ਜਿਸ ਨਾਲ ਮਿੱਟੀ ਵਧੇਰੇ ਉਪਜਾਊ ਬਣਦੀ ਹੈ ਅਤੇ ਰਸਾਇਣਿਕ ਖਾਦਾਂ ਦਾ ਖਰਚਾ ਘਟਦਾ ਹੈ ਅਤੇ ਫ਼ਸਲ ਦੀ ਪੈਦਾਵਾਰ ਵਧਦੀ ਹੈ। ਇਸ ਤੋਂ ਇਲਾਵਾ ਉਹਨਾਂ ਕਣਕ ਦੀ ਵੱਧ ਝਾੜ ਦੇਣ ਵਾਲੀ ਨਵੀਂ ਕਿਸਮ ਪੀ ਬੀ ਡਬਲਯੂ 887 ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਇਹ ਕਿਸਮ ਪੱਕਣ ਲਈ 155 ਦਿਨ ਲੈਂਦੀ ਹੈ ਅਤੇ ਇਸ ਦਾ ਔਸਤ ਝਾੜ 24.60 ਕੁਇੰਟਲ ਪ੍ਰਤੀ ਏਕੜ ਹੈ।

ਇਸ ਤੋਂ ਇਲਾਵਾ ਉਹਨਾਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਜਿਵੇਂ ਕਿ ਪੀ ਬੀ ਡਬਲਯੂ 872 ਅਤੇ ਪੀ ਬੀ ਡਬਲਯੂ 826 ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਵੱਲੋਂ ਕਣਕ ਦੀਆਂ ਵਿਸ਼ੇਸ਼ ਗੁਣਵੱਤਾ ਵਾਲੀਆਂ ਕਿਸਮਾਂ ਜਿਵੇਂ ਕਿ ਪੀ ਬੀ ਡਬਲਯੂ ਜ਼ਿੰਕ 2, ਪੀ ਬੀ ਡਬਲਯੂ 1 ਚਪਾਤੀ, ਪੀ ਬੀ ਡਬਲਯੂ ਆਰ ਐਸ 1 ਅਤੇ ਪੀ ਬੀ ਡਬਲਯੂ 1 ਬਿਸਕੁਟ ਆਦਿ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਹਨਾਂ ਕਿਸਾਨਾਂ ਨੂੰ ਹਾੜ੍ਹੀ ਰੁੱਤ ਦੀਆਂ ਦਾਲਾਂ ਅਤੇ ਤੇਲਬੀਜ ਫ਼ਸਲਾਂ ਬੀਜਣ ਲਈ ਵੀ ਪ੍ਰੇਰਿਤ ਕੀਤਾ। ਉਹਨਾਂ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਤੰਬਰ ਮਹੀਨੇ ਦੌਰਾਨ ਲੱਗਣ ਵਾਲੇ ਕਿਸਾਨ ਮੇਲਿਆਂ ਵਿੱਚ ਹੁੰਮ-ਹੁੰਮਾ ਕੇ ਭਾਗ ਲੈਣ ਦਾ ਸੱਦਾ ਵੀ ਦਿੱਤਾ।

ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਨੇ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਸੰਭਾਲ ਕੇ ਕਣਕ ਦੀ ਬਿਜਾਈ ਕਰਨ ਲਈ ਪੀ.ਏ.ਯੂ. ਵੱਲੋਂ ਵਿਕਸਤ ਕੀਤੀ ਗਈ ਖੇਤੀ ਮਸ਼ੀਨਰੀ ਜਿਵੇਂ ਕਿ ਸਮਾਰਟ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ, ਹੈਪੀ ਸੀਡਰ, ਪਲਟਾਊ ਹਲ, ਮਲਚਰ, ਆਦਿ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਹਨਾਂ ਕਿਸਾਨਾਂ ਨੂੰ ਬੇਲਰ ਨਾਲ ਪਰਾਲੀ ਦੀਆਂ ਗੱਠਾਂ ਬਣਾਉਣ ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਪਰਾਲੀ ਵਿੱਚ ਮੌਜੂਦ ਖੁਰਾਕੀ ਤੱਤਾਂ ਨੂੰ ਦੇਖਦਿਆਂ ਇਸ ਨੂੰ ਖੇਤ ਵਿੱਚ ਹੀ ਸਾਂਭਣ 'ਤੇ ਜ਼ੋਰ ਦਿੱਤਾ।

ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਕਿਸਾਨਾਂ ਨੂੰ ਪਰਾਲੀ ਖੇਤ ਵਿੱਚ ਮਿਲਾ ਕੇ ਬੀਜੀ ਕਣਕ ਦੀ ਫ਼ਸਲ ਵਿੱਚ ਨਦੀਆਂ ਦੀ ਰੋਕਥਾਮ ਅਤੇ ਖੁਰਾਕੀ ਤੱਤਾਂ ਦੀ ਪੂਰਤੀ ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਕਣਕ ਵਿੱਚ ਗੁੱਲੀਡੰਡੇ ਦੀ ਅਸਰਦਾਰ ਰੋਕਥਾਮ ਲਈ ਕਣਕ ਦੇ ਉੱਗਣ ਤੋਂ ਪਹਿਲਾਂ ਵਰਤੀਆਂ ਜਾਣ ਵਾਲੀਆਂ ਨਦੀਨਨਾਸ਼ਕ ਦਵਾਈਆਂ ਵਰਤਣ ਲਈ ਉਤਸ਼ਾਹਿਤ ਕੀਤਾ। ਉਹਨਾਂ ਕਣਕ ਵਿੱਚ ਤਣੇ ਦੀ ਗੁਲਾਬੀ ਸੁੰਡੀ ਦੀ ਰੋਕਥਾਮ ਲਈ ਵੀ ਵਡਮੁੱਲੇ ਸੁਝਾਅ ਸਾਂਝੇ ਕੀਤੇ।

ਇਸ ਕੈਂਪ ਦੇ ਅਖੀਰ ਵਿੱਚ ਕਿਸਾਨ ਵੀਰਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ ਉਹਨਾਂ ਨੂੰ ਯੂਨੀਵਰਸਿਟੀ ਵੱਲੋਂ ਤਿਆਰ ਸਰਦੀ ਰੁੱਤ ਦੀਆਂ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ ਅਤੇ ਖੇਤੀ ਸਾਹਿਤ ਮੁਹਈਆ ਕਰਵਾਇਆ ਗਿਆ।

ਪਿੰਡ ਦੇ ਸਰਪੰਚ ਸ. ਕੁਲਦੀਪ ਸਿੰਘ ਅਤੇ ਸਹਿਕਾਰੀ ਸਭਾ ਦੇ ਪ੍ਰਧਾਨ ਸ. ਜਗਸੀਰ ਸਿੰਘ ਵਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਦੀ ਟੀਮ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ। ਸ. ਪਰਗਟ ਸਿੰਘ ਅਤੇ ਉਸ ਦੇ ਸਾਥੀ ਕਿਸਾਨਾਂ ਨੇ ਕੈਂਪ ਨੂੰ ਸਫ਼ਲ ਬਣਾਉਣ ਲਈ ਸ਼ਲਾਘਾਯੋਗ ਯਤਨ ਕੀਤੇ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ 124ਵੀਂ ਤੇ 125ਵੀਂ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ

**(ਪੈਗਾਮ-ਏ-ਜਗਤ)** : ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਸਤੰਬਰ:- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ 124ਵੀਂ ਅਤੇ 125ਵੀਂ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤੀ ਗਈ। ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਪਿੰਡ ਸੈਦਪੁਰ ਅਤੇ ਰੁੜਕਾ ਤੋਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।

ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੀਨੀਅਰ ਸਿਟੀਜ਼ਨਾਂ ਵਿੱਚ ਇਸ ਯਾਤਰਾ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਜੋ ਇਸ ਯੋਜਨਾ ਦੀ ਸਫਲਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿੱਜੀ ਦਿਲਚਸਪੀ ਲੈ ਕੇ ਸੂਬੇ ਦੇ ਬਜ਼ੁਰਗਾਂ ਦੀ ਆਸਥਾ ਅਤੇ ਸ਼ਰਧਾ ਨੂੰ ਧਿਆਨ ਵਿੱਚ ਰੱਖਦਿਆਂ ਇਹ ਯੋਜਨਾ ਸ਼ੁਰੂ ਕੀਤੀ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇਲਾਵਾ ਖਾਟੂ ਸ਼ਿਆਮ, ਹਰਿਦੁਆਰ, ਮਥੁਰਾ ਅਤੇ ਵਰਿੰਦਾਵਨ ਸਮੇਤ ਵੱਖ-ਵੱਖ ਧਾਰਮਿਕ ਸਥਾਨਾਂ ਲਈ ਵੀ ਸ਼ਰਧਾਲੂਆਂ ਦੇ ਕਾਫਲੇ ਰੋਜ਼ਾਨਾ ਰਵਾਨਾ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਯਾਤਰਾ ਵਿੱਚ ਬੀਬੀਆਂ ਦਾ ਜਥਾ ਵੀ ਸ਼ਾਮਲ ਹੈ।

ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ ਅਤੇ ਪੜ੍ਹਾਈ ਨਾਲ ਜੋੜਨ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਤਹਿਤ 14 ਤੋਂ 70 ਸਾਲ ਤੱਕ ਦੀ ਉਮਰ ਦੇ ਖਿਡਾਰੀ ਭਾਗ ਲੈ ਰਹੇ ਹਨ। ਇਸ ਦੇ ਨਾਲ ਹੀ ਸੂਬੇ ਭਰ ਵਿੱਚ ਖੇਡ ਸਟੇਡੀਅਮਾਂ ਅਤੇ ਲਾਇਬ੍ਰੇਰੀਆਂ ਦੀ ਸਥਾਪਨਾ ਕੀਤੀ ਜਾ ਰਹੀ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਉਸਾਰੂ ਗਤੀਵਿਧੀਆਂ ਨਾਲ ਜੋੜਿਆ ਜਾ ਸਕੇ।

ਉਨ੍ਹਾਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਯਾਤਰਾ 'ਤੇ ਜਾ ਰਹੇ ਸਾਰੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਸ਼ਰਧਾਲੂ ਜਿਨ੍ਹਾਂ ਮਨੋਕਾਮਨਾਵਾਂ ਨਾਲ ਪਵਿੱਤਰ ਧਰਤੀ 'ਤੇ ਜਾ ਰਹੇ ਹਨ, ਉਹ ਸਾਰੀਆਂ ਪੂਰੀਆਂ ਹੋਣ। ਉਨ੍ਹਾਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲਗਾਤਾਰ ਜਾਰੀ ਰੱਖਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਯੋਜਨਾ ਦੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਅਵਾਰਡੀ ਫੂਲਰਾਜ ਸਿੰਘ, ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਹਰਮੇਸ਼ ਸਿੰਘ ਕੁੰਬੜਾ, ਕੈਪਟਨ ਗੁਲਜ਼ਾਰ ਸਿੰਘ, ਮਲਕੀਤ ਕੌਰ ਪਤਨੀ ਗੁਰਜੀਤ ਸਿੰਘ ਸੈਦਪੁਰ, ਹਰਨੇਕ ਸਿੰਘ, ਹਰਦੀਪ ਸਿੰਘ, ਗੁਰਮੀਤ ਸਿੰਘ, ਕੁਲਦੀਪ ਸਿੰਘ, ਨਵਪ੍ਰੀਤ ਸਿੰਘ, ਜਸਪਾਲ ਸਿੰਘ, ਕਿਰਨਦੀਪ ਕੌਰ ਪਤਨੀ ਹਰਜੀਤ ਸਿੰਘ ਰੁੜਕਾ, ਹਰਕਮਲਜੀਤ ਸਿੰਘ ਨੰਬਰਦਾਰ, ਕਰਮਜੀਤ ਸਿੰਘ ਸੈਣੀ, ਬੀ.ਸੀ. ਪ੍ਰਧਾਨ ਮਾਨ, ਬਲਜੀਤ ਸਿੰਘ ਹੈਪੀ ਅਤੇ ਪ੍ਰਗਟ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮੋਹਾਲੀ ਪੁਲਿਸ ਵੱਲੋਂ 120 ਗ੍ਰਾਮ ਹੈਰੋਇਨ ਸਮੇਤ ਤਿੰਨ ਗ੍ਰਿਫ਼ਤਾਰ

**(ਪੈਗਾਮ-ਏ-ਜਗਤ)** : ਐਸ.ਏ.ਐਸ. ਨਗਰ, 10 ਸਤੰਬਰ:-ਸੀਨੀਅਰ ਕਪਤਾਨ ਪੁਲਿਸ, ਜ਼ਿਲ੍ਹਾ ਐਸ.ਏ.ਐਸ. ਨਗਰ, ਸ੍ਰੀ ਵਰੁਨ ਸ਼ਰਮਾ, ਆਈ.ਪੀ.ਐਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਹਾਲੀ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਆਪਰੇਸ਼ਨ ਸੈੱਲ ਦੀ ਟੀਮ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 120 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।

ਇਹ ਕਾਰਵਾਈ ਸ੍ਰੀ ਸੌਰਵ ਜਿੰਦਲ, ਪੀ.ਪੀ.ਐਸ., ਕਪਤਾਨ ਪੁਲਿਸ (ਇਨਵੈਸਟੀਗੇਸ਼ਨ), ਸ੍ਰੀ ਆਕਾਸ਼ਦੀਪ, ਪੀ.ਪੀ.ਐਸ., ਕਪਤਾਨ ਪੁਲਿਸ (ਆਪਰੇਸ਼ਨ) ਅਤੇ ਸ੍ਰੀ ਰਾਜਨ ਪਰਮਿੰਦਰ ਸਿੰਘ, ਪੀ.ਪੀ.ਐਸ., ਉਪ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ, ਇੰਚਾਰਜ ਆਪਰੇਸ਼ਨ ਸੈੱਲ ਅਤੇ ਉਨ੍ਹਾਂ ਦੀ ਟੀਮ ਵੱਲੋਂ ਅਮਲ ਵਿੱਚ ਲਿਆਂਦੀ ਗਈ।

ਘਟਨਾ ਦਾ ਵੇਰਵਾ:

ਮਿਤੀ 07 ਸਤੰਬਰ 2026 ਨੂੰ ਆਪਰੇਸ਼ਨ ਸੈੱਲ ਦੀ ਪੁਲਿਸ ਪਾਰਟੀ ਗਸ਼ਤ ਦੌਰਾਨ ਸੈਕਟਰ 79/80 ਲਾਈਟ ਪੁਆਇੰਟ ਤੋਂ ਗੁਰਦੁਆਰਾ ਸਾਹਿਬ ਵੱਲ ਜਾ ਰਹੀ ਸੀ। ਇਸ ਦੌਰਾਨ ਪੁਲਿਸ ਪਾਰਟੀ ਨੂੰ ਤਿੰਨ ਸ਼ੱਕੀ ਨੌਜਵਾਨ 79/80 ਲਾਈਟਾਂ ਵੱਲੋਂ ਆਉਂਦੇ ਦਿਖਾਈ ਦਿੱਤੇ। ਪੁਲਿਸ ਪਾਰਟੀ ਦੀ ਸਰਕਾਰੀ ਗੱਡੀ ਨੂੰ ਦੇਖ ਕੇ ਉਨ੍ਹਾਂ ਵੱਲੋਂ ਖਿਸਕਣ ਦੀ ਕੋਸ਼ਿਸ਼ ਕੀਤੀ ਗਈ, ਜਿਸ 'ਤੇ ਪੁਲਿਸ ਨੇ ਸ਼ੱਕ ਦੇ ਆਧਾਰ 'ਤੇ ਉਨ੍ਹਾਂ ਦੀ ਤਲਾਸ਼ੀ ਲਈ। ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਕੁੱਲ 120 ਗ੍ਰਾਮ ਹੈਰੋਇਨ ਬਰਾਮਦ ਹੋਈ।

ਇਸ ਸਬੰਧੀ ਥਾਣਾ ਸੋਹਾਣਾ, ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਮੁਕੱਦਮਾ ਨੰਬਰ 274 ਮਿਤੀ 07.09.2026, ਧਾਰਾ 21 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਕੇ ਤਿੰਨਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਗ੍ਰਿਫ਼ਤਾਰ ਮੁਲਜ਼ਮਾਂ ਦਾ ਵੇਰਵਾ:

ਗੁਰਪਿੰਦਰ ਸਿੰਘ ਉਰਫ਼ ਪੀਲੂ, ਪੁੱਤਰ ਬਲਵਿੰਦਰ ਸਿੰਘ, ਵਾਸੀ ਹਰੜ ਖੁਰਦ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ ਰੂਰਲ। ਉਮਰ 33 ਸਾਲ, 12ਵੀਂ ਪਾਸ ਅਤੇ ਟਰੱਕ ਡਰਾਈਵਰ। ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ 3 ਮੁਕੱਦਮੇ ਦਰਜ ਹਨ।

ਲਵਪ੍ਰੀਤ ਸਿੰਘ ਉਰਫ਼ ਲਵ, ਪੁੱਤਰ ਜਸਵੰਤ ਸਿੰਘ, ਵਾਸੀ ਹਰੜ ਖੁਰਦ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ ਰੂਰਲ। ਉਮਰ 29 ਸਾਲ, 10ਵੀਂ ਪਾਸ ਅਤੇ ਖੇਤੀਬਾੜੀ ਦਾ ਕੰਮ ਕਰਦਾ ਹੈ। ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਅੰਮ੍ਰਿਤਸਰ ਵਿਖੇ 2 ਮੁਕੱਦਮੇ ਦਰਜ ਹਨ।

ਗੁਰਸੇਵਕ ਸਿੰਘ ਉਰਫ਼ ਸੇਗਾ, ਪੁੱਤਰ ਕਸ਼ਮੀਰ ਸਿੰਘ, ਵਾਸੀ ਹਰੜ ਖੁਰਦ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ ਰੂਰਲ। ਉਮਰ ਕਰੀਬ 25 ਸਾਲ, 10ਵੀਂ ਪਾਸ ਅਤੇ ਖੇਤੀਬਾੜੀ ਦਾ ਕੰਮ ਕਰਦਾ ਹੈ। ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ 2 ਮੁਕੱਦਮੇ ਦਰਜ ਹਨ।

ਅਗਲੇਰੀ ਜਾਂਚ:

ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਤਿੰਨੋਂ ਮੁਲਜ਼ਮ ਅੰਮ੍ਰਿਤਸਰ ਇਲਾਕੇ ਤੋਂ ਹੈਰੋਇਨ ਲਿਆ ਕੇ ਜ਼ਿਲ੍ਹਾ ਐਸ.ਏ.ਐਸ. ਨਗਰ ਸਮੇਤ ਹੋਰ ਜ਼ਿਲ੍ਹਿਆਂ ਵਿੱਚ ਸਪਲਾਈ ਕਰਦੇ ਸਨ। ਤਿੰਨੋਂ ਮੁਲਜ਼ਮਾਂ ਨੂੰ ਅਦਾਲਤ ਵੱਲੋਂ 2 ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜਿਆ ਗਿਆ ਹੈ।

ਪੁਲਿਸ ਵੱਲੋਂ ਮੁਲਜ਼ਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਹੈਰੋਇਨ ਦੀ ਸਪਲਾਈ ਦੇ ਸਰੋਤ ਅਤੇ ਇਸ ਨਾਲ ਜੁੜੇ ਹੋਰ ਵਿਅਕਤੀਆਂ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕੇ। ਜਾਂਚ ਦੌਰਾਨ ਹੋਰ ਬਰਾਮਦਗੀ ਅਤੇ ਇਸ ਨੈੱਟਵਰਕ ਨਾਲ ਜੁੜੇ ਵਿਅਕਤੀਆਂ ਦੀ ਗ੍ਰਿਫ਼ਤਾਰੀ ਦੀ ਵੀ ਸੰਭਾਵਨਾ ਹੈ।

ਇਸ਼ਤਿਹਾਰ

Paigam-E-Jagat

Your advertisement here

3 ਕਾਲਮ × 11 cm

PAIGAM-E-JAGAT
ਪੈਗਾਮ-ਏ-ਜਗਤ ਸ਼ੁੱਕਰਵਾਰ, 11 ਸਤੰਬਰ 2026
info@paigamejagat.com ਸਾਲ-3 · ਅੰਕ-131 Chandigarh · 9878862733, 9872340701

## ਅਸਮਿਤਾ ਖੇਲੋ ਇੰਡੀਆ ਵੂਮੈਨਜ਼ ਸਟੇਟ ਲੀਗ ਰੋਡ2026 12 ਤੇ 13 ਸਤੰਬਰ ਨੂੰ ਸੰਗਰੂਰ ਵਿਖੇ ਪੰਜਾਬ ਦੀਆਂ ਮਹਿਲਾ ਸਾਈਕਲਿਸਟ ਦਿਖਾਉਣਗੀਆਂ ਆਪਣੀ ਪ੍ਰਤਿਭਾ ਚਰਨਜੀਤ ਸਿੰਘ ਧਾਲੀਵਾਲ

**(ਪੈਗਾਮ-ਏ-ਜਗਤ) :** ਸੰਗਰੂਰ, 10 ਸਤੰਬਰ:- ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ (ਸੀ.ਏ.ਪੀ.) ਵੱਲੋਂ ਮਹਿਲਾਵਾਂ ਨੂੰ ਖੇਡਾਂ, ਖ਼ਾਸ ਕਰਕੇ ਸਾਈਕਲਿੰਗ ਨਾਲ ਵੱਧ ਤੋਂ ਵੱਧ ਜੋੜਨ ਅਤੇ ਸੂਬੇ ਦੀਆਂ ਪ੍ਰਤਿਭਾਸ਼ਾਲੀ ਮਹਿਲਾ ਸਾਈਕਲਿਸਟਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਉੱਚ ਪੱਧਰੀ ਮੁਕਾਬਲੇ ਦਾ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ 'ਅਸਮਿਤਾ ਖੇਲੋ ਇੰਡੀਆ ਵੂਮੈਨਜ਼ ਸਟੇਟ ਲੀਗ (ਰੋਡ)-2026' ਦਾ ਆਯੋਜਨ 12 ਅਤੇ 13 ਸਤੰਬਰ 2026 ਨੂੰ ਜ਼ਿਲ੍ਹਾ ਸੰਗਰੂਰ ਵਿਖੇ ਕੀਤਾ ਜਾ ਰਿਹਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਸ. ਚਰਨਜੀਤ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਲੀਗ ਦੇ ਮੁਕਾਬਲੇ ਪਿੰਡ ਗੱਗੜਪੁਰ ਤੋਂ ਘਰਾਚੋਂ, ਜ਼ਿਲ੍ਹਾ ਸੰਗਰੂਰ ਦੇ ਰੂਟ 'ਤੇ ਕਰਵਾਏ ਜਾਣਗੇ। ਦੋਵੇਂ ਦਿਨ ਖਿਡਾਰਨਾਂ ਲਈ ਰਿਪੋਰਟਿੰਗ ਦਾ ਸਮਾਂ ਸਵੇਰੇ 5:30 ਵਜੇ ਹੋਵੇਗਾ, ਜਦਕਿ ਮੁਕਾਬਲੇ ਸਵੇਰੇ 6:00 ਵਜੇ ਸ਼ੁਰੂ ਕੀਤੇ ਜਾਣਗੇ।

ਉਹਨਾਂ ਦੱਸਿਆ ਕਿ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਚੇਅਰਮੈਨ ਸ੍ਰ. ਓਂਕਾਰ ਸਿੰਘ ਅਤੇ ਸਕੱਤਰ ਜਨਰਲ ਸ੍ਰ. ਮਨਿੰਦਰਪਾਲ ਸਿੰਘ ਵਲੋਂ ਪੰਜਾਬ ਵਿਚ ਸਾਈਕਲਿੰਗ ਨੂੰ ਪ੍ਰਫੁੱਲਿਤ ਕਰਨ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਲਈ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਉਹਨਾਂ ਦੀ ਰਿਣੀ ਹੈ।

ਸ. ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਖੇਲੋ ਇੰਡੀਆ ਵਰਗੇ ਉਪਰਾਲਿਆਂ ਨੇ ਦੇਸ਼ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਨੌਜਵਾਨ ਖਿਡਾਰੀਆਂ, ਵਿਸ਼ੇਸ਼ ਤੌਰ 'ਤੇ ਲੜਕੀਆਂ ਅਤੇ ਮਹਿਲਾਵਾਂ ਲਈ ਨਵੇਂ ਮੌਕੇ ਪੈਦਾ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਨੇ ਸਾਈਕਲਿੰਗ ਸਮੇਤ ਵੱਖ-ਵੱਖ ਖੇਡਾਂ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ ਅਤੇ ਅਜਿਹੇ ਮੁਕਾਬਲੇ ਉੱਭਰਦੀਆਂ ਖਿਡਾਰਨਾਂ ਲਈ ਆਪਣੀ ਸਮਰੱਥਾ ਸਾਬਤ ਕਰਨ ਦਾ ਅਹਿਮ ਮੰਚ ਹਨ।

ਉਨ੍ਹਾਂ ਕਿਹਾ ਕਿ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦਾ ਉਦੇਸ਼ ਕੇਵਲ ਮੁਕਾਬਲੇ ਕਰਵਾਉਣਾ ਹੀ ਨਹੀਂ, ਸਗੋਂ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚੋਂ ਪ੍ਰਤਿਭਾਸ਼ਾਲੀ ਸਾਈਕਲਿਸਟਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਅੱਗੇ ਵਧਣ ਲਈ ਢੁਕਵਾਂ ਮੁਕਾਬਲੇਬਾਜ਼ੀ ਵਾਲਾ ਮਾਹੌਲ ਮੁਹੱਈਆ ਕਰਵਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਮਹਿਲਾ ਖਿਡਾਰਨਾਂ ਦੀ ਖੇਡਾਂ ਵਿੱਚ ਵਧ ਰਹੀ ਭਾਗੀਦਾਰੀ ਪੰਜਾਬ ਦੇ ਖੇਡ ਭਵਿੱਖ ਲਈ ਬਹੁਤ ਹੀ ਉਤਸ਼ਾਹਜਨਕ ਸੰਕੇਤ ਹੈ।

ਇਸ ਮੌਕੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਨੇ ਲੀਗ ਦੇ ਤਕਨੀਕੀ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 12 ਸਤੰਬਰ ਨੂੰ ਇੰਡੀਵਿਜੁਅਲ ਟਾਈਮ ਟਰਾਇਲ (ITT) ਦੇ ਮੁਕਾਬਲੇ ਹੋਣਗੇ। ਇਸ ਵਿੱਚ ਜੂਨੀਅਰ ਗਰਲਜ਼ ਵਰਗ ਲਈ 10 ਕਿਲੋਮੀਟਰ ਅਤੇ ਵੂਮੈਨ ਐਲੀਟ ਵਰਗ ਲਈ 20 ਕਿਲੋਮੀਟਰ ਦੀ ਦੂਰੀ ਨਿਰਧਾਰਤ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ 13 ਸਤੰਬਰ ਨੂੰ ਰੋਡ ਰੇਸ (ਮਾਸ ਸਟਾਰਟ) ਕਰਵਾਈ ਜਾਵੇਗੀ, ਜਿਸ ਵਿੱਚ ਜੂਨੀਅਰ ਗਰਲਜ਼ ਵਰਗ ਦੀਆਂ ਖਿਡਾਰਨਾਂ 20 ਕਿਲੋਮੀਟਰ, ਜਦਕਿ ਵੂਮੈਨ ਐਲੀਟ ਵਰਗ ਦੀਆਂ ਖਿਡਾਰਨਾਂ 30 ਕਿਲੋਮੀਟਰ ਦੀ ਦੂਰੀ ਲਈ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੀਆਂ।

ਸ. ਕਾਹਲੋਂ ਨੇ ਕਿਹਾ ਕਿ ਸਾਈਕਲਿੰਗ ਇੱਕ ਅਜਿਹੀ ਖੇਡ ਹੈ ਜਿਸ ਵਿੱਚ ਸਰੀਰਕ ਸਮਰੱਥਾ ਦੇ ਨਾਲ ਅਨੁਸ਼ਾਸਨ, ਸਹਿਨਸ਼ਕਤੀ, ਤਕਨੀਕੀ ਮੁਹਾਰਤ, ਮਾਨਸਿਕ ਮਜ਼ਬੂਤੀ ਅਤੇ ਲਗਾਤਾਰ ਅਭਿਆਸ ਦੀ ਬਹੁਤ ਅਹਿਮੀਅਤ ਹੁੰਦੀ ਹੈ। ਐਸੋਸੀਏਸ਼ਨ ਦਾ ਯਤਨ ਹੈ ਕਿ ਪੰਜਾਬ ਦੀਆਂ ਹੋਣਹਾਰ ਲੜਕੀਆਂ ਨੂੰ ਵੱਧ ਤੋਂ ਵੱਧ ਮੁਕਾਬਲੇ ਦੇ ਮੌਕੇ ਦਿੱਤੇ ਜਾਣ ਤਾਂ ਜੋ ਉਹ ਭਵਿੱਖ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।

ਉਨ੍ਹਾਂ ਅੱਗੇ ਦੱਸਿਆ ਕਿ ਖਿਡਾਰਨਾਂ ਨੂੰ ਉਤਸ਼ਾਹਿਤ ਕਰਨ ਲਈ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਜੇਤੂਆਂ ਲਈ ਨਕਦ ਇਨਾਮ ਵੀ ਰੱਖੇ ਗਏ ਹਨ। ਪਹਿਲਾ ਸਥਾਨ ਹਾਸਲ ਕਰਨ ਵਾਲੀ ਖਿਡਾਰਨ ਨੂੰ 5,000 ਰੁਪਏ, ਦੂਜਾ ਸਥਾਨ ਪ੍ਰਾਪਤ ਕਰਨ ਵਾਲੀ ਨੂੰ 3,000 ਰੁਪਏ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੀ ਖਿਡਾਰਨ ਨੂੰ 2,000 ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ।

ਸ. ਧਾਲੀਵਾਲ ਅਤੇ ਸ. ਕਾਹਲੋਂ ਨੇ ਕਿਹਾ ਕਿ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਸੂਬੇ ਵਿੱਚ ਮਹਿਲਾ ਸਾਈਕਲਿੰਗ ਨੂੰ ਇੱਕ ਮਜ਼ਬੂਤ ਖੇਡ ਅੰਦੋਲਨ ਵਜੋਂ ਵਿਕਸਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਖੇਡਾਂ ਮਹਿਲਾਵਾਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਫ਼ੈਸਲਾ ਲੈਣ ਦੀ ਸਮਰੱਥਾ ਅਤੇ ਲੀਡਰਸ਼ਿਪ ਦੇ ਗੁਣ ਵੀ ਪੈਦਾ ਕਰਦੀਆਂ ਹਨ। ਇਸ ਲਈ ਪਰਿਵਾਰਾਂ ਅਤੇ ਖੇਡ ਸੰਸਥਾਵਾਂ ਨੂੰ ਲੜਕੀਆਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਹੋਰ ਉਤਸ਼ਾਹਿਤ ਕਰਨਾ ਚਾਹੀਦਾ ਹੈ।

ਉਨ੍ਹਾਂ ਪੰਜਾਬ ਭਰ ਦੀਆਂ ਯੋਗ ਮਹਿਲਾ ਸਾਈਕਲਿਸਟਾਂ ਨੂੰ ਇਸ ਲੀਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ 'ਅਸਮਿਤਾ ਖੇਲੋ ਇੰਡੀਆ ਵੂਮੈਨਜ਼ ਸਟੇਟ ਲੀਗ' ਸਿਰਫ਼ ਤਗਮੇ ਜਾਂ ਇਨਾਮ ਜਿੱਤਣ ਦਾ ਮੁਕਾਬਲਾ ਨਹੀਂ, ਸਗੋਂ ਮਹਿਲਾ ਖਿਡਾਰਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ, ਮੁਕਾਬਲੇ ਦਾ ਤਜਰਬਾ ਹਾਸਲ ਕਰਨ ਅਤੇ ਖੇਡਾਂ ਵਿੱਚ ਉੱਚੇ ਟੀਚੇ ਮਿੱਥਣ ਲਈ ਪ੍ਰੇਰਿਤ ਕਰਨ ਦਾ ਮਹੱਤਵਪੂਰਨ ਮੰਚ ਹੈ।

ਰਜਿਸਟ੍ਰੇਸ਼ਨ ਅਤੇ ਮੁਕਾਬਲੇ ਸਬੰਧੀ ਹੋਰ ਜਾਣਕਾਰੀ ਲਈ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ (7901964555) ਤੇ ਸੀਨੀਅਰ ਅਹੁਦੇਦਾਰ ਬੀ.ਐਸ. ਸੂਦਨ (9876841086) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਨਸ਼ਾ ਛੁਡਾਊ ਕੇਂਦਰ ਬਠਿੰਡਾ ਵਿਖੇ ਵਿਸ਼ਵ ਆਤਮ ਹੱਤਿਆ ਰੋਕਥਾਮ ਦਿਵਸ ਮਨਾਇਆ

**(ਪੈਗਾਮ-ਏ-ਜਗਤ) :** ਬਠਿੰਡਾ, 10 ਸਤੰਬਰ 2026:- ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਾ ਛੁਡਾਊ ਕੇਂਦਰ ਬਠਿੰਡਾ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਬਠਿੰਡਾ ਡਾ. ਅਰੁਣ ਬਾਂਸਲ ਦੀ ਅਗਵਾਈ ਹੇਠ ਵਿਸ਼ਵ ਆਤਮ ਹੱਤਿਆ ਰੋਕਥਾਮ ਦਿਵਸ ਮਨਾਇਆ ਗਿਆ। ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ, ਸਟਾਫ਼ ਅਤੇ ਇਲਾਜ ਕਰਵਾ ਰਹੇ ਮਰੀਜ਼ਾਂ ਨੂੰ ਆਤਮ ਹੱਤਿਆ ਦੀ ਰੋਕਥਾਮ ਸਬੰਧੀ ਜਾਗਰੂਕ ਕੀਤਾ ਗਿਆ। ਇਸ ਸਬੰਧੀ ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਆਤਮ ਹੱਤਿਆ ਸਾਡੇ ਸਮਾਜ ਵਿਚ ਮਾਨਸਿਕ ਰੋਗਾਂ ਵਿਚ ਲਗਾਤਾਰ ਵਾਧਾ ਹੋਣ ਕਾਰਣ ਹੋ ਰਹੀਆਂ ਹਨ। ਜਿਸ ਦੇ ਮੱਦੇਨਜਰ ਸੂਬਾ ਸਰਕਾਰ ਵੱਲੋਂ ਮਾਨਸਿਕ ਸਿਹਤ ਪ੍ਰੋਗਰਾਮ ਅਧੀਨ ਟੈਲੀ ਮਾਨਸ ਪੰਜਾਬ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰੋਗਰਾਮ ਅਧੀਨ ਅਸੀਂ ਟੋਲ ਫਰੀ ਨੰਬਰ 14416 'ਤੇ ਕਾਲ ਕਰਕੇ ਆਪਣੇ ਮਾਨਸਿਕ ਰੋਗਾਂ ਬਾਰੇ ਅਤੇ ਇਲਾਜ ਬਾਰੇ ਮੁਫ਼ਤ ਜਾਣਕਾਰੀ ਹਾਸਲ ਕਰ ਸਕਦੇ ਹਾਂ।

ਡਾ. ਅਰੁਣ ਬਾਂਸਲ ਨੇ ਕਿਹਾ ਕਿ ਆਤਮ ਹੱਤਿਆ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੈ। ਮਾਨਸਿਕ ਤਣਾਅ, ਨਿਰਾਸ਼ਾ, ਇਕੱਲਾਪਣ, ਨਸ਼ੇ ਦੀ ਆਦਤ ਜਾਂ ਜੀਵਨ ਵਿੱਚ ਆਉਣ ਵਾਲੀਆਂ ਮੁਸ਼ਕਲ ਸਥਿਤੀਆਂ ਕਾਰਨ ਵਿਅਕਤੀ ਕਈ ਵਾਰ ਬਹੁਤ ਜ਼ਿਆਦਾ ਤਣਾਅ ਵਿੱਚ ਆ ਸਕਦਾ ਹੈ। ਅਜਿਹੇ ਸਮੇਂ ਉਸ ਨੂੰ ਇਕੱਲਾ ਛੱਡਣ ਦੀ ਬਜਾਏ ਉਸ ਦੀ ਗੱਲ ਧਿਆਨ ਨਾਲ ਸੁਣਨੀ ਅਤੇ ਉਸ ਨੂੰ ਭਾਵਨਾਤਮਕ ਸਹਾਰਾ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਵਿੱਚ ਲਗਾਤਾਰ ਉਦਾਸੀ, ਨਿਰਾਸ਼ਾ, ਇਕੱਲੇ ਰਹਿਣ ਦੀ ਇੱਛਾ, ਬੇਚੈਨੀ, ਨੀਂਦ ਜਾਂ ਖਾਣ-ਪੀਣ ਵਿੱਚ ਵੱਡਾ ਬਦਲਾਅ ਜਾਂ ਜੀਵਨ ਪ੍ਰਤੀ ਨਿਰਾਸ਼ਾਜਨਕ ਵਿਚਾਰ ਨਜ਼ਰ ਆਉਣ ਤਾਂ ਉਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪਰਿਵਾਰਕ ਮੈਂਬਰਾਂ ਅਤੇ ਸਿਹਤ ਮਾਹਿਰਾਂ ਦੀ ਮਦਦ ਲੈਣੀ ਚਾਹੀਦੀ ਹੈ। ਸਮੇਂ ਸਿਰ ਮਿਲਣ ਵਾਲੀ ਕਾਊਂਸਲਿੰਗ ਅਤੇ ਇਲਾਜ ਵਿਅਕਤੀ ਨੂੰ ਸੰਕਟ ਵਿੱਚੋਂ ਬਾਹਰ ਆਉਣ ਵਿੱਚ ਮਦਦ ਕਰ ਸਕਦਾ ਹੈ।

ਡਿਪਟੀ ਮਾਸ ਮੀਡੀਆ ਅਫ਼ਸਰ ਰੋਹਿਤ ਜਿੰਦਲ ਨੇ ਇਲਾਜ ਕਰਵਾ ਰਹੇ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਨੂੰ ਛੱਡਣ ਦੇ ਨਾਲ-ਨਾਲ ਆਪਣੀ ਮਾਨਸਿਕ ਸਿਹਤ ਵੱਲ ਵੀ ਵਿਸ਼ੇਸ਼ ਧਿਆਨ ਦੇਣ। ਉਨ੍ਹਾਂ ਕਿਹਾ ਕਿ ਨਸ਼ਾ ਛੱਡਣ ਦੀ ਪ੍ਰਕਿਰਿਆ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਦਾ ਇਲਾਜ ਅਤੇ ਕਾਊਂਸਲਿੰਗ ਰਾਹੀਂ ਹੱਲ ਕੀਤਾ ਜਾ ਸਕਦਾ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਹੋਣ 'ਤੇ ਸਿਹਤ ਕਰਮਚਾਰੀਆਂ ਨਾਲ ਖੁੱਲ੍ਹ ਕੇ ਗੱਲ ਕਰਨੀ ਚਾਹੀਦੀ ਹੈ।

ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਲਖਵਿੰਦਰ ਸਿੰਘ ਕੈਂਥ ਅਤੇ ਗਗਨਦੀਪ ਸਿੰਘ ਭੁੱਲਰ ਵੱਲੋਂ ਹਾਜ਼ਰੀਨ ਨੂੰ ਆਤਮ ਹੱਤਿਆ ਰੋਕਥਾਮ, ਮਾਨਸਿਕ ਸਿਹਤ ਦੀ ਸੰਭਾਲ ਅਤੇ ਨਸ਼ਾ ਮੁਕਤੀ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਲੋੜਵੰਦ ਵਿਅਕਤੀਆਂ ਨੂੰ ਸਮੇਂ ਸਿਰ ਮਾਹਿਰਾਂ ਦੀ ਸਹਾਇਤਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਮਾਨਸਿਕ ਰੋਗਾਂ ਦੇ ਮਾਹਿਰ ਡਾ. ਤਨੂੰਪ੍ਰੀਤ ਕੌਰ, ਡਾ. ਸ਼ਗਨਪ੍ਰੀਤ ਕੌਰ, ਕੌਂਸ਼ਲਰ ਸੋਮਾ ਰਾਣੀ ਅਤੇ ਖੁਸਬੂ ਹਾਜ਼ਰ ਸਨ।

## ਲੰਪੀ ਸਕਿਨ ਬਿਮਾਰੀ ਨੂੰ ਰੋਕਣ ਲਈ ਜੈਵਿਕ ਸੁਰੱਖਿਆ ਅਤੇ ਸਫਾਈ ਬਹੁਤ ਜ਼ਰੂਰੀ ਵੈਟਨਰੀ ਯੂਨੀਵਰਸਿਟੀ

**(ਪੈਗਾਮ-ਏ-ਜਗਤ) :** ਲੁਧਿਆਣਾ, 10 ਸਤੰਬਰ, 2026:- ਸਾਲ 2022 ਵਿੱਚ ਉੱਤਰੀ ਭਾਰਤ ਵਿੱਚ ਪਸ਼ੂਆਂ ਨੂੰ ਵੱਡੇ ਤੌਰ 'ਤੇ ਪ੍ਰਭਾਵਿਤ ਕਰਨ ਵਾਲੀ ਲੰਪੀ ਸਕਿਨ ਬਿਮਾਰੀ ਫਿਰ ਤੋਂ ਰਾਜ ਦੇ ਡੇਅਰੀ ਪਸ਼ੂਆਂ ਲਈ ਘਾਤਕ ਹੋ ਸਕਦੀ ਹੈ। ਇਹ ਵਿਚਾਰ ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਨੇ ਸਾਂਝੇ ਕੀਤੇ। ਡਾ. ਗਿੱਲ ਨੇ ਕਿਹਾ ਕਿ ਪਸ਼ੂ ਪਾਲਕਾਂ ਨੂੰ ਇਸ ਬਿਮਾਰੀ ਨੂੰ ਰੋਕਣ ਲਈ ਫਾਰਮ 'ਤੇ ਜੈਵਿਕ ਸੁਰੱਖਿਆ ਅਤੇ ਸਫਾਈ ਨੂੰ ਮਜ਼ਬੂਤ ਕਰਨ ਦੀ ਲੋੜ ਹੈ।

ਡਾ. ਸਵਰਨ ਸਿੰਘ ਰੰਧਾਵਾ, ਡੀਨ, ਕਾਲਜ ਆਫ਼ ਵੈਟਨਰੀ ਸਾਇੰਸ, ਲੁਧਿਆਣਾ ਨੇ ਕਿਹਾ ਕਿ ਇਹ ਬਿਮਾਰੀ ਕੈਪਰੀਪੌਕਸ ਵਾਇਰਸ ਕਾਰਨ ਹੋਣ ਵਾਲੀ ਇੱਕ ਲਾਗ ਵਾਲੀ ਬਿਮਾਰੀ ਹੈ ਅਤੇ ਮੱਛਰ, ਕੱਟਣ ਵਾਲੀਆਂ ਮੱਖੀਆਂ ਅਤੇ ਚਿੱਚੜਾਂ ਆਦਿ ਦੁਆਰਾ ਅੱਗੇ ਵਧਦੀ ਹੈ। ਇਸ ਬਿਮਾਰੀ ਦੇ ਮੁੱਖ ਲੱਛਣਾਂ ਵਿੱਚ ਬੁਖਾਰ (106F) ਸ਼ਾਮਲ ਹੈ, ਜਿਸ ਤੋਂ ਬਾਅਦ ਸਾਰੇ ਸਰੀਰ ਵਿੱਚ ਚਮੜੀ ਵਿੱਚ ਗੰਢਾਂ (2-5 ਸੈਂਟੀਮੀਟਰ) ਦਾ ਵਿਕਾਸ ਹੁੰਦਾ ਹੈ, ਪਰ ਕੁਝ ਸਮੇਂ ਲਈ ਮੂੰਹ, ਸੰਘ ਅਤੇ ਸਾਹ ਦੀ ਨਾਲੀ ਵਿੱਚ ਜ਼ਖ਼ਮ ਹੋ ਸਕਦੇ ਹਨ ਅਤੇ ਨਮੂਨੀਆ, ਅੰਗਾਂ ਦੀ ਸੋਜ ਆਦਿ ਦਾ ਕਾਰਣ ਬਣ ਸਕਦੇ ਹਨ। ਇਸ ਨਾਲ ਭੁੱਖ ਮਰਨੀ, ਥੁੱਕ ਡਿੱਗਣਾ, ਅੱਖਾਂ ਵਿੱਚੋਂ ਪਾਣੀ ਵਗਣਾ, ਨੱਕ ਵਿੱਚੋਂ ਪਾਣੀ ਵਗਣਾ ਅਤੇ ਦੁੱਧ ਉਤਪਾਦਨ ਵਿੱਚ ਭਾਰੀ ਕਮੀ ਆਉਂਦੀ ਹੈ। ਡਾ. ਰੰਧਾਵਾ ਨੇ ਕਿਹਾ ਕਿ ਕਿਉਂਕਿ ਇਹ ਇੱਕ ਲਾਗ ਬਿਮਾਰੀ ਹੈ, ਇਸਦਾ ਕੋਈ ਸਿੱਧਾ ਇਲਾਜ ਨਹੀਂ ਹੈ, ਹਾਲਾਂਕਿ ਬੁਖਾਰ ਵਾਲੇ ਜਾਨਵਰ ਨੂੰ ਸਥਾਨਕ ਪਸ਼ੂਆਂ ਦੇ ਡਾਕਟਰ ਨਾਲ ਸਲਾਹ-ਮਸ਼ਵਰਾ ਕਰਕੇ ਬਾਜ਼ਾਰ ਵਿੱਚ ਉਪਲਬਧ ਐਂਟੀਪਾਇਰੇਟਿਕਸ ਨਾਲ ਠੀਕ ਕੀਤਾ ਜਾ ਸਕਦਾ ਹੈ। ਜੇਕਰ ਬੁਖਾਰ ਬਣਿਆ ਰਹਿੰਦਾ ਹੈ ਜਾਂ ਜਾਨਵਰ ਨੱਕ ਰਾਹੀਂ ਸਾਹ ਲੈਣ ਦੇ ਸੰਕੇਤ ਦਿਖਾਉਂਦਾ ਹੈ, ਤਾਂ ਐਂਟੀਬਾਇਓਟਿਕਸ ਦੇਣ ਦੀ ਲੋੜ ਹੋ ਸਕਦੀ ਹੈ। ਨੇੜਲੇ ਜਾਨਵਰਾਂ ਵਿੱਚ ਬਿਮਾਰੀ ਦੇ ਫੈਲਣ ਨੂੰ ਰੋਕਣ ਲਈ ਬਿਮਾਰੀ ਦੀ ਲਾਗ ਕਾਬੂ ਕਰਨ ਵਾਲੀਆਂ ਰਣਨੀਤੀਆਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਣੀ ਚਾਹੀਦੀ ਹੈ।

ਡਾ. ਸੁਸ਼ਮਾ, ਮੁਖੀ, ਵੈਟਨਰੀ ਮੈਡੀਸਨ ਵਿਭਾਗ ਨੇ ਇਸ ਸਮੇਂ ਦੌਰਾਨ ਜਾਨਵਰਾਂ ਦੀ ਆਵਾਜਾਈ ਜਾਂ ਵਿਕਰੀ-ਖਰੀਦ ਵਿੱਚ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ। ਪਸ਼ੂ ਪਾਲਣ ਵਿਭਾਗ ਵੱਲੋਂ ਇਸ ਬਿਮਾਰੀ ਵਿਰੁੱਧ ਟੀਕਾਕਰਨ ਮੁਹਿੰਮ ਵਿੱਚ ਸਹਿਯੋਗ ਕਰਨ ਅਤੇ ਆਪਣੇ ਸਿਹਤਮੰਦ ਜਾਨਵਰਾਂ ਦਾ ਟੀਕਾਕਰਨ ਕਰਨਾ ਵੀ ਜ਼ਰੂਰੀ ਹੈ। ਡਾ. ਸੁਸ਼ਮਾ ਨੇ ਅੱਗੇ ਦੱਸਿਆ ਕਿ ਇਹ ਬਿਮਾਰੀ ਪਸ਼ੂਆਂ ਤੋਂ ਮਨੁੱਖਾਂ ਨੂੰ ਹੋਣ ਵਾਲੀ ਪ੍ਰਕਿਰਤੀ ਦੀ ਨਹੀਂ ਹੈ ਅਤੇ ਦੁੱਧ ਸਹੀ ਢੰਗ ਨਾਲ ਉਬਾਲਣ/ਪਾਸਚੁਰਾਈਜ਼ ਕਰਨ ਤੋਂ ਬਾਅਦ ਸੇਵਨ ਲਈ ਸੁਰੱਖਿਅਤ ਹੈ।

ਇੱਥੇ ਇਹ ਦੱਸਣਾ ਵੀ ਢੁਕਵਾਂ ਹੈ ਕਿ ਯੂਨੀਵਰਸਿਟੀ 18-19 ਸਤੰਬਰ 2026 ਨੂੰ "ਜੈਵਿਕ ਸੁਰੱਖਿਆ ਨੂੰ ਮਜ਼ਬੂਤ ਕਰੋ- ਪਸ਼ੂਆਂ ਦੀਆਂ ਬਿਮਾਰੀਆਂ ਨੂੰ ਰੋਕੋ" ਵਿਸ਼ੇ 'ਤੇ ਪਸ਼ੂ ਪਾਲਣ ਮੇਲਾ ਆਯੋਜਿਤ ਕਰ ਰਹੀ ਹੈ ਤਾਂ ਜੋ ਪਸ਼ੂ ਪਾਲਕਾਂ ਨੂੰ ਜੈਵਿਕ ਸੁਰੱਖਿਆ ਉਪਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ।

## ਐਸਆਈਆਰ2026 ਦਾਅਵੇ ਅਤੇ ਇਤਰਾਜ਼ 12 ਸਤੰਬਰ ਤੱਕ ਕੀਤੇ ਜਾ ਸਕਦੇ ਹਨ

**(ਪੈਗਾਮ-ਏ-ਜਗਤ) :** ਸਾਹਿਬਜ਼ਾਦਾ ਅਜੀਤ ਸਿੰਘ ਨਗਰ, 11 ਸਤੰਬਰ:- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ-2026 ਦੇ ਤੀਜੇ ਪੜਾਅ ਅਧੀਨ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਪ੍ਰਕਿਰਿਆ 13 ਅਗਸਤ ਤੋਂ 12 ਸਤੰਬਰ, 2026 ਤੱਕ ਜਾਰੀ ਹੈ।

ਐਸ.ਡੀ.ਐਮ.-ਕਮ-ਈ.ਆਰ.ਓ., 053-ਐਸ.ਏ.ਐਸ. ਨਗਰ ਸ੍ਰੀਮਤੀ ਦਮਨਦੀਪ ਕੌਰ ਨੇ ਦੱਸਿਆ ਕਿ ਇਸ ਦੌਰਾਨ ਜਨਤਾ ਵੱਲੋਂ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ, 2026 ਤੱਕ ਕੀਤਾ ਜਾਣਾ ਹੈ। ਹਲਕੇ ਵਿੱਚ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਫਾਰਮ ਨੰਬਰ 6, 7 ਅਤੇ 8 ਨਾਲ ਸਬੰਧਤ ਹਫ਼ਤਾਵਾਰੀ ਸੂਚੀਆਂ ਫਾਰਮ ਨੰਬਰ 9, 10, 11 ਅਤੇ 11-ਏ ਵਿੱਚ ਉਨ੍ਹਾਂ ਦੀ ਜਾਣਕਾਰੀ ਅਤੇ ਪੜਤਾਲ ਲਈ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਹਫ਼ਤਾਵਾਰੀ ਮੀਟਿੰਗਾਂ ਕਰਕੇ ਦਾਅਵਿਆਂ ਅਤੇ ਇਤਰਾਜ਼ਾਂ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਐਸ.ਆਈ.ਆਰ. ਦੀ ਪ੍ਰਕਿਰਿਆ ਦੌਰਾਨ ਪ੍ਰਾਪਤ ਹੋਣ ਵਾਲੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਰਧਾਰਤ ਸਮਾਂ-ਸੀਮਾ ਅਨੁਸਾਰ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ।

## ਮਾਸਿਕ ਸ਼ਿਵਰਾਤਰੀ ਦੇ ਦਿਨ ਕ੍ਰਿਸ਼ਨ ਜੀ ਦੀ ਛੱਠੀ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਵਿਖੇ ਬੜੀ ਧੂਮਧਾਮ ਨਾਲ ਮਨਾਈ ਗਈ

**(ਪੈਗਾਮ-ਏ-ਜਗਤ) :** ਪਟਿਆਲਾ, 10 ਸਤੰਬਰ:- ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਅਤੇ ਭਗਤਾਂ ਦੇ ਸਹਿਯੋਗ ਨਾਲ ਮਾਸਿਕ ਸ਼ਿਵਰਾਤਰੀ ਅਤੇ ਕ੍ਰਿਸ਼ਨ ਜੀ ਦੀ ਛੱਠੀ ਬੜੀ ਧੂਮਧਾਮ ਨਾਲ ਮਨਾਈ ਗਈ। ਇਸ ਮੌਕੇ ਸ਼ਾਮ ਨੂੰ 6:00 ਵਜੇ ਤੋਂ ਲੈ ਕੇ 8:00 ਵਜੇ ਤੱਕ ਸ਼ਿਵ ਮੰਡਲੀ ਦੁਆਰਾ ਸ਼ਿਵ ਜੀ ਦੇ ਭਜਨ ਅਤੇ ਕ੍ਰਿਸ਼ਨ ਜੀ ਦੀ ਬਾਲ ਲੀਲਾ 'ਤੇ ਵਿਸ਼ੇਸ਼ ਕੀਰਤਨ ਕੀਤਾ ਗਿਆ। ਇਸ ਮੌਕੇ 'ਤੇ ਸੰਗਤਾਂ ਝੂਮ ਉੱਠੀਆਂ ਅਤੇ ਭਜਨਾਂ ਦਾ ਆਨੰਦ ਮਾਣਿਆ।

ਇਸ ਮੌਕੇ ਸੁਧਾਰ ਸਭਾ ਨੇ ਕ੍ਰਿਸ਼ਨ ਜੀ ਦੇ ਮਨ ਭਾਉਂਦੇ ਪਕਵਾਨ ਜਿਵੇਂ ਕਿ ਕੜੀ ਚਾਵਲ ਆਦਿ ਦਾ ਅਤੁੱਟ ਲੰਗਰ ਵਰਤਾਇਆ। ਸੰਸਥਾਪਕ ਸਤਨਾਮ ਹਸੀਜਾ ਦੇ ਪਰਿਵਾਰ ਵੱਲੋਂ ਸੰਗਤਾਂ ਨੂੰ ਛੱਠੀ ਦੇ ਮੌਕੇ ਲੱਡੂ ਵੰਡੇ ਅਤੇ ਕਾਨਾਂ ਦੀ ਛੱਠੀ ਦੇ ਮੌਕੇ ਛੋਟੇ ਬੱਚਿਆਂ ਨੂੰ ਖਿਡੌਣੇ ਵੰਡੇ। ਇਸ ਮੌਕੇ ਪੂਰਨ ਖਜਾਨਚੀ ਵੱਲੋਂ ਬੱਚਿਆਂ ਨੂੰ ਚੋਕਲੇਟਾਂ ਵੰਡੀਆਂ। ਰਮੇਸ਼ ਕੁਮਾਰ ਅਰੋੜਾ ਗੋਲੂ ਵੱਲੋਂ ਰਬੜੀ ਵਾਲੀ ਕੁਲਫੀ ਅਤੇ ਆਇਸ ਕਰੀਮ ਬੱਚਿਆਂ ਅਤੇ ਸ਼ਰਧਾਲੂਆਂ ਨੂੰ ਅਤੁੱਟ ਵੰਡੀ ਗਈ।

ਸੁਧਾਰ ਸਭਾ ਦੇ ਸਾਰੇ ਮੈਂਬਰਾਂ ਨੇ ਅਣਥੱਕ ਮਿਹਨਤ ਕਰਕੇ ਲੰਗਰ ਬਣਾਇਆ ਅਤੇ ਵਰਤਾਇਆ। ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਹੁਣ ਰੋਜ਼ਾਨਾ ਭਗਤਾਂ ਦੀ ਆਵਾਜਾਈ ਅਤੇ ਆਸਥਾ ਬਹੁਤ ਵੱਧ ਗਈ ਹੈ। ਜਿਹੜੇ ਵੀ ਵਾਰ-ਤਿਉਹਾਰ ਪਹਿਲਾਂ ਨਹੀਂ ਮਨਾਏ ਜਾਂਦੇ ਸਨ, ਹੁਣ ਸਾਰੇ ਵਾਰ-ਤਿਉਹਾਰ ਮੰਦਿਰ ਵਿਖੇ ਮਨਾਏ ਜਾਂਦੇ ਹਨ। ਇਸ ਕਰਕੇ ਸੰਗਤਾਂ ਵਿੱਚ ਸ਼ਰਧਾ ਕਾਫੀ ਵੱਧੀ ਹੈ।

## ਵਾਰ ਵਾਰ ਮੈਡਲ ਟ੍ਰਾਫੀਆਂ ਜਿੱਤਣ ਦੇ ਜੋਸ਼ ਸੋਨੀ ਪਬਲਿਕ ਸਕੂਲ ਦੇ ਬੱਚਿਆਂ ਵਿੱਚ ਸਰਵੋਤਮ ਵਰਿੰਦਰ ਸਿੰਘ

**(ਪੈਗਾਮ-ਏ-ਜਗਤ) :** ਪਟਿਆਲਾ, 10 ਸਤੰਬਰ:- ਫੋਕਟ ਪੁਆਇੰਟ ਪਟਿਆਲਾ ਵਿਖੇ ਚਲ ਰਹੇ ਸੋਨੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੇ ਜੋਸ਼, ਹਿੰਮਤ, ਹੌਸਲੇ ਅਤੇ ਆਤਮ ਵਿਸ਼ਵਾਸ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਤੋਂ ਉੱਪਰ ਹਨ। ਇਸੇ ਕਰਕੇ ਉਨ੍ਹਾਂ ਦੇ 70% ਵਿਦਿਆਰਥੀਆਂ ਕੋਲ 5 ਤੋਂ 15 ਤੱਕ ਮੈਡਲ ਅਤੇ ਸਰਟੀਫਿਕੇਟ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਡਾਇਰੈਕਟਰ ਸ੍ਰੀ ਵਰਿੰਦਰ ਸਿੰਘ ਅਤੇ ਚੈਅਰਮੈਨ ਸ਼੍ਰੀਮਤੀ ਅਮਰਜੀਤ ਕੌਰ ਨੇ ਸ੍ਰੀ ਕਾਕਾ ਰਾਮ ਵਰਮਾ, ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈਡ ਕਰਾਸ, ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੇ ਪ੍ਰਧਾਨ ਡਾਕਟਰ ਰਾਕੇਸ਼ ਵਰਮੀ ਅਤੇ ਅਲਕਾ ਅਰੋੜਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਵੱਲੋਂ ਕਰਵਾਏ ਜਾਂਦੇ ਮੁਕਾਬਲਿਆਂ ਵਿੱਚ ਸੋਨੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਹਮੇਸ਼ਾ ਚੰਗੇ ਪ੍ਰਦਰਸ਼ਨ ਕੀਤੇ ਅਤੇ ਇਨਾਮ ਜਿੱਤੇ ਹਨ। ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਉਨ੍ਹਾਂ ਦੇ ਪ੍ਰਿੰਸੀਪਲ ਅਤੇ 20 ਤੋਂ ਵੱਧ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ ਹੈ।

ਪ੍ਰਿੰਸੀਪਲ ਸ਼੍ਰੀਮਤੀ ਰਮਨਦੀਪ ਕੌਰ ਨੇ ਦੱਸਿਆ ਕਿ ਰਾਸ਼ਟਰੀ ਖੇਡ ਦਿਵਸ ਮੌਕੇ ਜ਼ੇ ਪੀ ਐੱਮ ਸ੍ਰੀ ਕੇਂਦਰੀ ਵਿਦਿਆਲਿਆ ਨੰਬਰ 1 ਵਿਖੇ ਕਰਵਾਏ ਗਏ ਮੁਕਾਬਲਿਆਂ ਵਿੱਚ ਉਨ੍ਹਾਂ ਦੇ ਬੱਚਿਆਂ ਨੇ 17 ਸਕੂਲਾਂ ਦੇ ਖਿਡਾਰੀਆਂ ਨੂੰ ਹਰਾਕੇ 5 ਮੈਡਲ ਜਿੱਤੇ, ਜਦਕਿ ਪਿਛਲੇ ਸਾਲ ਸੋਨੀ ਪਬਲਿਕ ਸਕੂਲ ਨੇ ਸਭ ਤੋਂ ਵੱਧ ਮੈਡਲ ਜਿੱਤਕੇ ਇੰਜ਼ ਅੰਕਿਤ ਅਰੋੜਾ ਯਾਦਗਾਰੀ ਟਰਾਫੀ 'ਤੇ ਕਬਜ਼ਾ ਕੀਤਾ ਸੀ।

ਕਾਕਾ ਰਾਮ ਵਰਮਾ ਨੇ ਕਿਹਾ ਕਿ ਅੱਜ ਬੱਚਿਆਂ ਨੂੰ ਵੱਧ ਨੰਬਰਾਂ ਲਈ ਨਹੀਂ ਸਗੋਂ ਉਨ੍ਹਾਂ ਦੇ ਹੁਨਰ, ਜੋਸ਼, ਹਿੰਮਤ, ਹੌਂਸਲੇ ਅਤੇ ਆਤਮ ਵਿਸ਼ਵਾਸ ਨੂੰ ਜਗਾ ਕੇ ਰਾਸ਼ਟਰੀ-ਅੰਤਰਰਾਸ਼ਟਰੀ ਖਿਡਾਰੀ ਅਤੇ ਚੈਂਪੀਅਨ ਬਣਾਉਣ ਲਈ ਉਤਸ਼ਾਹਿਤ ਕਰਨਾ ਜ਼ਰੂਰੀ ਹੈ। ਅਜਿਹੇ ਹੋਣਹਾਰ ਬੱਚੇ ਆਪਣੇ ਆਪ ਨਸ਼ਿਆਂ, ਫਾਸਟ ਫੂਡ, ਜੰਕ ਫੂਡ ਅਤੇ ਆਰਾਮ ਪ੍ਰਸਤੀਆਂ ਤੋਂ ਦੂਰ ਰਹਿੰਦੇ ਹਨ।

ਇਸ਼ਤਿਹਾਰ
Paigam-E-Jagat
Your advertisement here
2 ਕਾਲਮ × 7 cm

## ਸ਼ਰਧਾਲੂਆਂ ਦੀ ਆਸਥਾ ਦਾ ਸਨਮਾਨ ਮਥੁਰਾਵ੍ਰਿੰਦਾਵਨ ਲਈ ਬੱਸ ਰਵਾਨਾ ਵਿਧਾਇਕ ਰੰਧਾਵਾ

**(ਪੈਗਾਮ-ਏ-ਜਗਤ) :** ਲਾਲੜੂ, 10 ਸਤੰਬਰ:- ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਤਹਿਤ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਤੋਂ ਸ਼ਰਧਾਲੂਆਂ ਨੂੰ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।

ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸੰਗਤਾਂ ਦੀ ਧਾਰਮਿਕ ਆਸਥਾ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਪਵਿੱਤਰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਹ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਵੱਖ-ਵੱਖ ਵਰਗਾਂ ਦੇ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਦਾ ਮੌਕਾ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਮਥੁਰਾ-ਵ੍ਰਿੰਦਾਵਨ ਦੀ ਪਵਿੱਤਰ ਧਰਤੀ ਦੇ ਦਰਸ਼ਨਾਂ ਲਈ ਰਵਾਨਾ ਹੋਣ ਸਮੇਂ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਅਤੇ ਸ਼ਰਧਾ ਦੇਖਣ ਨੂੰ ਮਿਲੀ। ਵਿਧਾਇਕ ਰੰਧਾਵਾ ਨੇ ਸਮੂਹ ਸ਼ਰਧਾਲੂਆਂ ਦੀ ਯਾਤਰਾ ਸੁਖਦ, ਸੁਰੱਖਿਅਤ ਅਤੇ ਮੰਗਲਮਈ ਹੋਣ ਦੀ ਕਾਮਨਾ ਕੀਤੀ।

ਇਸ ਮੌਕੇ ਨਗਰ ਕੌਂਸਲ ਲਾਲੜੂ ਦੇ ਪ੍ਰਧਾਨ ਸ. ਜੋਰਾਵਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਮਦਾਨ, ਕੌਂਸਲਰ ਸਾਹਿਬਾਨ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਓਬੀਸੀ ਫਰੰਟ ਪੰਜਾਬ ਵੱਲੋਂ 27 ਰਿਜ਼ਰਵੇਸ਼ਨ ਲਾਗੂ ਕਰਨ ਦੇ ਲਈ ਦਿੱਤਾ ਗਿਆ ਮੰਗ ਪੱਤਰ

**(ਪੈਗਾਮ-ਏ-ਜਗਤ) :** ਪਟਿਆਲਾ, 10 ਸਤੰਬਰ:- ਅੱਜ ਮਿਤੀ 10/9/26 ਨੂੰ ਸ੍ਰੀ ਮਲਕੀਤ ਸਿੰਘ ਥਿੰਦ, ਚੇਅਰਮੈਨ ਬੀਸੀ ਵਿੰਗ ਪੰਜਾਬ ਵੱਲੋਂ ਸਰਕਟ ਹਾਊਸ ਪਟਿਆਲਾ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਭਾਈਚਾਰਿਆਂ ਦੇ ਜ਼ਿੰਮੇਵਾਰ ਸਾਥੀਆਂ ਨੇ ਹਿੱਸਾ ਲਿਆ। ਮੁੱਖ ਤੌਰ ’ਤੇ ਐਡਵੋਕੇਟ ਰਜਿੰਦਰ ਸਿੰਘ ਮੋਹਲ ਨੇ ਸਾਰੀ ਸਟੇਜ ਦੀ ਕਾਰਵਾਈ ਕਰਦਿਆਂ ਸ੍ਰੀ ਮਲਕੀਤ ਸਿੰਘ ਥਿੰਦ, ਚੇਅਰਮੈਨ ਬੀਸੀ ਵਿੰਗ ਪੰਜਾਬ ਨੂੰ ਜੀ ਆਇਆਂ ਆਖਿਆ ਅਤੇ ਸਰੋਪਾ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

ਵੱਖ-ਵੱਖ ਬੁਲਾਰਿਆਂ ਵੱਲੋਂ ਬੀਸੀ ਦੇ ਸਰਟੀਫਿਕੇਟ ਬਣਵਾਉਣ ਸਬੰਧੀ ਅਤੇ 27% ਰਿਜ਼ਰਵੇਸ਼ਨ ਬੈਕਵਰਡ ਕਲਾਸ ਲਈ ਲਾਗੂ ਕਰਨ ਦੀ ਗੱਲ ਕੀਤੀ ਗਈ। ਸ੍ਰੀ ਅਮਰਜੀਤ ਸਿੰਘ ਰਾਮਗੜੀਆ, ਸਟੇਟ ਮੈਂਬਰ ਰਾਮਗੜੀਆ ਵੈਲਫੇਅਰ ਬੋਰਡ ਨੇ ਸ੍ਰੀ ਮਲਕੀਤ ਸਿੰਘ ਜੀ ਨੂੰ ਕਿਹਾ ਕਿ ਬੀਸੀ ਸਰਟੀਫਿਕੇਟ ਬਣਾਉਣ ਦੇ ਲਈ ਡੀਓ ਪੀਟੀ ਦੀਆਂ ਹਦਾਇਤਾਂ ਮੁਤਾਬਕ ਸਰਟੀਫਿਕੇਟ ਦਾ ਸਰਲੀਕਰਨ ਕੀਤਾ ਜਾਵੇ ਅਤੇ ਇੱਕ ਵਾਰ ਬਣਿਆ ਹੋਇਆ ਸਰਟੀਫਿਕੇਟ ਹੀ ਪੱਕੇ ਤੌਰ ’ਤੇ ਮੰਨਿਆ ਜਾਵੇ।

ਓਬੀਸੀ ਫਰੰਟ ਦੇ ਪ੍ਰਧਾਨ ਸਰਦਾਰ ਸੁਖਦੇਵ ਸਿੰਘ ਔਲਖ ਵੱਲੋਂ ਓਬੀਸੀ ਕਮਿਸ਼ਨ ਦੇ ਚੇਅਰਮੈਨ ਮਲਕੀਤ ਸਿੰਘ ਥਿੰਦ ਨੂੰ 27% ਰਿਜ਼ਰਵੇਸ਼ਨ ਲਾਗੂ ਕਰਨ ਦੇ ਲਈ ਮੰਗ ਪੱਤਰ ਸੌਂਪਿਆ ਗਿਆ। ਸ੍ਰੀ ਮਲਕੀਤ ਸਿੰਘ ਥਿੰਦ, ਚੇਅਰਮੈਨ ਸਾਹਿਬ ਨੇ ਆਪਣੇ ਸੰਬੋਧਨ ਵਿੱਚ ਬੀਸੀ ਵਰਗ ਨੂੰ ਆ ਰਹੀਆਂ ਮੁਸ਼ਕਿਲਾਂ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਬੀਸੀ ਵਿੰਗ ਨੂੰ ਮਿਲ ਰਹੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ ਅਤੇ ਜਲਦੀ ਹੀ ਫਾਰਮ ਦਾ ਸਰਲੀਕਰਨ ਕਰਨ ਦਾ ਭਰੋਸਾ ਦਿੱਤਾ ਗਿਆ।

ਉਨ੍ਹਾਂ ਨੇ ਹਰ ਇੱਕ ਡੀਸੀ ਆਫਿਸ ਦੇ ਵਿੱਚ ਓਬੀਸੀ ਵਰਗ ਤੇ ਬੀਸੀ ਵਰਗ ਦੇ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਦੇ ਫਲੈਕਸ ਬੋਰਡ ਬਣਾ ਕੇ ਦਫ਼ਤਰਾਂ ਦੇ ਵਿੱਚ ਲਾਉਣ ਲਈ ਏਡੀਸੀ ਪਟਿਆਲਾ ਨੂੰ ਵੀ ਹਦਾਇਤ ਕੀਤੀ ਗਈ।

ਇਸ ਸਮੇਂ ਜਗਦੀਸ਼ ਰਜੋਰੀਆ, ਚੇਅਰਮੈਨ ਓਬੀਸੀ ਫਰੰਟ, ਕਿਰਪਾਲ ਸਿੰਘ ਬਠੋਈ, ਕਾਮਰੇਡ ਰਾਜ ਕਿਸ਼ਨ ਨੂਰ ਖੇੜੀਆਂ, ਡਾਕਟਰ ਗਿਆਨ ਸਿੰਘ ਅਮਲੋਹ, ਜਤਿੰਦਰ ਸਿੰਘ ਰਾਮਗੜੀਆ ਅਮਲੋਹ, ਹਰਪਾਲ ਸਿੰਘ ਪਾਲੀ, ਚੇਅਰਮੈਨ ਰਾਮਗੜੀਆ ਵੈਲਫੇਅਰ ਬੋਰਡ ਪਟਿਆਲਾ ਦਿਹਾਤੀ, ਅਮਰਜੀਤ ਸੈਣੀ ਘਨੌਰ ਅਤੇ ਹੋਰ ਬਹੁਤ ਸਾਰੇ ਕੰਬੋਜ ਭਾਈਚਾਰੇ, ਗੁੱਜਰ ਭਾਈਚਾਰੇ ਅਤੇ ਸੈਣੀ ਭਾਈਚਾਰੇ ਦੇ ਪਤਵੰਤੇ ਸੱਜਣ ਮੀਟਿੰਗ ਵਿੱਚ ਹਾਜ਼ਰ ਸਨ।

ਅੰਤ ਵਿੱਚ ਰਜਿੰਦਰ ਸਿੰਘ ਮੋਹਲ ਜੀ ਵੱਲੋਂ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

## 2026 ਤਹਿਤ ਦਾਅਵਿਆਂ ਅਤੇ ਇਤਰਾਜ਼ਾਂ ਨੂੰ ਲੈ ਕੇ ਵਿਸ਼ੇਸ਼ ਮੁਹਿੰਮ

**(ਪੈਗਾਮ-ਏ-ਜਗਤ) :** ਚੰਡੀਗੜ੍ਹ, 10 ਸਤੰਬਰ:- ਸੂਬੇ ਦੇ ਮੁੱਖ ਚੋਣ ਅਧਿਕਾਰੀ ਏ. ਸ਼੍ਰੀਨਿਵਾਸ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਹਰਿਆਣਾ ਵਿੱਚ ਚਲਾਏ ਜਾ ਰਹੇ ਐਸਆਈਆਰ (Special Intensive Revision) ਤਹਿਤ ਵੋਟਰਾਂ ਦੀ ਸਹੂਲਤ ਲਈ 12 ਅਤੇ 13 ਸਤੰਬਰ ਅਤੇ 26 ਅਤੇ 27 ਸਤੰਬਰ ਨੂੰ ਵਿਸ਼ੇਸ਼ ਮੁਹਿੰਮ ਆਯੋਜਿਤ ਕੀਤੀ ਜਾਵੇਗੀ। ਇਨ੍ਹਾਂ ਤਾਰੀਖਾਂ ’ਤੇ ਰਾਜ ਦੇ ਸਾਰੇ ਬੀ.ਐਲ.ਓ. ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣੇ-ਆਪਣੇ ਚੋਣ ਕੇਂਦਰਾਂ ’ਤੇ ਮੌਜੂਦ ਰਹਿਣਗੇ ਅਤੇ ਯੋਗ ਵੋਟਰਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨਗੇ।

ਮੁੱਖ ਚੋਣ ਅਧਿਕਾਰੀ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਮੁੱਢਲੀ ਵੋਟਰ ਸੂਚੀ ਵਿੱਚ ਆਪਣਾ ਅਤੇ ਆਪਣੇ ਪਰਿਵਾਰ ਦੇ ਯੋਗ ਮੈਂਬਰਾਂ ਦਾ ਨਾਮ ਜ਼ਰੂਰ ਜਾਂਚ ਲੈਣ। ਜੇਕਰ ਕਿਸੇ ਯੋਗ ਵਿਅਕਤੀ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ ਤਾਂ ਫਾਰਮ-6 ਰਾਹੀਂ ਨਾਮ ਸ਼ਾਮਲ ਕਰਵਾਉਣ ਲਈ ਜ਼ਰੂਰੀ ਦਸਤਾਵੇਜ਼ਾਂ ਅਤੇ ਘੋਸ਼ਣਾ-ਪੱਤਰ ਸਮੇਤ ਦਾਅਵਾ ਪੇਸ਼ ਕੀਤਾ ਜਾ ਸਕਦਾ ਹੈ। ਹੁਣ ਤੱਕ ਕੁੱਲ 1,71,233 ਫਾਰਮ ਨੰਬਰ-6 ਪ੍ਰਾਪਤ ਹੋਏ ਹਨ। ਵੋਟਰ ਸੂਚੀ ਵਿੱਚ ਨਾਮ, ਪਤਾ, ਉਮਰ, ਫੋਟੋ ਜਾਂ ਹੋਰ ਵੇਰਵਿਆਂ ਵਿੱਚ ਸੋਧ ਲਈ ਫਾਰਮ-8 ਜ਼ਰੂਰੀ ਦਸਤਾਵੇਜ਼ਾਂ ਅਤੇ ਘੋਸ਼ਣਾ-ਪੱਤਰ ਸਮੇਤ ਭਰਿਆ ਜਾ ਸਕਦਾ ਹੈ। ਹੁਣ ਤੱਕ ਕੁੱਲ 1,30,122 ਫਾਰਮ ਨੰਬਰ-8 ਪ੍ਰਾਪਤ ਹੋਏ ਹਨ।

ਕਿਸੇ ਅਯੋਗ, ਮ੍ਰਿਤਕ, ਤਬਦੀਲ ਜਾਂ ਹੋਰ ਸਥਾਨ ’ਤੇ ਪਹਿਲਾਂ ਤੋਂ ਦਰਜ ਵੋਟਰ ਦੇ ਸਬੰਧ ਵਿੱਚ ਨਾਮ ਹਟਾਉਣ ਲਈ ਨਿਰਧਾਰਤ ਪ੍ਰਕਿਰਿਆ ਅਨੁਸਾਰ ਫਾਰਮ-7 ਰਾਹੀਂ ਇਤਰਾਜ਼ ਦਰਜ ਕੀਤਾ ਜਾ ਸਕਦਾ ਹੈ। ਹੁਣ ਤੱਕ ਕੁੱਲ 16,111 ਫਾਰਮ ਨੰਬਰ-7 ਪ੍ਰਾਪਤ ਹੋਏ ਹਨ। ਇਹ ਦਾਅਵੇ ਅਤੇ ਇਤਰਾਜ਼ ਸਬੰਧਤ ERO/AERO ਦਫ਼ਤਰ ਵਿੱਚ ਜਮ੍ਹਾਂ ਕਰਵਾਏ ਜਾ ਸਕਦੇ ਹਨ। ਨਾਗਰਿਕ ਆਨਲਾਈਨ voters.eci.gov.in ਰਾਹੀਂ ਵੀ ਨਿਰਧਾਰਤ ਪ੍ਰਕਿਰਿਆ ਅਨੁਸਾਰ ਅਰਜ਼ੀ ਦੇ ਸਕਦੇ ਹਨ।

ਵਿਸ਼ੇਸ਼ ਮੁਹਿੰਮ ਦੌਰਾਨ ਨਾਗਰਿਕ ਆਪਣੇ ਖੇਤਰ ਦੇ ਸਬੰਧਤ BLO ਜਾਂ ਚੋਣ ਰਜਿਸਟਰੇਸ਼ਨ ਅਧਿਕਾਰੀ ਨਾਲ ਸੰਪਰਕ ਕਰਕੇ ਵੋਟਰ ਸੂਚੀ ਨਾਲ ਸਬੰਧਤ ਜ਼ਰੂਰੀ ਜਾਣਕਾਰੀ ਅਤੇ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਦਾਅਵੇ ਅਤੇ ਇਤਰਾਜ਼ 30 ਸਤੰਬਰ, 2026 ਤੱਕ ਪੇਸ਼ ਕੀਤੇ ਜਾ ਸਕਦੇ ਹਨ। ਇਸ ਤੋਂ ਇਲਾਵਾ ECINET App ’ਤੇ Book a Call ਸੁਵਿਧਾ ਜਾਂ ਵੋਟਰ ਹੈਲਪਲਾਈਨ 1950 ਰਾਹੀਂ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਵਿਸ਼ੇਸ਼ ਮੁਹਿੰਮ ਦੀਆਂ ਤਾਰੀਖਾਂ ਦਾ ਲਾਭ ਚੁੱਕਣ ਅਤੇ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ।

## ਸੇਵਾ ਸੰਕਲਪ ਮੁਹਿੰਮ ਬਣੇਗੀ ਜਨ ਅੰਦੋਲਨ

**(ਪੈਗਾਮ-ਏ-ਜਗਤ) :** ਚੰਡੀਗੜ੍ਹ, 10 ਸਤੰਬਰ:- ਹਰਿਆਣਾ ਸਰਕਾਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ 25 ਸਾਲਾਂ ਦੀ ਸਮਰਪਿਤ ਜਨ ਸੇਵਾ ਅਤੇ ਪਰਿਵਰਤਨਕਾਰੀ ਸੁਸ਼ਾਸਨ ਦੇ ਮੌਕੇ ਵਿੱਚ ਆਯੋਜਿਤ ਕੀਤੇ ਜਾ ਰਹੇ ਸੇਵਾ ਸੰਕਲਪ ਮੁਹਿੰਮ ਨੂੰ ਜਨ ਅੰਦੋਲਨ ਦਾ ਰੂਪ ਦੇਣ ਲਈ ਵੱਡੇ ਪੱਧਰ ’ਤੇ ਤਿਆਰੀਆਂ ਕਰ ਰਹੀ ਹੈ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਅੱਜ ਮੁਹਿੰਮ ਤਹਿਤ ਸਾਰੇ 23 ਜ਼ਿਲ੍ਹਿਆਂ ਦੀਆਂ ਤਿਆਰੀਆਂ ਅਤੇ ਜ਼ਿਲ੍ਹਾਵਾਰ ਕਾਰਜ ਯੋਜਨਾਵਾਂ ਦੀ ਸਮੀਖਿਆ ਕੀਤੀ ਅਤੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਮੁਹਿੰਮ ਵਿੱਚ ਨਾਗਰਿਕਾਂ ਦੀ ਸਰਗਰਮ ਅਤੇ ਸਾਰਥਕ ਭਾਗੀਦਾਰੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਮੁਹਿੰਮ ਤਹਿਤ 17 ਸਤੰਬਰ ਤੋਂ 17 ਅਕਤੂਬਰ, 2026 ਤੱਕ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜਨ ਭਲਾਈ, ਸਵੱਛਤਾ, ਵਾਤਾਵਰਣ ਸੁਰੱਖਿਆ, ਸਿੱਖਿਆ, ਸਿਹਤ, ਨਵਾਚਾਰ ਅਤੇ ਸਮੁਦਾਇਕ ਭਾਗੀਦਾਰੀ ਨਾਲ ਜੁੜੀਆਂ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ।

ਮੁੱਖ ਸਕੱਤਰ ਨੇ ਕਿਹਾ ਕਿ ਮੁਹਿੰਮ ਦੀ ਸਫ਼ਲਤਾ ਸਿਰਫ਼ ਆਯੋਜਿਤ ਪ੍ਰੋਗਰਾਮਾਂ ਦੀ ਗਿਣਤੀ ਤੋਂ ਨਹੀਂ, ਸਗੋਂ ਲੋਕਾਂ ਦੀ ਸਰਗਰਮ ਭਾਗੀਦਾਰੀ ਅਤੇ ਜ਼ਮੀਨੀ ਪੱਧਰ ’ਤੇ ਦਿਖਾਈ ਦੇਣ ਵਾਲੇ ਠੋਸ ਬਦਲਾਅ ਤੋਂ ਤੈਅ ਹੋਣੀ ਚਾਹੀਦੀ ਹੈ।

ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਾਰੇ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਯਕੀਨੀ ਬਣਾਉਂਦੇ ਹੋਏ ਮੁਹਿੰਮ ਦੀਆਂ ਗਤੀਵਿਧੀਆਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੁਹਿੰਮ ਨੂੰ ਵਿਭਾਗ ਦੀਆਂ ਸੀਮਾਵਾਂ ਤੋਂ ਉੱਪਰ ਉੱਠ ਕੇ ਸਰਕਾਰ, ਸਿੱਖਿਆ ਸੰਸਥਾਵਾਂ, ਸਥਾਨਕ ਸੰਸਥਾਵਾਂ, ਪੰਚਾਇਤਾਂ, ਸਮਾਜਿਕ ਸੰਗਠਨਾਂ ਅਤੇ ਆਮ ਨਾਗਰਿਕਾਂ ਦੇ ਸਮੂਹਿਕ ਯਤਨ ਵਜੋਂ ਅੱਗੇ ਵਧਾਇਆ ਜਾਵੇ। ਸਬੰਧਤ ਪ੍ਰਸ਼ਾਸਨਿਕ ਸਕੱਤਰ ਆਪਣੇ-ਆਪਣੇ ਵਿਭਾਗਾਂ ਨੂੰ ਅਲਾਟ ਕੀਤੀਆਂ ਗਤੀਵਿਧੀਆਂ ਦੀ ਰੈਗੂਲਰ ਨਿਗਰਾਨੀ ਵੀ ਯਕੀਨੀ ਬਣਾਉਣ।

ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਕੇ. ਮਕਰੰਦ ਪਾਂਡੁਰੰਗ ਨੇ ਦੱਸਿਆ ਕਿ ਮੁਹਿੰਮ ਤਹਿਤ ਆਸ਼ੀਰਵਾਦ ਦਾ ਦੀਵਾ/ਖੂਨਦਾਨ, ਮੇਰੇ ਸੁਪਨਿਆਂ ਦਾ ਭਾਰਤ-ਚਿੱਤਰ ਸੇਵਾ, ਨਮੋ ਸੇਵਾ-ਅਨਕਹੀ ਕਹਾਣੀਆਂ, ਆਂਗਣ ਮਿਲਣ ਸੇਵਾ, ਸੇਵਾ ਦੀ ਕਹਾਣੀ, ਸੇਵਾ ਜੋਤੀ ਕਲਸ਼ ਯਾਤਰਾ-ਵਿਕਸਿਤ ਭਾਰਤ ਦਾ ਸੰਕਲਪ, ਵਡਨਗਰ ਤੋਂ ਵਾਰਾਣਸੀ, ਸੇਵਾ ਮੇਰਾ ਯੋਗਦਾਨ, ਸੇਵਾ ਸੇਤੂ ਮੁਹਿੰਮ, ਸੇਵਾ ਦੇ ਰੰਗ-ਰਾਸ਼ਟਰ ਦੇ ਸੰਗ, ਸੇਵਾ ਫਸਟ ਇਨੋਵੇਸ਼ਨ ਚੈਲੇਂਜ ਅਤੇ ਸੁਸ਼ਾਸਨ ਸੇਵਾ ਸੰਵਾਦ ਸਮੇਤ ਵੱਖ-ਵੱਖ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ 17 ਸਤੰਬਰ ਨੂੰ ਅੰਬਾਲਾ ਜ਼ਿਲ੍ਹੇ ਵਿੱਚ ਨਮੋ ਮੈਰਾਥਨ ਆਯੋਜਿਤ ਕੀਤੀ ਜਾਵੇਗੀ, ਜਦੋਂ ਕਿ ਇਸੇ ਦਿਨ ਕੁਰੂਕਸ਼ੇਤਰ ਜ਼ਿਲ੍ਹੇ ਵਿੱਚ ਖੂਨਦਾਨ ਕੈਂਪ ਅਤੇ ਡਰੋਨ ਸ਼ੋਅ ਦਾ ਆਯੋਜਨ ਕੀਤਾ ਜਾਵੇਗਾ।

ਮੁੱਖ ਸਕੱਤਰ ਨੇ ਕਿਹਾ ਕਿ ਮੁਹਿੰਮ ਦਾ ਉਦੇਸ਼ ਜ਼ਮੀਨੀ ਪੱਧਰ ’ਤੇ ਅਜਿਹਾ ਸਥਾਈ ਅਤੇ ਸਕਾਰਾਤਮਕ ਪ੍ਰਭਾਵ ਪੈਦਾ ਕਰਨਾ ਹੋਣਾ ਚਾਹੀਦਾ ਹੈ, ਜਿਸ ਨਾਲ ਨਾਗਰਿਕ ਖ਼ੁਦ ਵਿਕਾਸ ਯਾਤਰਾ ਵਿੱਚ ਸਰਗਰਮ ਭਾਗੀਦਾਰ ਬਣਨ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਵਾਚਾਰ, ਤਾਲਮੇਲ ਅਤੇ ਪ੍ਰਤੀਬੱਧਤਾ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ, ਸੇਵਾ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਜੀ. ਅਨੁਪਮਾ, ਖੇਤੀਬਾੜੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਸ਼ੇਖਰ ਵਿਦਿਆਰਥੀ, ਸ਼ਹਿਰੀ ਸਥਾਨਕ ਸਰਕਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਕੁਮਾਰ ਮੀਣਾ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਡਾਇਰੈਕਟਰ ਡਾ. ਆਦਿਤਿਆ ਦਹੀਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਡਾ. ਪ੍ਰਿਯੰਕਾ ਸੋਨੀ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਉਦਮੀਆਂ ਨੂੰ ਸਮਾਂਬੱਧ ਪ੍ਰੋਤਸਾਹਨ ਰਾਸ਼ੀ ਜਾਰੀ ਕਰਨ ਦੀ ਦਿਸ਼ਾ ਵੱਲ ਨਾਇਬ ਸਰਕਾਰ ਦਾ ਵੱਡਾ ਕਦਮ

**(ਪੈਗਾਮ-ਏ-ਜਗਤ) :** ਚੰਡੀਗੜ੍ਹ, 10 ਸਤੰਬਰ:- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਬਜਟ ਐਲਾਨ ਵਿੱਚ ਪ੍ਰੋਤਸਾਹਨਾਂ ਦੀ ਵੰਡ ਵਿੱਚ ਪਾਰਦਰਸ਼ਤਾ ਅਤੇ ਸਮਾਂਬੱਧਤਾ ਤਹਿਤ, ਐੱਮ.ਐੱਸ.ਐੱਮ.ਈ. ਡਾਇਰੈਕਟੋਰੇਟ ਅਤੇ ਉਦਯੋਗ ਤੇ ਵਣਜ ਡਾਇਰੈਕਟੋਰੇਟ ਦੀਆਂ ਵੱਖ-ਵੱਖ ਯੋਜਨਾਵਾਂ ਦੇ ਤਹਿਤ 670 ਲਾਭਪਾਤਰੀਆਂ ਨੂੰ ਕੁੱਲ 311 ਕਰੋੜ 25 ਲੱਖ ਰੁਪਏ ਦੀ ਪਹਿਲੀ ਪ੍ਰੋਤਸਾਹਨ ਰਾਸ਼ੀ ਈ-ਕੁਬੇਰ (ਕੋਸ਼ਾਗਾਰ) ਰਾਹੀਂ ਜਾਰੀ ਕੀਤੀ ਗਈ।

ਮੁੱਖ ਮੰਤਰੀ ਨੇ ਵੀਰਵਾਰ ਨੂੰ ਹਰਿਆਣਾ ਨਿਵਾਸ ਵਿਖੇ ਆਯੋਜਿਤ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਜਟ ਪੇਸ਼ ਕਰਦੇ ਸਮੇਂ ਇਹ ਐਲਾਨ ਕੀਤਾ ਗਿਆ ਸੀ ਕਿ ਇਨਵੈਸਟ ਹਰਿਆਣਾ ਪੋਰਟਲ 'ਤੇ ਅਰਜ਼ੀ ਜਮ੍ਹਾਂ ਕਰਾਉਣ ਅਤੇ ਜ਼ਰੂਰੀ ਜਾਂਚ ਪੂਰੀ ਹੋਣ ਤੋਂ ਬਾਅਦ ਯੋਗ ਪ੍ਰੋਤਸਾਹਨ ਰਾਸ਼ੀ ਦਾ 50 ਫੀਸਦੀ 7 ਕਾਰਜਕਾਰੀ ਦਿਨਾਂ ਦੇ ਅੰਦਰ ਅਗਾਊਂ ਰੂਪ ਵਿੱਚ ਜਾਰੀ ਕੀਤਾ ਜਾਵੇਗਾ। ਬਾਕੀ 50 ਫੀਸਦੀ ਯੋਗ ਪ੍ਰੋਤਸਾਹਨ ਰਾਸ਼ੀ ਅਰਜ਼ੀ ਦੀ ਵਿਸਤ੍ਰਿਤ ਜਾਂਚ ਪੂਰੀ ਹੋਣ ਤੋਂ ਬਾਅਦ 45 ਕੰਮ ਵਾਲੇ ਦਿਨਾਂ ਦੇ ਅੰਦਰ ਜਾਰੀ ਕੀਤੀ ਜਾਵੇਗੀ। ਇਸ ਵਚਨਬੱਧਤਾ ਨੂੰ ਦੁਹਰਾਉਂਦਿਆਂ ਸੂਬਾ ਸਰਕਾਰ ਪ੍ਰੋਤਸਾਹਨਾਂ ਦੀ ਸਮਾਂਬੱਧ ਵੰਡ, ਉਦਮੀਆਂ ਨੂੰ ਹਰ ਸੰਭਵ ਸਹਿਯੋਗ ਪ੍ਰਦਾਨ ਕਰਨ ਅਤੇ ਹਰਿਆਣਾ ਵਿੱਚ ਐੱਮ.ਐੱਸ.ਐੱਮ.ਈ. ਖੇਤਰ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਵਚਨਬੱਧਤਾ ਮੁਤਾਬਕ ਪ੍ਰੋਤਸਾਹਨਾਂ ਦਾ ਸਮੇਂ ਸਿਰ ਜਾਰੀ ਹੋਣਾ ਉਦਯੋਗਾਂ ਲਈ ਬਹੁਤ ਮਹੱਤਵਪੂਰਨ ਹੈ।

ਹਰਿਆਣਾ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ, ਰੁਜ਼ਗਾਰ ਪੈਦਾ ਕਰਨ ਅਤੇ ਸੂਬੇ ਦੇ ਲੋਕਾਂ ਲਈ ਮੌਕੇ ਪੈਦਾ ਕਰਨ ਵਿੱਚ ਸੂਖਮ, ਲਘੂ ਅਤੇ ਮੱਧਮ ਉਦਯੋਗਾਂ (ਐੱਮ.ਐੱਸ.ਐੱਮ.ਈ.), ਮੇਗਾ ਅਤੇ ਵੱਡੇ ਉਦਯੋਗਾਂ ਦੀ ਅਹਿਮ ਭੂਮਿਕਾ ਹੈ। ਅੱਜ ਜਾਰੀ ਕੀਤੀ ਗਈ ਪ੍ਰੋਤਸਾਹਨ ਰਾਸ਼ੀ ਵਿੱਚ ਐੱਮ.ਐੱਸ.ਐੱਮ.ਈ. ਵਿਭਾਗ ਦੀ ‘ਹਰਿਆਣਾ ਉਦਮ ਅਤੇ ਰੁਜ਼ਗਾਰ ਨੀਤੀ’ ਤਹਿਤ 539 ਲਾਭਪਾਤਰੀਆਂ ਨੂੰ 45.44 ਕਰੋੜ ਰੁਪਏ, ਲੌਜਿਸਟਿਕਸ, ਵੇਅਰਹਾਊਸਿੰਗ ਅਤੇ ਰਿਟੇਲ ਨੀਤੀ ਤਹਿਤ 4 ਲਾਭਪਾਤਰੀਆਂ ਨੂੰ 9.29 ਕਰੋੜ ਰੁਪਏ, ਜਦੋਂ ਕਿ ਉਦਯੋਗ ਡਾਇਰੈਕਟੋਰੇਟ ਦੀ ਹਰਿਆਣਾ ਉਦਮ ਤੇ ਰੁਜ਼ਗਾਰ ਨੀਤੀ ਦੇ ਤਹਿਤ 16 ਲਾਭਪਾਤਰੀਆਂ ਨੂੰ 144.16 ਕਰੋੜ ਰੁਪਏ ਦੀ ਰਾਸ਼ੀ ਸ਼ਾਮਲ ਹੈ।

ਇਸ ਤੋਂ ਇਲਾਵਾ, ‘ਪਲੱਗ ਐਂਡ ਪਲੇਅ’ ਯੋਜਨਾ ਤਹਿਤ 10 ਲਾਭਪਾਤਰੀਆਂ ਨੂੰ 24.53 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ। ਉੱਥੇ ਹੀ, ਆਤਮਨਿਰਭਰ ਟੈਕਸਟਾਈਲ ਨੀਤੀ ਤਹਿਤ 98 ਲਾਭਪਾਤਰੀਆਂ ਨੂੰ 65.18 ਕਰੋੜ ਰੁਪਏ, ‘ਪ੍ਰੋਗਰਾਮ ਟੂ ਐਕਸਲਰੇਟ ਡਿਵੈਲਪਮੈਂਟ ਫਾਰ ਐੱਮ.ਐੱਸ.ਐੱਮ.ਈ. ਐਡਵਾਂਸਮੈਂਟ’ ਤਹਿਤ 2 ਲਾਭਪਾਤਰੀਆਂ ਨੂੰ 20.54 ਕਰੋੜ ਰੁਪਏ ਅਤੇ ਐੱਮ.ਐੱਸ.ਈ. ਕਲੱਸਟਰ ਵਿਕਾਸ ਪ੍ਰੋਗਰਾਮ (MSE CDP) ਤਹਿਤ ਇੱਕ ਕਲੱਸਟਰ ਵਿਕਾਸ ਲਈ 2.11 ਕਰੋੜ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ ਹੈ।

ਉਦਯੋਗ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਭਰ ਦੇ ਉਦਯੋਗਾਂ ਲਈ ਵੱਖ-ਵੱਖ ਯੋਜਨਾਵਾਂ ਅਤੇ ਨੀਤੀਆਂ ਲਾਗੂ ਕਰ ਰਹੀ ਹੈ, ਜਿਸ ਵਿੱਚ ਪ੍ਰੋਤਸਾਹਨਾਂ ਦੀ ਸਮਾਂਬੱਧ ਵੰਡ, ਪਾਰਦਰਸ਼ੀ ਪ੍ਰਕਿਰਿਆ ਅਤੇ ਯੋਗ ਲਾਭਪਾਤਰੀਆਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਵਿਭਾਗ ਪੂਰੇ ਹਰਿਆਣਾ ਵਿੱਚ ਉੱਦਮੀਆਂ ਅਤੇ ਸੂਖਮ, ਲਘੂ ਅਤੇ ਮੱਧਮ ਉਦਯੋਗਾਂ (ਐੱਮ.ਐੱਸ.ਐੱਮ.ਈ.), ਮੇਗਾ ਅਤੇ ਵੱਡੇ ਉਦਯੋਗਾਂ ਨੂੰ ਸਹਿਯੋਗ ਪ੍ਰਦਾਨ ਕਰਨ ਅਤੇ ਵੱਖ-ਵੱਖ ਨੀਤੀਆਂ ਤਹਿਤ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਯੋਗ ਲਾਭਪਾਤਰੀਆਂ ਤੱਕ ਸਮੇਂ ਸਿਰ ਪਹੁੰਚਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ।

ਇਸ਼ਤਿਹਾਰ
Paigam-E-Jagat
Your advertisement here
3 ਕਾਲਮ × 14 cm

PAIGAM-E-JAGAT
ਪੈਗਾਮ-ਏ-ਜਗਤ ਸ਼ੁੱਕਰਵਾਰ, 11 ਸਤੰਬਰ 2026

info@paigamejagat.com | ਸਾਲ-3 · ਅੰਕ-131 | Chandigarh · 9878862733, 9872340701

# ਕਾਲੇ ਕੱਪੜੇ ਪਹਿਨ ਕੇ ਸਦਨ ਵਿੱਚ ਆਉਣ ਵਾਲੇ ਆਪਣੇ ਦਿਨ ਭੁੱਲ ਗਏ ਪਰ ਜਨਤਾ ਇਨ੍ਹਾਂ ਦੇ ਕਾਲੇ ਕਾਰਨਾਮੇ ਨਹੀਂ ਭੁੱਲੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ

**(ਪੈਗਾਮ-ਏ-ਜਗਤ) :** ਚੰਡੀਗੜ੍ਹ, 10 ਸਤੰਬਰ:- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਲੇ ਕੱਪੜੇ ਪਹਿਨ ਕੇ ਵਿਧਾਨ ਸਭਾ ਦੇ ਪਵਿੱਤਰ ਸਦਨ ਵਿੱਚ ਆਉਣ ਵਾਲੇ ਕਾਂਗਰਸ ਦੇ ਆਗੂ ਭਾਵੇਂ ਆਪਣੇ ਸ਼ਾਸਨਕਾਲ ਵਿੱਚ ਕੀਤੇ ਕਾਲੇ ਕਾਰਨਾਮੇ ਭੁੱਲ ਗਏ ਹੋਣ, ਪਰ ਜਨਤਾ ਇਨ੍ਹਾਂ ਦੇ ਐਲਾਨ ਅਤੇ ਅੱਤਿਆਚਾਰ ਨੂੰ ਨਹੀਂ ਭੁੱਲੀ ਹੈ। ਲੋਕਾਂ ਨੂੰ ਅੱਜ ਵੀ ਯਾਦ ਹੈ ਕਿ ਕਾਂਗਰਸ ਦੀਆਂ ਨੀਤੀਆਂ ਲੋਕ ਹਿੱਤ ਦੀ ਬਜਾਏ ਲੋਕਾਂ ਨੂੰ ਪ੍ਰਤਾੜਿਤ ਕਰਨ ਵਾਲੀਆਂ ਸਨ। ਗਰੀਬਾਂ ਨੂੰ ਯੋਜਨਾਵਾਂ ਦਾ ਲਾਭ ਲੈਣ ਲਈ ਦਫ਼ਤਰਾਂ ਦੇ ਚੱਕਰ ਕੱਟਣੇ ਪੈਂਦੇ ਸਨ, ਬਜ਼ੁਰਗ ਪੈਨਸ਼ਨ ਲਈ ਭਟਕਦੇ ਸਨ, ਲੋਕਾਂ ਨੂੰ ਗੈਸ ਸਿਲੰਡਰ ਲੈਣ ਲਈ ਚਾਰ-ਚਾਰ ਦਿਨ ਤੱਕ ਲਾਈਨਾਂ ਵਿੱਚ ਲੱਗਣਾ ਪੈਂਦਾ ਸੀ ਅਤੇ ਨੌਜਵਾਨਾਂ ਨੂੰ ਨੌਕਰੀਆਂ ਲਈ ਭ੍ਰਿਸ਼ਟ ਵਿਵਸਥਾ ਨਾਲ ਜੂਝਣਾ ਪੈਂਦਾ ਸੀ। ਪਰ ਪਿਛਲੇ 12 ਸਾਲਾਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਤੇ ਰਾਜ ਦੀਆਂ ਡਬਲ ਇੰਜਣ ਸਰਕਾਰਾਂ ਨੇ ਉਸ ਵਿਵਸਥਾ ਨੂੰ ਬਦਲ ਕੇ ਯੋਜਨਾਵਾਂ ਅਤੇ ਸੇਵਾਵਾਂ ਨੂੰ ਸਿੱਧਾ ਯੋਗ ਵਿਅਕਤੀ ਤੱਕ ਪਹੁੰਚਾਉਣ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਗੱਲ ਵੀਰਵਾਰ ਨੂੰ ਹਰਿਆਣਾ ਨਿਵਾਸ ਵਿੱਚ ਆਯੋਜਿਤ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਵੱਲੋਂ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਕਹੀ। ਉਨ੍ਹਾਂ ਹਰਿਆਣਾ ਤੇ ਪੰਜਾਬ ਦੀ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਘੇਰਦਿਆਂ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀਆਂ ਨੀਤੀਆਂ ਉੱਤੇ ਸਵਾਲ ਉਠਾਉਣ ਤੋਂ ਪਹਿਲਾਂ ਆਪਣੇ ਗਿਰੇਬਾਨ ਵਿੱਚ ਝਾਤੀ ਮਾਰਨ ਦੀ ਨਸੀਹਤ ਦਿੱਤੀ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਕਾਂਗਰਸ ਨੇ ਰਾਹੁਲ ਗਾਂਧੀ ਦੇ ਕਹਿਣ ਉੱਤੇ ਕਾਲੇ ਕੱਪੜੇ ਪਹਿਨ ਲਏ ਹਨ ਤਾਂ ਹੁਣ ਰਾਹੁਲ ਗਾਂਧੀ ਨੂੰ ਵੀ ਕਾਲੇ ਕੱਪੜੇ ਪਹਿਨ ਲੈਣੇ ਚਾਹੀਦੇ ਹਨ। ਕਾਂਗਰਸ ਆਗੂਆਂ, ਖਾਸ ਕਰਕੇ ਭੂਪੇਂਦਰ ਸਿੰਘ ਹੁੱਡਾ ਨੂੰ ਜਨਤਾ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਸ਼ਾਸਨਕਾਲ ਵਿੱਚ ਸੂਬੇ ਦੇ ਗਰੀਬ, ਨੌਜਵਾਨਾਂ, ਮਹਿਲਾਵਾਂ, ਬਜ਼ੁਰਗਾਂ ਅਤੇ ਆਮ ਆਦਮੀ ਲਈ ਕੀ ਵਿਵਸਥਾ ਸੀ। ਅੱਜ ਜਿਨ੍ਹਾਂ ਪ੍ਰਦੇਸ਼ਾਂ ਵਿੱਚ ਭਾਜਪਾ ਦੀ ਸਰਕਾਰ ਹੈ ਉੱਥੇ ਦੀਆਂ ਡਬਲ ਇੰਜਣ ਸਰਕਾਰਾਂ ਮੋਦੀ ਜੀ ਦੇ ਸਾਰੇ ਸੰਕਲਪਾਂ ਅਤੇ ਜਨਤਾ ਨਾਲ ਕੀਤੇ ਵਾਦਿਆਂ ਨੂੰ ਸਮੇਂ ਤੋਂ ਪਹਿਲਾਂ ਪੂਰਾ ਕਰ ਰਹੀਆਂ ਹਨ।

ਕਾਂਗਰਸ ਨੇ ਘੋਸ਼ਣਾਵਾਂ ਦੀਆਂ ਟੌਫੀਆਂ ਵੰਡੀਆਂ, ਅਸੀਂ ਵਿਵਸਥਾ ਬਦਲ ਕੇ ਸਿੱਧਾ ਖਾਤੇ ਵਿੱਚ ਪਹੁੰਚਾਇਆ ਲਾਭ:

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਅਤੇ ਵਿਰੋਧੀ ਪਾਰਟੀਆਂ ਦੀਆਂ ਸਰਕਾਰਾਂ ਵਿੱਚ ਵੋਟ ਹਾਸਲ ਕਰਨ ਲਈ ਘੋਸ਼ਣਾਵਾਂ ਕੀਤੀਆਂ ਜਾਂਦੀਆਂ ਹਨ, ਉਨ੍ਹਾਂ ਲਈ ਰਾਜਨੀਤੀ ਕਿਸੇ ਦੁਕਾਨਦਾਰੀ ਵਾਂਗ ਹੈ, ਲੋਕਾਂ ਨੂੰ ਘੋਸ਼ਣਾਵਾਂ ਦੀਆਂ ਟੌਫੀਆਂ ਵੰਡੋ ਅਤੇ ਸੱਤਾ ਹਾਸਲ ਕਰੋ। ਪਰ ਇਹ ਪਾਰਟੀਆਂ ਜਦੋਂ ਸੱਤਾ ਵਿੱਚ ਆ ਜਾਂਦੀਆਂ ਹਨ ਤਾਂ ਪੰਜ ਸਾਲ ਲਈ ਘੋਸ਼ਣਾਵਾਂ ਨੂੰ ਭੁੱਲ ਜਾਂਦੀਆਂ ਹਨ। ਫਿਰ ਚੋਣਾਂ ਦੇ ਸਮੇਂ ਲੋਕਾਂ ਨੂੰ ਬਰਗਲਾਉਣ ਲਈ ਨਵੀਆਂ ਘੋਸ਼ਣਾਵਾਂ ਕਰਨ ਲੱਗ ਜਾਂਦੀਆਂ ਹਨ।

ਪਰ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਇਸ ਵਿਵਸਥਾ ਨੂੰ ਬਦਲਣ ਦਾ ਕੰਮ ਹੋਇਆ ਹੈ। ਅੱਜ ਸਰਕਾਰ ਵੱਖ-ਵੱਖ ਜਨ ਕਲਿਆਣਕਾਰੀ ਯੋਜਨਾਵਾਂ ਦੀ ਰਾਸ਼ੀ ਸਿੱਧਾ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਪਹੁੰਚਾ ਰਹੀ ਹੈ। ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਜਿੱਥੇ-ਜਿੱਥੇ ਡਬਲ ਇੰਜਣ ਦੀ ਸਰਕਾਰ ਹੈ, ਉੱਥੇ ਗਰੀਬ ਨੂੰ ਮਜ਼ਬੂਤ ਕਰਨ, ਮਹਿਲਾਵਾਂ ਨੂੰ ਸ਼ਕਤੀਸ਼ਾਲੀ ਬਣਾਉਣ, ਬਜ਼ੁਰਗਾਂ ਨੂੰ ਸਨਮਾਨ ਨਾਲ ਜੀਵਨ ਜਿਉਣ ਅਤੇ ਨੌਜਵਾਨਾਂ ਨੂੰ ਅੱਗੇ ਵਧਣ ਦੇ ਮੌਕੇ ਮਿਲ ਰਹੇ ਹਨ।

’ਲਾਡੋ ਲਕਸ਼ਮੀ ਯੋਜਨਾ ਨਾਲ ਭੈਣਾਂ ਨੂੰ ਮਿਲ ਰਿਹਾ ਆਰਥਿਕ ਸਹਾਰਾ’

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਮਾਵਾਂ-ਭੈਣਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਦੇ ਅਨੁਸਾਰ ਦੀਨਦਿਆਲ ਲਾਡੋ ਲਕਸ਼ਮੀ ਯੋਜਨਾ ਰਾਹੀਂ ਪ੍ਰਤੀ ਮਹੀਨਾ 2100 ਰੁਪਏ ਦੀ ਆਰਥਿਕ ਸਹਾਇਤਾ ਸਿੱਧਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾ ਰਹੀ ਹੈ। ਹੁਣ ਤੱਕ ਇੱਕ ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਮਾਵਾਂ-ਭੈਣਾਂ ਨੂੰ ਇਸ ਯੋਜਨਾ ਦਾ ਲਾਭ ਮਿਲਦਾ ਸੀ ਜਦੋਂ ਕਿ ਭਵਿੱਖ ਵਿੱਚ ਇਸ ਦਾ ਦਾਇਰਾ ਵਧਾ ਕੇ 1.80 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਮਾਵਾਂ-ਭੈਣਾਂ ਨੂੰ ਵੀ ਇਸ ਦਾ ਲਾਭ ਮਿਲੇਗਾ ਜਿਸ ਲਈ ਮਹਿਲਾਵਾਂ ਦਾ ਰਜਿਸਟ੍ਰੇਸ਼ਨ 17 ਸਤੰਬਰ ਨੂੰ ‘ਸੇਵਾ ਦਿਵਸ’ ਤੋਂ ਸ਼ੁਰੂ ਕੀਤਾ ਜਾਵੇਗਾ। ਇਸੇ ਤਰ੍ਹਾਂ ਸਾਡੀ ਸਰਕਾਰ ਵੱਲੋਂ ਪ੍ਰੋ-ਐਕਟਿਵ ਮਾਡਲ ਅਪਣਾ ਕੇ ਯੋਗ ਬਜ਼ੁਰਗਾਂ ਨੂੰ ਘਰ ਬੈਠੇ ਉਨ੍ਹਾਂ ਦੇ ਖਾਤਿਆਂ ਵਿੱਚ ਪੈਨਸ਼ਨ ਦਿੱਤੀ ਜਾ ਰਹੀ ਹੈ। ਪੁਰਾਣਾ ਸਮਾਂ ਯਾਦ ਕਰੀਏ ਤਾਂ ਕਾਂਗਰਸ ਦੇ ਸ਼ਾਸਨਕਾਲ ਵਿੱਚ ਬਜ਼ੁਰਗਾਂ ਨੂੰ ਪੈਨਸ਼ਨ ਬਣਵਾਉਣ ਲਈ ਸਾਲਾਂ-ਸਾਲ ਨਾ ਸਿਰਫ਼ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣੇ ਪੈਂਦੇ ਸਨ ਬਲਕਿ ਰਿਸ਼ਵਤ ਦੇ ਰੂਪ ਵਿੱਚ ਦੋ-ਦੋ ਮਹੀਨੇ ਦੀ ਪੈਨਸ਼ਨ ਅਫ਼ਸਰਾਂ ਤੇ ਆਗੂਆਂ ਨੂੰ ਦੇਣੀ ਪੈਂਦੀ ਸੀ।

ਕਾਂਗਰਸ ਦੇ ਸਮੇਂ ਸਿਲੰਡਰ ਲਈ ਕਈ-ਕਈ ਦਿਨ ਕਰਨਾ ਪੈਂਦਾ ਸੀ ਇੰਤਜ਼ਾਰ:

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਦੇ ਸ਼ਾਸਨਕਾਲ ਵਿੱਚ ਆਮ ਵਿਅਕਤੀ ਨੂੰ ਗੈਸ ਸਿਲੰਡਰ ਲੈਣ ਲਈ ਚਾਰ-ਚਾਰ ਦਿਨ ਤੱਕ ਲਾਈਨਾਂ ਵਿੱਚ ਲੱਗ ਕੇ ਆਪਣੀ ਵਾਰੀ ਦਾ ਇੰਤਜ਼ਾਰ ਕਰਨਾ ਪੈਂਦਾ ਸੀ। ਗ਼ਰੀਬ ਪਰਿਵਾਰਾਂ ਲਈ ਤਾਂ ਗੈਸ ਸਿਲੰਡਰ ਹਾਸਲ ਕਰਨਾ ਹੋਰ ਵੀ ਮੁਸ਼ਕਲ ਸੀ। ਕਾਂਗਰਸ ਸ਼ਾਇਦ ਉਨ੍ਹਾਂ ਦਿਨਾਂ ਨੂੰ ਭੁੱਲ ਗਈ ਹੋਵੇਗੀ, ਪਰ ਜਨਤਾ ਨਹੀਂ ਭੁੱਲੀ ਹੈ। ਉਨ੍ਹਾਂ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਦੇ ਮਾਧਿਅਮ ਨਾਲ ਗ਼ਰੀਬ ਮਾਵਾਂ-ਭੈਣਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾ ਕੇ ਉਨ੍ਹਾਂ ਦੇ ਜੀਵਨ ਨੂੰ ਆਸਾਨ ਬਣਾਉਣ ਦਾ ਕੰਮ ਕੀਤਾ ਗਿਆ।

ਪੰਜਾਬ ਦੇ ਮੁੱਖ ਮੰਤਰੀ ਵੱਲੋਂ ਨਸ਼ੇ ਦੇ ਖਿਲਾਫ ਚਲਾਏ ਜਾ ਰਹੇ ਅਭਿਆਨ ਦੇ ਸਬੰਧ ਵਿੱਚ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਰੋਕਥਾਮ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਜਦੋਂ ਕਿ ਹਰਿਆਣਾ ਸਰਕਾਰ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖ ਕੇ ਉਨ੍ਹਾਂ ਨੂੰ ਖੇਡਾਂ ਅਤੇ ਸਿੱਖਿਆ ਨਾਲ ਜੋੜ ਰਹੀ ਹੈ ਅਤੇ ਨਸ਼ਾ ਮੁਕਤ ਹਰਿਆਣਾ ਦੇ ਸੰਕਲਪ ਨਾਲ ਅੱਗੇ ਵਧ ਰਹੀ ਹੈ ਜਿਸ ਵਿੱਚ ਹਰ ਮਹੀਨੇ ਲੱਖਾਂ ਨੌਜਵਾਨ ਭਾਗ ਲੈਂਦੇ ਹਨ। ਜ਼ਮੀਨੀ ਪੱਧਰ 'ਤੇ ਖੇਡ ਸਾਧਨਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਅੱਗੇ ਵਧਣ ਦੇ ਵਧੀਆ ਮੌਕੇ ਮਿਲਣ।

ਵਿਰੋਧੀ ਧਿਰ ਕੋਲ ਮੁੱਦੇ ਨਹੀਂ, ਫੋਟੋ ਖਿਚਵਾ ਕੇ ਕਰ ਰਹੇ ਹਨ ਰਾਜਨੀਤੀ:

ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਅੱਜ ਸਰਕਾਰ ਦੇ ਖਿਲਾਫ ਕੋਈ ਮੁੱਦਾ ਨਹੀਂ ਬਚਿਆ ਹੈ। ਜਿਨ੍ਹਾਂ ਵਿਕਾਸ ਕਾਰਜਾਂ ਦੇ ਟੈਂਡਰ ਸਰਕਾਰ ਪਹਿਲਾਂ ਹੀ ਜਾਰੀ ਕਰ ਚੁੱਕੀ ਹੈ, ਵਿਰੋਧੀ ਧਿਰ ਦੇ ਆਗੂ ਉਨ੍ਹਾਂ ਥਾਵਾਂ 'ਤੇ ਜਾ ਕੇ ਫੋਟੋ ਖਿਚਵਾਉਂਦੇ ਹਨ ਅਤੇ ਫਿਰ ਸੋਸ਼ਲ ਮੀਡੀਆ 'ਤੇ ਬਿਆਨਬਾਜ਼ੀ ਕਰਦੇ ਹਨ। ਹਰਿਆਣਾ ਦੀ ਡਬਲ ਇੰਜਣ ਦੀ ਭਾਜਪਾ ਸਰਕਾਰ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਦੇ ਸ਼ਾਸਨਕਾਲ ਵਿੱਚ ਜਨਤਾ ਦੀ ਸੁਣਵਾਈ ਨਹੀਂ ਸੀ, ਅੱਜ ਪੰਜਾਬ ਵਿੱਚ ਵੀ ਇਹੀ ਸਥਿਤੀ ਦਿਖਾਈ ਦੇ ਰਹੀ ਹੈ। ਇਸ ਦੇ ਉਲਟ ਹਰਿਆਣਾ ਸਰਕਾਰ ਨੇ ਵਿਵਸਥਾ ਵਿੱਚ ਪਰਿਵਰਤਨ ਕਰਕੇ ਸ਼ਾਸਨ ਅਤੇ ਸਰਕਾਰੀ ਸੇਵਾਵਾਂ ਨੂੰ ਆਮ ਨਾਗਰਿਕ ਲਈ ਸੁਲਭ ਬਣਾਇਆ ਹੈ।

ਹਰਿਆਣਾ ਵਿੱਚ ਸਫਾਈ ਕਰਮਚਾਰੀਆਂ ਦੀ ਹੜਤਾਲ ਦੇ ਸਬੰਧ ਵਿੱਚ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਵਾਲਮੀਕਿ ਸਮਾਜ ਦਾ ਹਰ ਵਿਅਕਤੀ ਸਾਡੇ ਘਰ ਦਾ ਮੈਂਬਰ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ 'ਤੇ ਸਰਕਾਰ ਵਿੱਚ ਪਹਿਲ ਦੇ ਆਧਾਰ 'ਤੇ ਵਿਚਾਰ ਹੁੰਦਾ ਹੈ। ਸੂਬੇ ਵਿੱਚ ਕੁਝ ਲੋਕ ਅਤੇ ਵਿਰੋਧੀ ਧਿਰ ਦੇ ਆਗੂ ਕਰਮਚਾਰੀਆਂ ਨੂੰ ਗੁੰਮਰਾਹ ਕਰਨ ਅਤੇ ਭੜਕਾਉਣ ਦਾ ਕੰਮ ਕਰ ਰਹੇ ਹਨ ਪਰ ਕਰਮਚਾਰੀਆਂ ਨੂੰ ਇਨ੍ਹਾਂ ਦੀ ਮਨਸ਼ਾ ਸਮਝਣੀ ਚਾਹੀਦੀ ਹੈ ਅਤੇ ਸਰਕਾਰ ਦੇ ਨਾਲ ਸਹਿਯੋਗ ਕਰਨਾ ਚਾਹੀਦਾ ਹੈ।

ਪੰਜਾਬ ਵਿੱਚ ਵਧ ਰਿਹਾ ਭਾਜਪਾ ਦਾ ਪਰਿਵਾਰ:

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੇ ਲੋਕ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਅਤੇ ਕਾਂਗਰਸ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ। ਅਜੇ ਹਾਲ ਹੀ ਵਿੱਚ ਪੰਜਾਬ ਦੇ ਵੱਖ-ਵੱਖ ਸਮਾਜਾਂ ਦੇ 1 ਹਜ਼ਾਰ ਤੋਂ ਵੱਧ ਬੁੱਧੀਜੀਵੀ ਭਾਜਪਾ ਵਿੱਚ ਸ਼ਾਮਲ ਹੋਏ ਹਨ। ਇਨ੍ਹਾਂ ਸਾਰਿਆਂ ਦਾ ਇਹੀ ਕਹਿਣਾ ਹੈ ਕਿ ਉਹ ਪੰਜਾਬ ਨੂੰ ਮਜ਼ਬੂਤ ਬਣਾਉਣਾ ਚਾਹੁੰਦੇ ਹਨ ਅਤੇ ਇਨ੍ਹਾਂ ਨੂੰ ਪਤਾ ਹੈ ਕਿ ਇਹ ਕੰਮ ਕੇਵਲ ਉਦੋਂ ਹੀ ਸੰਭਵ ਹੈ ਜਦੋਂ ਪੰਜਾਬ ਵਿੱਚ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਬਣੇਗੀ। ਪੰਜਾਬ ਵਿੱਚ ਭਾਜਪਾ ਸਰਕਾਰ ਬਣਨ ਤੋਂ ਬਾਅਦ ਉੱਥੇ ਵੀ ਹਰਿਆਣਾ ਦੀ ਤਰ੍ਹਾਂ ਲੋਕ ਭਲਾਈ ਯੋਜਨਾਵਾਂ ਨੂੰ ਲਾਗੂ ਕੀਤਾ ਜਾਵੇਗਾ ਅਤੇ ਪੰਜਾਬ ਨੂੰ ਵੀ ਗੁਰੂਆਂ ਦੀ ਸਿੱਖਿਆ ਨਾਲ ਤਰੱਕੀ ਦੇ ਰਸਤੇ 'ਤੇ ਅੱਗੇ ਵਧਾਇਆ ਜਾਵੇਗਾ।

ਇਸ ਮੌਕੇ ਸੇਵਾ ਵਿਭਾਗ ਦੇ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਕੇ.ਐੱਮ. ਪਾਂਡੁਰੰਗ, ਡਾਇਰੈਕਟਰ ਡਾ. ਆਦਿਤਿਆ ਦਹੀਆ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 50 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 1890 ਕਰੋੜ ਰੁਪਏ ਤੋਂ ਵੱਧ ਦੀ ਰਕਮ ਟਰਾਂਸਫਰ ਕੀਤੀ

**(ਪੈਗਾਮ-ਏ-ਜਗਤ) :** ਚੰਡੀਗੜ੍ਹ, 10 ਸਤੰਬਰ:- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੱਖ-ਵੱਖ ਯੋਜਨਾਵਾਂ ਤਹਿਤ 50 ਲੱਖ 28 ਹਜ਼ਾਰ 208 ਪਾਤਰ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ 1 ਹਜ਼ਾਰ 890 ਕਰੋੜ 16 ਲੱਖ ਰੁਪਏ ਦੀ ਰਕਮ ਜਾਰੀ ਕੀਤੀ। ਇਨ੍ਹਾਂ ਵਿੱਚ ਦੀਨ ਦਿਆਲ ਲਾਡੋ ਲਕਸ਼ਮੀ ਯੋਜਨਾ ਦੀ ਕਿਸ਼ਤ, ਬਜ਼ੁਰਗਾਂ ਤੇ ਦਿਵਿਆਂਗਾਂ ਦੀ ਸਮਾਜਿਕ ਸੁਰੱਖਿਆ ਪੈਨਸ਼ਨ, ਲੋੜਵੰਦ ਪਰਿਵਾਰਾਂ ਨੂੰ ਦਯਾਲੂ ਯੋਜਨਾ ਦੀ ਆਰਥਿਕ ਸਹਾਇਤਾ, ਗ੍ਰਹਿਣੀਆਂ ਨੂੰ ਗੈਸ ਸਬਸਿਡੀ, ਕਿਸਾਨਾਂ ਨੂੰ ਭਾਵਾਂਤਰ ਭਰਪਾਈ ਸ਼ਾਮਲ ਹਨ। ਮੁੱਖ ਮੰਤਰੀ ਨੇ ਕਿਹਾ ਕਿ ਡਬਲ ਇੰਜਣ ਸਰਕਾਰ ਦਾ ਸੰਕਲਪ ਹੈ ਕਿ ਹਰ ਯੋਗ ਵਿਅਕਤੀ ਤੱਕ ਸਰਕਾਰੀ ਯੋਜਨਾ ਦਾ ਲਾਭ ਸਿੱਧੇ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਪਹੁੰਚੇ।

ਮੁੱਖ ਮੰਤਰੀ ਨੇ ਵੀਰਵਾਰ ਨੂੰ ਹਰਿਆਣਾ ਨਿਵਾਸ ਵਿੱਚ ਆਯੋਜਿਤ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ 'ਦੀਨ ਦਿਆਲ ਲਾਡੋ ਲਕਸ਼ਮੀ' ਯੋਜਨਾ ਦੀ 11ਵੀਂ ਕਿਸ਼ਤ ਜਾਰੀ ਕੀਤੀ ਗਈ ਹੈ। ਇਸ ਤਹਿਤ 10 ਲੱਖ 10 ਹਜ਼ਾਰ ਲਾਭਪਾਤਰੀ ਭੈਣ-ਧੀਆਂ ਦੇ ਖਾਤਿਆਂ ਵਿੱਚ 212 ਕਰੋੜ 16 ਲੱਖ ਰੁਪਏ ਪਾਏ ਗਏ ਹਨ। ਇਸ ਦੇ ਨਾਲ ਹੀ ਯੋਜਨਾ ਤਹਿਤ ਹੁਣ ਤੱਕ 11 ਕਿਸ਼ਤਾਂ ਵਿੱਚ 2 ਹਜ਼ਾਰ 254 ਕਰੋੜ 47 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਆਉਂਦੀ 17 ਸਤੰਬਰ ਤੋਂ 1 ਲੱਖ 80 ਹਜ਼ਾਰ ਰੁਪਏ ਤੱਕ ਦੀ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਨੂੰ ਵੀ ਇਸ ਯੋਜਨਾ ਦਾ ਲਾਭ ਮਿਲਣਾ ਸ਼ੁਰੂ ਹੋ ਜਾਵੇਗਾ। ਰਾਜ ਸਰਕਾਰ ਨੇ ਚਾਲੂ ਵਿੱਤੀ ਸਾਲ ਦੇ ਬਜਟ ਵਿੱਚ ਲਾਡੋ ਲਕਸ਼ਮੀ ਯੋਜਨਾ ਲਈ 6 ਹਜ਼ਾਰ 500 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਹੈ।

ਇਸ ਮੌਕੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਤੇ ਵਿੱਤ ਅਤੇ ਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਰੁਣ ਗੁਪਤਾ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਕੇ. ਮਕਰੰਦ ਪਾਂਡੁਰੰਗ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਡਾਇਰੈਕਟਰ ਡਾ. ਆਦਿਤਿਆ ਦਹੀਆ ਅਤੇ ਵਧੀਕ ਡਾਇਰੈਕਟਰ (ਪ੍ਰਸ਼ਾਸਨ) ਸ੍ਰੀ ਵਿਵੇਕ ਕਾਲੀਆ, ਸ੍ਰੀ ਮਨੀਸ਼ ਲੋਹਾਨ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

35 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 1,129 ਕਰੋੜ ਰੁਪਏ ਦੀ ਸਮਾਜਿਕ ਸੁਰੱਖਿਆ ਪੈਨਸ਼ਨ

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਵੱਖ-ਵੱਖ 15 ਸਮਾਜਿਕ ਸੁਰੱਖਿਆ ਪੈਨਸ਼ਨ ਯੋਜਨਾਵਾਂ ਤਹਿਤ 35 ਲੱਖ 6 ਹਜ਼ਾਰ 841 ਲਾਭਪਾਤਰੀਆਂ ਦੇ ਖਾਤਿਆਂ ਵਿੱਚ 1 ਹਜ਼ਾਰ 129 ਕਰੋੜ 5 ਲੱਖ ਰੁਪਏ ਦੀ ਰਕਮ ਸਿੱਧੇ ਟਰਾਂਸਫਰ ਕੀਤੀ ਗਈ ਹੈ। ਇਨ੍ਹਾਂ ਵਿੱਚ ਬੁਢਾਪਾ ਸਨਮਾਨ ਭੱਤਾ, ਦਿਵਿਆਂਗ ਭੱਤਾ ਸਮੇਤ ਹੋਰ ਸਮਾਜਿਕ ਸੁਰੱਖਿਆ ਪੈਨਸ਼ਨਾਂ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿਵਸਥਾ ਪਰਿਵਰਤਨ ਕਰਦੇ ਹੋਏ 'ਪ੍ਰੋ-ਐਕਟਿਵ ਮਾਡਲ' ਅਪਣਾਇਆ ਹੈ। ਪਰਿਵਾਰ ਪਹਿਚਾਣ ਪੱਤਰ ਦੇ ਡਾਟਾਬੇਸ ਦੇ ਆਧਾਰ 'ਤੇ ਯੋਗਤਾ ਖੁਦ ਤੈਅ ਹੁੰਦੀ ਹੈ ਅਤੇ ਯੋਗ ਨਾਗਰਿਕਾਂ ਨੂੰ ਬਿਨਾਂ ਦਫ਼ਤਰਾਂ ਦੇ ਚੱਕਰ ਕੱਟੇ ਅਤੇ ਬਿਨਾਂ ਅਰਜ਼ੀ ਦਿੱਤੇ ਘਰ ਬੈਠੇ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਦਾ ਲਾਭ ਮਿਲ ਰਿਹਾ ਹੈ। ਡਾਇਰੈਕਟ ਬੈਨਿਫਿਟ ਟਰਾਂਸਫਰ ਰਾਹੀਂ ਕੀਤਾ ਜਾ ਰਿਹਾ ਇਹ ਭੁਗਤਾਨ ਪਾਰਦਰਸ਼ਤਾ ਅਤੇ ਸੁਸ਼ਾਸਨ ਪ੍ਰਤੀ ਸਰਕਾਰ ਦੀ ਪ੍ਰਤੀਬੱਧਤਾ ਦਾ ਪ੍ਰਤੀਕ ਹੈ।

ਇਸ ਤੋਂ ਇਲਾਵਾ, ਦਯਾਲੂ ਯੋਜਨਾ ਤਹਿਤ 4 ਹਜ਼ਾਰ 520 ਪਰਿਵਾਰਾਂ ਨੂੰ 168 ਕਰੋੜ 13 ਲੱਖ 21 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਇਨ੍ਹਾਂ ਵਿੱਚ ਦਯਾਲੂ ਯੋਜਨਾ-2 ਦੇ 70 ਪਰਿਵਾਰ ਵੀ ਸ਼ਾਮਲ ਹਨ। ਅੱਜ ਜਾਰੀ ਰਕਮ ਨੂੰ ਮਿਲਾ ਕੇ ਹੁਣ ਤੱਕ 89 ਹਜ਼ਾਰ 56 ਪਰਿਵਾਰਾਂ ਨੂੰ 3 ਹਜ਼ਾਰ 320 ਕਰੋੜ 61 ਲੱਖ 21 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾ ਚੁੱਕੀ ਹੈ।

5 ਲੱਖ ਭੈਣਾਂ ਨੂੰ 19.68 ਕਰੋੜ ਰੁਪਏ ਦੀ ਗੈਸ ਸਬਸਿਡੀ

ਮੁੱਖ ਮੰਤਰੀ ਨੇ ਕਿਹਾ ਕਿ 'ਹਰ ਘਰ-ਹਰ ਗ੍ਰਹਿਣੀ ਯੋਜਨਾ' ਤਹਿਤ ਜੁਲਾਈ ਮਹੀਨੇ ਵਿੱਚ ਗੈਸ ਸਿਲੰਡਰ ਰਿਫਿਲ ਕਰਵਾਉਣ ਵਾਲੀਆਂ 5 ਲੱਖ ਭੈਣਾਂ ਦੇ ਬੈਂਕ ਖਾਤਿਆਂ ਵਿੱਚ ਅੱਜ 19 ਕਰੋੜ 68 ਲੱਖ ਰੁਪਏ ਦੀ ਸਬਸਿਡੀ ਵੀ ਟਰਾਂਸਫਰ ਕੀਤੀ ਗਈ ਹੈ। ਇਸ ਯੋਜਨਾ ਤਹਿਤ ਪਾਤਰ ਮਹਿਲਾਵਾਂ ਨੂੰ ਹਰ ਮਹੀਨੇ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਇਆ ਜਾ ਰਿਹਾ ਹੈ। ਅੱਜ ਜਾਰੀ ਰਕਮ ਨੂੰ ਮਿਲਾ ਕੇ ਹੁਣ ਤੱਕ 14 ਲੱਖ 65 ਹਜ਼ਾਰ ਯੋਗ ਭੈਣਾਂ ਦੇ ਬੈਂਕ ਖਾਤਿਆਂ ਵਿੱਚ ਕੁੱਲ 359 ਕਰੋੜ 82 ਲੱਖ ਰੁਪਏ ਦੀ ਰਕਮ ਟਰਾਂਸਫਰ ਕੀਤੀ ਜਾ ਚੁੱਕੀ ਹੈ।

ਕਿਸਾਨਾਂ ਨੂੰ ਭਾਵਾਂਤਰ ਭਰਪਾਈ ਦੀ ਸੌਗਾਤ

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਭਾਵਾਂਤਰ ਭਰਪਾਈ ਯੋਜਨਾ ਤਹਿਤ ਆਲੂ, ਫੁੱਲ ਗੋਭੀ ਅਤੇ ਸ਼ਹਿਦ ਲਈ 6 ਹਜ਼ਾਰ 177 ਕਿਸਾਨਾਂ ਨੂੰ 49 ਕਰੋੜ 89 ਲੱਖ ਰੁਪਏ ਦੀ ਭਾਵਾਂਤਰ ਰਕਮ ਜਾਰੀ ਕੀਤੀ ਗਈ ਹੈ। ਇਸ ਵਿੱਚ ਆਲੂ ਲਈ 6 ਹਜ਼ਾਰ 12 ਕਿਸਾਨਾਂ ਨੂੰ 48 ਕਰੋੜ 9 ਲੱਖ ਰੁਪਏ, ਫੁੱਲ ਗੋਭੀ ਲਈ 99 ਕਿਸਾਨਾਂ ਨੂੰ 46 ਲੱਖ 76 ਹਜ਼ਾਰ ਰੁਪਏ ਅਤੇ ਸ਼ਹਿਦ ਲਈ 66 ਕਿਸਾਨਾਂ ਨੂੰ 1 ਕਰੋੜ 32 ਲੱਖ 73 ਹਜ਼ਾਰ ਰੁਪਏ ਦੀ ਰਕਮ ਸ਼ਾਮਲ ਹੈ।

ਆਲੂ ਦੀ ਭਾਵਾਂਤਰ ਰਕਮ ਅੰਬਾਲਾ, ਕਰਨਾਲ, ਕੁਰੂਕਸ਼ੇਤਰ, ਪਾਣੀਪਤ, ਯਮੁਨਾਨਗਰ ਅਤੇ ਪੰਚਕੂਲਾ ਜ਼ਿਲ੍ਹਿਆਂ ਦੇ ਸਬਜ਼ੀ ਉਤਪਾਦਕ ਕਿਸਾਨਾਂ ਨੂੰ ਜਾਰੀ ਕੀਤੀ ਗਈ ਹੈ। ਫੁੱਲ ਗੋਭੀ ਦੀ ਰਕਮ ਅੰਬਾਲਾ, ਕੁਰੂਕਸ਼ੇਤਰ ਅਤੇ ਯਮੁਨਾਨਗਰ ਜ਼ਿਲ੍ਹਿਆਂ ਦੇ ਕਿਸਾਨਾਂ ਨੂੰ ਦਿੱਤੀ ਗਈ ਹੈ। ਉੱਥੇ ਹੀ, ਸ਼ਹਿਦ ਦੀ ਰਕਮ ਅੰਬਾਲਾ, ਭਿਵਾਨੀ, ਫਤਿਆਬਾਦ, ਗੁਰੂਗ੍ਰਾਮ, ਹਿਸਾਰ, ਝੱਜਰ, ਜੀਂਦ, ਕੈਥਲ, ਕਰਨਾਲ, ਕੁਰੂਕਸ਼ੇਤਰ, ਨਾਰਨੌਲ, ਰੇਵਾੜੀ, ਰੋਹਤਕ, ਸਿਰਸਾ ਅਤੇ ਯਮੁਨਾਨਗਰ ਜ਼ਿਲ੍ਹਿਆਂ ਦੇ ਮਧੂਮੱਖੀ ਪਾਲਕਾਂ ਨੂੰ ਜਾਰੀ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਜਾਰੀ ਰਕਮ ਨੂੰ ਮਿਲਾ ਕੇ ਹੁਣ ਤੱਕ 45 ਹਜ਼ਾਰ 764 ਕਿਸਾਨਾਂ ਨੂੰ 246 ਕਰੋੜ 95 ਲੱਖ ਰੁਪਏ ਦੀ ਰਕਮ ਭਾਵਾਂਤਰ ਭਰਪਾਈ ਵਜੋ ਦਿੱਤੀ ਜਾ ਚੁੱਕੀ ਹੈ।

ਉਦਯੋਗ ਅਤੇ ਵਣਜ ਵਿਭਾਗ ਦੀਆਂ 7 ਯੋਜਨਾਵਾਂ ਤਹਿਤ 670 ਲਾਭਪਾਤਰੀਆਂ ਨੂੰ 311.25 ਕਰੋੜ ਰੁਪਏ

ਮੁੱਖ ਮੰਤਰੀ ਨੇ ਕਿਹਾ ਕਿ ਐਮ.ਐਸ.ਐਮ.ਈ. ਅਤੇ ਉਦਯੋਗ ਡਾਇਰੈਕਟੋਰੇਟ ਦੀਆਂ ਵੱਖ-ਵੱਖ 7 ਯੋਜਨਾਵਾਂ ਤਹਿਤ 670 ਲਾਭਪਾਤਰੀਆਂ ਨੂੰ 311 ਕਰੋੜ 25 ਲੱਖ ਰੁਪਏ ਦੀ ਪ੍ਰੋਤਸਾਹਨ ਰਕਮ ਵੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਬਜਟ ਭਾਸ਼ਣ ਵਿੱਚ ਇਸ ਬਾਰੇ ਐਲਾਨ ਕੀਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਇਸੇ ਐਲਾਨ ਨੂੰ ਪੂਰਾ ਕਰਦਿਆਂ ਅੱਜ ਵੱਖ-ਵੱਖ ਸਕੀਮਾਂ ਦੇ ਲਾਭਪਾਤਰੀਆਂ ਨੂੰ 311.25 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਦੀ ਤਰਜੀਹ ਹੈ ਕਿ ਗ਼ਰੀਬ, ਕਿਸਾਨ, ਮਹਿਲਾ, ਬਜ਼ੁਰਗ, ਦਿਵਿਆਂਗ ਅਤੇ ਲੋੜਵੰਦ ਪਰਿਵਾਰਾਂ ਦੇ ਨਾਲ-ਨਾਲ ਉੱਦਮੀਆਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਸਿੱਧੇ ਅਤੇ ਸਮਾਂਬੱਧ ਢੰਗ ਨਾਲ ਮਿਲੇ। ਪਾਰਦਰਸ਼ੀ ਵਿਵਸਥਾ, ਡੀ.ਬੀ.ਟੀ. ਅਤੇ ਪ੍ਰੋ-ਐਕਟਿਵ ਮਾਡਲ ਰਾਹੀਂ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਯੋਗ ਵਿਅਕਤੀ ਨੂੰ ਲਾਭ ਲੈਣ ਲਈ ਕਿਸੇ ਦਫ਼ਤਰ ਦੇ ਚੱਕਰ ਨਾ ਕੱਟਣੇ ਪੈਣ।

ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਅੱਜ ਵੱਖ-ਵੱਖ 26 ਯੋਜਨਾਵਾਂ ਤਹਿਤ ਕੁੱਲ 50 ਲੱਖ 28 ਹਜ਼ਾਰ 208 ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ 1 ਹਜ਼ਾਰ 890 ਕਰੋੜ 16 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ।

ਇਸ਼ਤਿਹਾਰ
Paigam-E-Jagat
Your advertisement here
2 ਕਾਲਮ × 16 cm

info@paigamejagat.com · ਸਾਲ-3 · ਅੰਕ-131 · Chandigarh · 9878862733, 9872340701

ਰਾਸ਼ੀਫਲ

# ਅੱਜ ਦਾ ਰਾਸ਼ੀਫਲ

### ♈ ਮੇਖ — Mar 21 – Apr 19

ਮ੍ੇਸ਼, ਅੱਜ ਤੁਹਾਨੂੰ ਆਪਣੇ ਆਮ ਉਤਸ਼ਾਹੀ ਰੁਖ ਤੋਂ ਬਰੇਕ ਲੈਣ ਦਾ ਮਨ ਹੋ ਸਕਦਾ ਹੈ। ਹੌਲੀ ਹੋਣਾ ਅਤੇ ਸੋਚਣਾ ਚੰਗਾ ਵਿਚਾਰ ਹੈ ਕਿ ਤੁਸੀਂ ਹੁਣ ਤੱਕ ਕੀ ਕੁਝ ਪ੍ਰਾਪਤ ਕੀਤਾ ਹੈ। ਤੁਸੀਂ ਕਠੋਰ ਮਿਹਨਤ ਕਰ ਰਹੇ ਹੋ ਅਤੇ ਪ੍ਰਗਤੀ ਕਰ ਰਹੇ ਹੋ, ਪਰ ਹੁਣ ਇਹ ਸੋਚਣ ਦਾ ਸਮਾਂ ਹੈ ਕਿ ਕੀ ਕੰਮ ਕਰ ਰਿਹਾ ਹੈ ਅਤੇ ਕੀ ਨਹੀਂ। ਇਹ ਚੁੱਪ ਸਮਾਂ ਤੁਹਾਨੂੰ ਦੁਬਾਰਾ ਚਾਰਜ ਕਰਨ ਵਿੱਚ ਮਦਦ ਕਰ ਸਕਦਾ ਹੈ ਅਤੇ ਤੁਸੀਂ ਹੋਰ ਵੀ ਮਜ਼ਬੂਤ ਹੋ ਕੇ ਵਾਪਸ ਆ ਸਕਦੇ ਹੋ। ਤੁਸੀਂ ਜਲਦੀ ਹੀ ਆਪਣੇ ਆਮ ਰੂਪ ਵਿੱਚ ਵਾਪਸ ਆ ਜਾਓਗੇ, ਨਵੇਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ।

ਭੂਰਾ · #10

### ♉ ਬ੍ਰਿਖ — Apr 20 – May 20

ਵ੍ਰਿਸ਼ਭ, ਅੱਜ ਤੁਹਾਡੇ ਕੰਮ ਅਤੇ ਕਰੀਅਰ ਦੇ ਲਕਸ਼ਾਂ 'ਤੇ ਧਿਆਨ ਕੇਂਦਰਿਤ ਕਰਨ ਦਾ ਚੰਗਾ ਦਿਨ ਹੈ। ਤੁਹਾਡੇ ਕੋਲ ਬਹੁਤ ਕੁਝ ਹੋ ਸਕਦਾ ਹੈ, ਪਰ ਤੁਸੀਂ ਇਸਨੂੰ ਸੰਭਾਲਣ ਦੇ ਯੋਗ ਹੋ। ਆਪਣਾ ਸਮਾਂ ਲਓ ਅਤੇ ਆਪਣੇ ਕੰਮਾਂ ਨੂੰ ਪ੍ਰਾਥਮਿਕਤਾ ਦਿਓ ਤਾਂ ਜੋ ਸਭ ਕੁਝ ਕੁਸ਼ਲਤਾ ਨਾਲ ਪੂਰਾ ਹੋ ਸਕੇ। ਤੁਹਾਡੀ ਮਿਹਨਤ ਅਤੇ ਦ੍ਰਿੜਤਾ ਲੰਬੇ ਸਮੇਂ ਵਿੱਚ ਫਲ ਦੇਵੇਗੀ, ਭਾਵੇਂ ਕਿ ਹੁਣ ਇਹ ਨਹੀਂ ਲੱਗਦਾ। ਜ਼ਮੀਨ 'ਤੇ ਰਹਿਣ ਅਤੇ ਧੀਰਜ ਰੱਖ ਕੇ, ਤੁਸੀਂ ਪ੍ਰਗਤੀ ਕਰ ਸਕੋਗੇ ਅਤੇ ਆਪਣੇ ਉਦੇਸ਼ਾਂ ਨੂੰ ਪ੍ਰਾਪਤ ਕਰ ਸਕੋਗੇ।

ਨੀਲਾ ਹਰਾ · #23

### ♊ ਮਿਥੁਨ — May 21 – Jun 20

ਮਿਥੁਨ ਅੱਜ ਆਪਣੇ ਆਪ ਨੂੰ ਥੋੜ੍ਹਾ ਬੇਚੈਨ ਮਹਿਸੂਸ ਕਰ ਸਕਦੇ ਹਨ, ਕੁਝ ਨਵਾਂ ਲੱਭਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਕੋਈ ਕਿਤਾਬ ਪੜ੍ਹਨ ਜਾਂ ਕੋਈ ਨਵਾਂ ਸ਼ੌਕ ਅਜ਼ਮਾਉਣ ਦਾ ਚੰਗਾ ਸਮਾਂ ਹੋ ਸਕਦਾ ਹੈ, ਕਿਉਂਕਿ ਮਾਨਸਿਕ ਉਤਸ਼ਾਹਨ ਹੁਣ ਮਹੱਤਵਪੂਰਨ ਹੈ। ਦੂਜਿਆਂ ਨਾਲ ਗੱਲਬਾਤ ਕਰਨਾ ਵੀ ਮਦਦਗਾਰ ਹੋ ਸਕਦਾ ਹੈ, ਚਾਹੇ ਉਹ ਕਿਸੇ ਦੋਸਤ ਨਾਲ ਗੱਲਬਾਤ ਹੋਵੇ ਜਾਂ ਕੰਮ 'ਤੇ ਇੱਕ ਮੀਟਿੰਗ। ਕੁੱਲ ਮਿਲਾ ਕੇ, ਇਹ ਇੱਕ ਦਿਨ ਹੈ ਜਦੋਂ ਤੁਹਾਨੂੰ ਸ਼ਾਮਲ ਰਹਿਣਾ ਹੈ ਅਤੇ ਆਪਣੇ ਮਨ ਨੂੰ ਸਰਗਰਮ ਰੱਖਣਾ ਹੈ। ਇਸ ਤਰ੍ਹਾਂ ਕਰਨ ਨਾਲ, ਤੁਸੀਂ ਇੱਕ ਨਵਾਂ ਵਿਚਾਰ ਜਾਂ ਰੁਚੀ ਲੱਭ ਸਕਦੇ ਹੋ ਜੋ ਤੁਹਾਡੀ ਜਿਗਿਆਸਾ ਨੂੰ ਵਾਸਤਵ ਵਿੱਚ ਜਗਾਉਂਦਾ ਹੈ।

ਸੋਨਾ · #36

### ♋ ਕਰਕ — Jun 21 – Jul 22

ਕਰਕ, ਅੱਜ ਉਹ ਕੁਝ ਵਿਅਵਹਾਰਕ ਕੰਮਾਂ ਦਾ ਧਿਆਨ ਰੱਖਣ ਦਾ ਚੰਗਾ ਦਿਨ ਹੈ ਜੋ ਤੁਸੀਂ ਟਾਲ ਰਹੇ ਹੋ। ਤੁਸੀਂ ਬੇਚੈਨਤਾ ਮਹਿਸੂਸ ਕਰ ਸਕਦੇ ਹੋ, ਪਰ ਉਸ ਊਰਜਾ ਨੂੰ ਕੰਮ ਕਰਨ ਲਈ ਵਰਤਣਾ ਵਾਕਈ ਮਦਦਗਾਰ ਹੋ ਸਕਦਾ ਹੈ। ਇੱਕ ਸਮੇਂ 'ਤੇ ਇੱਕ ਚੀਜ਼ 'ਤੇ ਧਿਆਨ ਕੇਂਦਰਿਤ ਕਰਨ ਦੀ ਕੋਸ਼ਿਸ਼ ਕਰੋ ਅਤੇ ਆਪਣੀ ਟੂ-ਡੂ ਸੂਚੀ ਨੂੰ ਨਿਪਟਾਉਣ ਦੀ ਯੋਜਨਾ ਬਣਾਓ। ਇਸ ਨਾਲ ਤੁਹਾਨੂੰ ਹੋਰ ਜ਼ਮੀਨੀ ਅਤੇ ਨਿਯੰਤਰਿਤ ਮਹਿਸੂਸ ਕਰਨ ਵਿੱਚ ਮਦਦ ਮਿਲੇਗੀ। ਦਿਨ ਦੇ ਅੰਤ ਤੱਕ, ਤੁਸੀਂ ਸੰਭਵਤ: ਇੱਕ ਪ੍ਰਾਪਤੀ ਅਤੇ ਰਾਹਤ ਦਾ ਅਨੁਭਵ ਕਰੋਗੇ।

ਪੀਲਾ · #49

### ♌ ਸਿੰਘ — Jul 23 – Aug 22

ਸਿੰਹ ਅੱਜ ਇੱਕ ਹੋਰ ਸ਼ਾਂਤ ਭੂਮਿਕਾ ਨਿਭਾਉਂਦੇ ਹੋਏ ਪਾਏ ਜਾ ਸਕਦੇ ਹਨ, ਜੋ ਕਿ ਗਤੀ ਦਾ ਇੱਕ ਚੰਗਾ ਬਦਲਾਅ ਹੋ ਸਕਦਾ ਹੈ। ਇਸ ਨਾਲ ਉਨ੍ਹਾਂ ਨੂੰ ਆਪਣੇ ਵਿਚਾਰਾਂ ਅਤੇ ਭਾਵਨਾਵਾਂ 'ਤੇ ਧਿਆਨ ਕੇਂਦਰਿਤ ਕਰਨ ਦਾ ਮੌਕਾ ਮਿਲ ਸਕਦਾ ਹੈ, ਬਜਾਏ ਇਸ ਦੇ ਕਿ ਉਹ ਧਿਆਨ ਦਾ ਕੇਂਦਰ ਬਣਨ। ਕਿਸੇ ਨਾਲ ਇੱਕ ਚੁੱਪ ਗੱਲਬਾਤ ਇੱਕ ਨਵੀਂ ਸਮਝ ਜਾਂ ਅੰਤਦ੍ਰਿਸ਼ਟੀ ਵੱਲ ਲੈ ਜਾ ਸਕਦੀ ਹੈ। ਇਹ ਸੋਚਣ ਦਾ ਇੱਕ ਚੰਗਾ ਦਿਨ ਹੈ ਕਿ ਉਨ੍ਹਾਂ ਲਈ ਵਾਸਤਵ ਵਿੱਚ ਕੀ ਮਹੱਤਵਪੂਰਨ ਹੈ ਅਤੇ ਉਹ ਕੀ ਪ੍ਰਾਪਤ ਕਰਨਾ ਚਾਹੁੰਦੇ ਹਨ। ਕੁੱਲ ਮਿਲਾ ਕੇ, ਇਹ ਇੱਕ ਸ਼ਾਂਤ ਅਤੇ ਚਿੰਤਨਸ਼ੀਲ ਦਿਨ ਹੋਣਾ ਚਾਹੀਦਾ ਹੈ।

ਬੈਂਗਨੀ · #62

### ♍ ਕੰਨਿਆ — Aug 23 – Sep 22

ਕਨਿਆ, ਅੱਜ ਤੁਸੀਂ ਕੁਝ ਨਿਯਮਤ ਕੰਮਾਂ ਦਾ ਧਿਆਨ ਰੱਖਦੇ ਹੋਏ ਪਾਏ ਜਾ ਸਕਦੇ ਹੋ ਜੋ ਤੁਸੀਂ ਟਾਲ ਰਹੇ ਹੋ। ਇਹ ਚੰਗਾ ਵਿਚਾਰ ਹੈ ਕਿ ਇਹਨਾਂ ਚੀਜ਼ਾਂ ਨੂੰ ਪੂਰਾ ਕਰਨ ਲਈ ਤਾਂ ਜੋ ਤੁਸੀਂ ਹੋਰ ਮਹੱਤਵਪੂਰਨ ਚੀਜ਼ਾਂ 'ਤੇ ਧਿਆਨ ਕੇਂਦਰਿਤ ਕਰ ਸਕੋ। ਤੁਸੀਂ ਵਿਅਵਹਾਰਕ ਅਤੇ ਵਿਸਥਾਰ-ਉਮੀਦ ਮਾਨਸਿਕਤਾ ਵਿੱਚ ਰਹੋਗੇ, ਜੋ ਤੁਹਾਨੂੰ ਇਹਨਾਂ ਕੰਮਾਂ ਨੂੰ ਕੁਸ਼ਲਤਾ ਨਾਲ ਨਿਪਟਾਉਣ ਵਿੱਚ ਮਦਦ ਕਰੇਗਾ। ਆਪਣੀ ਟੂ-ਡੂ ਸੂਚੀ ਦੇ ਜ਼ਰੀਏ ਕੰਮ ਕਰਦੇ ਸਮੇਂ, ਵਿਵਸਥਿਤ ਰਹਿਣ ਦੀ ਕੋਸ਼ਿਸ਼ ਕਰੋ ਅਤੇ ਪੂਰਨਤਾ ਵਿੱਚ ਬਹੁਤ ਜ਼ਿਆਦਾ ਫਸਣ ਤੋਂ ਬਚੋ। ਦਿਨ ਦੇ ਅੰਤ ਤੱਕ, ਤੁਹਾਨੂੰ ਕੰਮ ਪੂਰਾ ਕਰਨ 'ਤੇ ਸੰਤੋਸ਼ ਦਾ ਅਨੁਭਵ ਹੋਵੇਗਾ।

ਲਾਲ · #75

### ♎ ਤੁਲਾ — Sep 23 – Oct 22

ਤੁਲਾ ਅੱਜ ਇੱਕ ਸਮਾਜਿਕ ਸਥਿਤੀ ਵਿੱਚ ਪਾਏ ਜਾ ਸਕਦੇ ਹਨ ਜਿੱਥੇ ਉਨ੍ਹਾਂ ਨੂੰ ਆਪਣੀਆਂ ਜ਼ਰੂਰਤਾਂ ਅਤੇ ਦੂਜਿਆਂ ਦੀਆਂ ਜ਼ਰੂਰਤਾਂ ਦੇ ਵਿਚਕਾਰ ਸੰਤੁਲਨ ਬਣਾਉਣਾ ਪੈ ਸਕਦਾ ਹੈ। ਇਸ ਵਿੱਚ ਇੱਕ ਸਮਝੌਤਾ ਕਰਨਾ ਜਾਂ ਇੱਕ ਮੱਧ ਰਸਤਾ ਲੱਭਣਾ ਸ਼ਾਮਲ ਹੋ ਸਕਦਾ ਹੈ ਜੋ ਸਾਰੇ ਲਈ ਕੰਮ ਕਰਦਾ ਹੈ। ਇਹ ਸੁਣਨਾ ਚੰਗਾ ਵਿਚਾਰ ਹੈ ਕਿ ਦੂਜੇ ਕੀ ਕਹਿ ਰਹੇ ਹਨ ਅਤੇ ਉਨ੍ਹਾਂ ਦੇ ਨਜ਼ਰੀਏ ਨੂੰ ਸਮਝਣ ਦੀ ਕੋਸ਼ਿਸ਼ ਕਰੋ। ਇਸ ਤਰ੍ਹਾਂ ਕਰਨ ਨਾਲ, ਤੁਲਾ ਮਜ਼ਬੂਤ ਰਿਸ਼ਤੇ ਬਣਾ ਸਕਦੇ ਹਨ ਅਤੇ ਕਿਸੇ ਵੀ ਸੰਭਾਵਿਤ ਟਕਰਾਅ ਨੂੰ ਹੱਲ ਕਰ ਸਕਦੇ ਹਨ। ਕੁੱਲ ਮਿਲਾ ਕੇ, ਇਹ ਇੱਕ ਸੰਬੰਧਿਤ ਤੌਰ 'ਤੇ ਸ਼ਾਂਤ ਅਤੇ ਸ਼ਾਂਤ ਦਿਨ ਹੋਣਾ ਚਾਹੀਦਾ ਹੈ।

ਨੀਲਾ · #88

### ♏ ਬ੍ਰਿਸ਼ਚਕ — Oct 23 – Nov 21

ਵ੍ਰਿਸ਼ਚਿਕ ਅੱਜ ਆਪਣੇ ਰਿਸ਼ਤਿਆਂ ਬਾਰੇ ਗਹਿਰਾਈ ਨਾਲ ਸੋਚਦੇ ਹੋਏ ਪਾਏ ਜਾ ਸਕਦੇ ਹਨ ਅਤੇ ਇਹ ਉਨ੍ਹਾਂ ਦੇ ਜੀਵਨ ਨੂੰ ਕਿਵੇਂ ਪ੍ਰਭਾਵਿਤ ਕਰਦੇ ਹਨ। ਇਹ ਸੋਚਣ ਦਾ ਇੱਕ ਚੰਗਾ ਸਮਾਂ ਹੈ ਕਿ ਕੀ ਕੰਮ ਕਰ ਰਿਹਾ ਹੈ ਅਤੇ ਕੀ ਨਹੀਂ, ਅਤੇ ਕੁਝ ਬਦਲਾਅ ਕਰਨ 'ਤੇ ਵਿਚਾਰ ਕਰਨਾ। ਇਸ ਵਿੱਚ ਕੁਝ ਮੁਸ਼ਕਲ ਗੱਲਬਾਤ ਕਰਨਾ ਜਾਂ ਨਵੀਆਂ ਸੀਮਾਵਾਂ ਸੈੱਟ ਕਰਨਾ ਸ਼ਾਮਲ ਹੋ ਸਕਦਾ ਹੈ। ਆਪਣੇ ਆਪ ਨਾਲ ਅਤੇ ਦੂਜਿਆਂ ਨਾਲ ਇਮਾਨਦਾਰੀ ਰੱਖ ਕੇ, ਵ੍ਰਿਸ਼ਚਿਕ ਹੋਰ ਸੰਤੋਸ਼ਜਨਕ ਸੰਬੰਧ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰ ਸਕਦੇ ਹਨ। ਇਹ ਪ੍ਰਕਿਰਿਆ ਕੁਝ ਸਮਾਂ ਲੈ ਸਕਦੀ ਹੈ, ਪਰ ਇਹ ਸਹੀ ਦਿਸ਼ਾ ਵਿੱਚ ਇੱਕ ਕਦਮ ਹੈ।

ਚਾਂਦੀ · #2

### ♐ ਧਨੁ — Nov 22 – Dec 21

ਧਨੁ ਅੱਜ ਚੀਜ਼ਾਂ ਨੂੰ ਕੁਝ ਸੁਸਤ ਮਹਿਸੂਸ ਕਰ ਸਕਦੇ ਹਨ, ਵੱਡੇ ਪ੍ਰੋਜੈਕਟਾਂ ਨੂੰ ਸੰਭਾਲਣ ਲਈ ਪ੍ਰੇਰਣਾ ਜਾਂ ਊਰਜਾ ਦੀ ਕਮੀ ਨਾਲ। ਇਹ ਛੋਟੇ ਕੰਮਾਂ 'ਤੇ ਧਿਆਨ ਕੇਂਦਰਿਤ ਕਰਨ ਅਤੇ ਨਿਯਮਤ ਕੰਮਾਂ ਦਾ ਧਿਆਨ ਰੱਖਣ ਦਾ ਇੱਕ ਚੰਗਾ ਦਿਨ ਹੈ। ਤੁਸੀਂ ਇਹ ਵੀ ਮਹਿਸੂਸ ਕਰ ਸਕਦੇ ਹੋ ਕਿ ਤੁਸੀਂ ਆਮ ਤੋਂ ਵੱਧ ਅੰਤਮੁੱਖੀ ਹੋ, ਇਕੱਲੇ ਜਾਂ ਨੇੜੇ ਦੇ ਪਰਿਵਾਰ ਅਤੇ ਦੋਸਤਾਂ ਨਾਲ ਸਮਾਂ ਬਿਤਾਉਣਾ ਪਸੰਦ ਕਰਦੇ ਹੋ। ਇਹ ਇੱਕ ਅਸਥਾਈ ਪੜਾਅ ਹੈ, ਅਤੇ ਤੁਹਾਡੀ ਆਮ ਉਤਸ਼ਾਹ ਜਲਦੀ ਹੀ ਵਾਪਸ ਆਵੇਗੀ। ਅਜੇ ਆਰਾਮ ਕਰੋ ਅਤੇ ਹੁਣ ਲਈ ਪ੍ਰਵਾਹ ਦੇ ਨਾਲ ਜਾਓ।

ਹਰਾ · #15

### ♑ ਮਕਰ — Dec 22 – Jan 19

ਮਕਰ ਅੱਜ ਚੀਜ਼ਾਂ ਕਾਫੀ ਵਿਅਸਤ ਰਹਿਣ ਦੀ ਸੰਭਾਵਨਾ ਹੈ, ਵੱਖ-ਵੱਖ ਕੰਮਾਂ ਅਤੇ ਜ਼ਿੰਮੇਵਾਰੀਆਂ ਦੇ ਲਈ ਧਿਆਨ ਖਿੱਚਣ ਲਈ। ਪ੍ਰਾਥਮਿਕਤਾ ਦੇਣਾ ਅਤੇ ਸਭ ਤੋਂ ਮਹੱਤਵਪੂਰਨ ਚੀਜ਼ਾਂ 'ਤੇ ਪਹਿਲਾਂ ਧਿਆਨ ਕੇਂਦਰਿਤ ਕਰਨਾ ਇੱਕ ਚੰਗਾ ਵਿਚਾਰ ਹੈ, ਤਾਂ ਜੋ ਟਰੈਕ 'ਤੇ ਰਹਿਣ ਅਤੇ ਅਭਿਭਾਵਿਤ ਮਹਿਸੂਸ ਨਾ ਕਰਨ। ਕੁਝ ਮਕਰ ਇੱਕ ਮੁਸ਼ਕਲ ਫੈਸਲਾ ਜਾਂ ਜਟਿਲ ਸਥਿਤੀ ਦਾ ਸਾਹਮਣਾ ਕਰ ਸਕਦੇ ਹਨ, ਅਤੇ ਚੀਜ਼ਾਂ 'ਤੇ ਵਿਚਾਰ ਕਰਨ ਲਈ ਕੁਝ ਸਮਾਂ ਲੈਣਾ ਠੀਕ ਹੈ। ਕੁੱਲ ਮਿਲਾ ਕੇ, ਇਹ ਇੱਕ ਦਿਨ ਹੈ ਜਦੋਂ ਤੁਹਾਨੂੰ ਜ਼ਮੀਨੀ ਅਤੇ ਵਿਅਵਹਾਰਕ ਰਹਿਣਾ ਹੈ, ਅਤੇ ਆਪਣੇ ਕੰਮਾਂ ਨੂੰ ਪੂਰਾ ਕਰਨ ਦੀ ਆਪਣੀ ਸਮਰੱਥਾ 'ਤੇ ਭਰੋਸਾ ਕਰਨਾ ਹੈ। ਕੁਝ ਧੀਰਜ ਅਤੇ ਮਿਹਨਤ ਨਾਲ, ਮਕਰ ਸਥਿਰ ਪ੍ਰਗਤੀ ਕਰ ਸਕਦੇ ਹਨ ਅਤੇ ਆਪਣੇ ਲਕਸ਼ਾਂ ਨੂੰ ਪ੍ਰਾਪਤ ਕਰ ਸਕਦੇ ਹਨ।

ਗੁਲਾਬੀ · #28

### ♒ ਕੁੰਭ — Jan 20 – Feb 18

ਕੁੰਭ ਅੱਜ ਚੀਜ਼ਾਂ ਨੂੰ ਕਾਫੀ ਸ਼ਾਂਤ ਮਹਿਸੂਸ ਕਰ ਸਕਦੇ ਹਨ, ਕਿਸੇ ਵੀ ਵੱਡੇ ਘਟਨਾ ਜਾਂ ਬਦਲਾਅ ਦੇ ਬਿਨਾਂ। ਇਹ ਕੁਝ ਨਿਯਮਤ ਕੰਮਾਂ ਜਾਂ ਕੰਮਾਂ ਨੂੰ ਪੂਰਾ ਕਰਨ ਦਾ ਇੱਕ ਚੰਗਾ ਮੌਕਾ ਹੋ ਸਕਦਾ ਹੈ ਜੋ ਟਾਲੇ ਗਏ ਹਨ। ਇਹ ਭਵਿੱਖ ਬਾਰੇ ਸੋਚਣ ਅਤੇ ਕੁਝ ਯੋਜਨਾਵਾਂ ਬਣਾਉਣ ਦਾ ਵੀ ਇੱਕ ਚੰਗਾ ਦਿਨ ਹੈ, ਪਰ ਹੁਣ ਕਾਰਵਾਈ ਕਰਨ ਦਾ ਸਭ ਤੋਂ ਵਧੀਆ ਸਮਾਂ ਨਹੀਂ ਹੈ। ਅਜੇ ਲਈ, ਸਿਰਫ ਸਭ ਕੁਝ ਠੀਕ ਕਰਨ 'ਤੇ ਧਿਆਨ ਕੇਂਦਰਿਤ ਕਰੋ ਅਤੇ ਸਹੀ ਸਮੇਂ ਦੀ ਉਡੀਕ ਕਰੋ। ਕੁੱਲ ਮਿਲਾ ਕੇ, ਇਹ ਇੱਕ ਸ਼ਾਂਤ ਅਤੇ ਨਿਰਸ ਦਿਨ ਹੋਣਾ ਚਾਹੀਦਾ ਹੈ।

ਨਾਰੰਗੀ · #41

### ♓ ਮੀਨ — Feb 19 – Mar 20

ਮੀਨ, ਅੱਜ ਤੁਸੀਂ ਥੋੜ੍ਹਾ ਬੇਚੈਨ ਅਤੇ ਇਹ ਯਕੀਨੀ ਨਹੀਂ ਮਹਿਸੂਸ ਕਰ ਸਕਦੇ ਕਿ ਤੁਸੀਂ ਕੀ ਕਰਨਾ ਚਾਹੁੰਦੇ ਹੋ। ਤੁਹਾਡੇ ਦਿਮਾਗ ਵਿੱਚ ਬਹੁਤ ਸਾਰੇ ਵੱਖ-ਵੱਖ ਵਿਚਾਰ ਗੂੰਜ ਰਹੇ ਹਨ, ਅਤੇ ਇੱਕ 'ਤੇ ਟਿਕਣਾ ਮੁਸ਼ਕਲ ਹੈ। ਚੀਜ਼ਾਂ 'ਤੇ ਵਿਚਾਰ ਕਰਨ ਲਈ ਕੁਝ ਸਮਾਂ ਲਓ ਅਤੇ ਆਪਣੇ ਅੰਦਰੂਨੀ ਅਨੁਭਵ 'ਤੇ ਭਰੋਸਾ ਕਰੋ। ਤੁਹਾਨੂੰ ਹੈਰਾਨੀ ਹੋ ਸਕਦੀ ਹੈ ਕਿ ਜਦੋਂ ਤੁਸੀਂ ਇੱਕ ਕਦਮ ਪਿੱਛੇ ਹਟਦੇ ਹੋ ਅਤੇ ਵੱਡੇ ਚਿੱਤਰ ਨੂੰ ਦੇਖਦੇ ਹੋ ਤਾਂ ਚੀਜ਼ਾਂ ਕਿੰਨੀ ਸਪਸ਼ਟ ਹੋ ਜਾਂਦੀਆਂ ਹਨ। ਸ਼ਾਮ ਤੱਕ, ਤੁਹਾਡੇ ਕੋਲ ਇੱਕ ਬਿਹਤਰ ਦਿਸ਼ਾ ਦੀ ਭਾਵਨਾ ਹੋਵੇਗੀ ਅਤੇ ਅੱਗੇ ਵਧਣ ਲਈ ਤਿਆਰ ਹੋਵੋਗੇ।

ਇੰਡਿਗੋ · #54

ਇਸ਼ਤਿਹਾਰ

Paigam-E-Jagat

Your advertisement here

2 ਕਾਲਮ × 9 cm